ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 16 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, 4 ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵੀ 16 ਫਰਵਰੀ ਤੱਕ ਇੰਟਰਨੈੱਟ ਸੇਵਾਵਾਂ ਬੰਦ, ਸੰਸਦ ਮੈਂਬਰ ਦੀ ਕੇਂਦਰ ਸਰਕਾਰ ਨੂੰ ਚੇਤਾਵਨੀ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਕਿਸਾਨ ਅੰਦੋਲਨ ਦੌਰਾਨ ਪੰਜਾਬ ਵਿੱਚ ਵੀ 16 ਫਰਵਰੀ ਤੱਕ ਇੰਟਰਨੈੱਟ ਸੇਵਾਵਾਂ ਬੰਦ ਰੱਖਣ ਦੇ ਹੁਕਮ ਜਾਰੀ ਕੀਤੇ ਗਏ ਹਨ। ਇਨ੍ਹਾਂ ਹੁਕਮਾਂ ਦੀ ਕਾਪੀ ਫਤਹਿਗੜ੍ਹ ਸਾਹਿਬ ਦੇ ਸੰਸਦ ਮੈਂਬਰ ਡਾ: ਅਮਰ ਸਿੰਘ ਨੇ ਬੁੱਧਵਾਰ ਨੂੰ ਜਨਤਕ ਕੀਤੀ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਇਸ ਫੈਸਲੇ ਦਾ ਵਿਰੋਧ ਕਰਦਿਆਂ ਰੋਸ ਭਾਰਤ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਵਿੱਚ ਇੰਟਰਨੈੱਟ ਸੇਵਾਵਾਂ ਤੁਰੰਤ ਬਹਾਲ ਕੀਤੀਆਂ ਜਾਣ। ਸੰਸਦ ਮੈਂਬਰ ਡਾ. ਅਮਰ ਸਿੰਘ ਨੇ ਦੱਸਿਆ ਕਿ 13 ਫਰਵਰੀ ਨੂੰ ਜਦੋਂ ਕਿਸਾਨ ਫਤਹਿਗੜ੍ਹ ਸਾਹਿਬ ਤੋਂ ਹਰਿਆਣਾ ਵੱਲ ਮਾਰਚ ਕਰ ਰਹੇ ਸਨ ਤਾਂ ਉਨ੍ਹਾਂ ਨੂੰ ਫਤਿਹਗੜ੍ਹ ਸਾਹਿਬ ਤੋਂ ਕੁਝ ਲੋਕਾਂ ਦੇ ਫੋਨ ਆਏ ਕਿ ਇੰਟਰਨੈੱਟ ਬੰਦ ਹੈ। ਕਈ ਥਾਵਾਂ 'ਤੇ ਇੰਟਰਨੈੱਟ ਸੇਵਾਵਾਂ ਬੰਦ ਸਨ ਤੇ ਕਈ ਥਾਵਾਂ 'ਤੇ ਇੰਟਰਨੈੱਟ ਚੱਲ ਰਿਹਾ ਸੀ। ਇਸ ਕਾਰਨ ਉਨ੍ਹਾਂ ਨੇ ਸੋਚਿਆ ਕਿ ਕੋਈ ਤਕਨੀਕੀ ਸਮੱਸਿਆ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਬੁੱਧਵਾਰ ਤੱਕ ਇੰਟਰਨੈੱਟ ਸੇਵਾਵਾਂ ਬਹਾਲ ਨਾ ਹੋਈਆਂ ਤਾਂ ਉਨ੍ਹਾਂ ਕੇਂਦਰ ਸਰਕਾਰ ਦੇ ਸਬੰਧਤ ਵਿਭਾਗ ਨਾਲ ਸੰਪਰਕ ਕੀਤਾ। ਉਥੋਂ ਪਤਾ ਲੱਗਾ ਕਿ ਪੰਜਾਬ ਦੇ ਫਤਿਹਗੜ੍ਹ ਸਾਹਿਬ, ਪਟਿਆਲਾ ਤੇ ਸੰਗਰੂਰ ਦੇ ਕਈ ਇਲਾਕਿਆਂ ਵਿੱਚ 12 ਫਰਵਰੀ ਦੀ ਰਾਤ ਤੋਂ 16 ਫਰਵਰੀ ਦੀ ਰਾਤ ਤੱਕ ਇੰਟਰਨੈੱਟ ਸੇਵਾਵਾਂ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਗਏ ਹਨ। ਸੰਸਦ ਮੈਂਬਰ ਡਾ: ਅਮਰ ਸਿੰਘ ਨੇ ਭਾਰਤ ਸਰਕਾਰ ਤੋਂ ਮੰਗ ਕੀਤੀ ਕਿ ਪੰਜਾਬ ਵਿੱਚ ਇੰਟਰਨੈੱਟ ਸੇਵਾਵਾਂ ਨੂੰ ਪੂਰੀ ਤਰ੍ਹਾਂ ਬੰਦ ਨਾ ਕੀਤਾ ਜਾਵੇ।

## ਹਰਿਆਣਾ ਦੇ ਗੁਰੂਘਰ 'ਚ ਰੁਕੀ ਪੁਲਿਸ ਵੱਲੋਂ 'ਬੇਅਦਬੀ'

# ਸ਼ਰਾਬ ਸਮੇਤ ਇਤਰਾਜ਼ਯੋਗ ਸਮੱਗਰੀ ਬਰਾਮਦ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਇੱਕ ਪਾਸੇ ਕੇਂਦਰ ਸਰਕਾਰ ਦੇ ਖ਼ਿਲਾਫ਼ ਕਿਸਾਨਾਂ ਵੱਲੋਂ ਅੰਦੋਲਨ ਵਿੱਢਿਆ ਗਿਆ ਹੈ। ਉੱਥੇ ਹੀ ਦੂਜੇ ਪਾਸੇ ਹਰਿਆਣਾ ਦੇ ਗੁਰੂਘਰਾਂ ਵਿੱਚ ਪੁਲਿਸ ਮੁਲਾਜ਼ਮਾਂ ਵੱਲੋਂ ਬੇਅਦਬੀ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ ਜਿਸ ਤੋਂ ਬਾਅਦ ਸਿੱਖ ਸੰਗਤ ਦੇ ਮਨਾਂ ਵਿੱਚ ਰੋਹ ਪਾਇਆ ਜਾ ਰਿਹਾ ਹੈ। ਦਰਅਸਲ, ਡਿਊਟੀ ਤੇ ਤਾਇਨਾਤ ਪੁਲਿਸ ਮੁਲਾਜ਼ਮ ਤੇ ਹੋਰ ਅਧਿਕਾਰੀਆਂ ਨੂੰ ਹਰਿਆਣਾ ਦੇ ਗੁਰਦੁਆਰਾ ਸਾਹਿਬਾਨ 'ਚ ਠਹਿਰਿਆ ਗਿਆ ਹੈ। ਜਦੋਂ ਸੰਗਤ ਨੂੰ ਜਾਣਕਾਰੀ ਮਿਲੀ ਤਾਂ ਉਨ੍ਹਾਂ ਨੇ ਗੁਰਦੁਆਰਾ ਪੰਜੋਖੜਾ ਸਾਹਿਬ ਜਾ ਕੇ ਤਲਾਸ਼ੀ ਲਈ ਤਾਂ ਮੌਕੇ ਤੋਂ ਨਸ਼ੀਲੀਆਂ ਵਸਤੂਆਂ, ਸ਼ਰਾਬ ਦੀਆਂ ਬੋਤਲਾਂ 'ਤੇ ਹੋਰ ਇਤਰਾਜ਼ਯੋਗ ਵਸਤੂਆਂ ਦੀ ਬਰਾਮਦੀ ਹੋਈ। ਇਸ ਤੋਂ ਬਾਅਦ ਪੁਲਿਸ ਮੁਲਾਜ਼ਮ ਮੌਕੇ ਤੋਂ ਭੱਜਦੇ ਨਜ਼ਰ ਆਏ। ਇਸ ਮੌਕੇ ਸੰਗਤ ਨੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਇਲਜ਼ਾਮ ਲਗਾਏ ਹਨ ਕਿ ਬੀਜੇਪੀ ਸਰਕਾਰ ਦੇ ਕਹਿਣ ਤੇ ਹਰਿਆਣਾ ਕਮੇਟੀ ਵੱਲੋਂ ਇਹ ਸਭ ਕੀਤਾ ਜਾ ਰਿਹਾ ਹੈ ਤੇ ਮਰਿਆਦਾ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ' ਇਸ ਬਾਬਤ ਜਥੇਦਾਰ



ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਪਿਛਲੇ ਕਿਸਾਨ ਅੰਦੋਲਨ ਮੌਕੇ ਸ੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਹਰਿਆਣਾ ਦੇ ਗੁਰਦਵਾਰਾ ਸਾਹਿਬਾਨ ਤੋਂ ਕਿਸਾਨ ਅੰਦੋਲਨ 'ਚ ਲੰਗਰ ਤੇ ਹੋਰ ਸਾਜੋ ਸਮਾਨ ਮੁਹੱਈਆ ਕਰਵਾਇਆ ਗਿਆ। ਕਿਉਂਕਿ ਗੁਰਦੁਵਾਰਾ ਸਾਹਿਬਾਨ ਸਿੱਖ ਸ਼ਕਤੀ ਦਾ ਸਰੋਤ ਹਨ। ਉਸ ਤੋਂ ਬਾਅਦ ਹਰਿਆਣਾ ਸਰਕਾਰ ਨੇ ਅਪਣੀ ਵੱਖਰੀ ਕਮੇਟੀ ਬਣਾ ਕੇ ਬਿਨਾ ਗੁਰਦਵਾਰਾ ਐਕਟ 1925 ਵਿਚ ਤਰਮੀਮ ਕਰਵਾਇਆਂ ਗੈਰ ਕਨੂੰਨੀ ਤੌਰ ਤੇ ਪੁਲਸ ਦੀ ਸਹਾਇਤਾ ਨਾਲ ਗੁਰਦਵਾਰਾ ਸਾਹਿਬਾਨ ਦਾ ਪ੍ਰਬੰਧ ਸ੍ਰੋਮਣੀ ਕਮੇਟੀ ਪਾਸੋਂ ਖੋਹ ਲਿਆ। ਕੁੱਝ ਅਖੌਤੀ ਪੰਥਕਾਂ ਨੇ ਇਸ ਤੇ ਹਰਿਆਣਾ ਸਰਕਾਰ ਦੀ ਇਸ ਕਾਰਵਾਈ ਦੀ ਖ਼ੁਸ਼ੀ ਮਨਾਈ ਤੇ ਕਈਆਂ ਨੇ ਮੌਨ ਧਾਰ ਲਈ। ਨਤੀਜਾ ਅੱਜ ਹਰਿਆਣਾ ਦੇ ਉਨਾਂ ਗੁਰਦਵਾਰਿਆਂ ਚ ਕਿਸਾਨਾ ਦੀ ਬਜਾਏ ਹਰਿਆਣੇ ਦੀ ਪੁਲੀਸ ਨੂੰ ਰਿਹਾਇਸ਼ ਤੇ ਲੰਗਰ ਮਿਲ ਰਿਹਾ ਹੈ ਤੇ ਇਨਾਂ ਪਾਸੋਂ ਸਿੱਖ ਧਰਮ ਵਿਰੋਧੀ ਵਸਤੂਆਂ ਵੀ ਸਿੱਖ ਨੌਜਵਾਨਾਂ ਨੇ ਬਰਾਮਦ ਕੀਤੀਆਂ ਹਨ। ਇਸ ਤੋਂ ਵੱਧ ਸ਼ਰਮਨਾਕ ਗੱਲ ਹੋਰ ਕੀ ਹੋ ਸਕਦੀ ਹੈ।

## ਕਿਸਾਨਾਂ ਦੇ ਜੋਸ਼ ਤੋਂ 'ਘਬਰਾਈ' ਦਿੱਲੀ ! 30,000 ਅੱਥਰੂ ਗੈਸ ਦੇ ਗੋਲਿਆਂ ਦਾ ਦਿੱਤਾ ਆਰਡਰ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਆਪਣੀਆਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨ ਕਰਨ ਲਈ ਦਿੱਲੀ ਜਾ ਰਹੇ ਕਿਸਾਨਾਂ ਨੂੰ ਪਿਛਲੇ ਦੋ ਦਿਨਾਂ ਤੋਂ ਹਰਿਆਣਾ ਦੀਆਂ ਸਰਹੱਦਾਂ ਉੱਤੇ ਰੋਕਿਆ ਗਿਆ ਹੈ ਜਿੱਥੇ ਉਨ੍ਹਾਂ ਉੱਤੇ ਧੜਾਧੜ ਅੱਥਰੂ ਗੈਸ ਦੇ ਗੋਲੇ ਛੱਡੇ ਜਾ ਰਹੇ ਹਨ ਤਾਂ ਕਿ ਕਿਸਾਨ ਦਿੱਲੀ ਤਾਂ ਕੀ ਹਰਿਆਣਾ ਵਿੱਚ ਵੀ ਦਾਖਲ ਨਾ ਹੋ ਸਕਣ ਪਰ ਕਿਸਾਨਾਂ ਦਾ ਜੋਸ਼ ਦੇਖਦਾ ਇੰਝ ਲੱਗਦਾ ਹੈ ਕਿ 200 ਕਿਲੋਮੀਟਰ ਦੂਰ ਬੈਠੀ ਦਿੱਲੀ ਪੁਲਿਸ ਵੀ 'ਘਬਰਾਅ' ਗਈ ਹੈ ਕਿਉਂਕਿ ਪੁਲਿਸ ਨੇ 30 ਹਜ਼ਾਰ ਅੱਥਰੂ ਗੈਸ ਦੇ ਗੋਲਿਆਂ ਦਾ ਆਰਡਰ ਦਿੱਤਾ ਹੈ। ਇੱਕ ਅਧਿਕਾਰੀ ਨੇ ਕਿਹਾ ਕਿ ਤਿਆਰੀ ਦੇ ਤਹਿਤ ਦਿੱਲੀ ਪੁਲਿਸ ਨੇ ਪਹਿਲਾਂ ਹੀ ਵੱਡੀ ਗਿਣਤੀ ਵਿੱਚ ਅੱਥਰੂ ਗੈਸ ਦੇ ਗੋਲੇ ਜਮ੍ਹਾ ਕਰਕੇ ਸ਼ੁਰੂ ਕਰ ਦਿੱਤੇ ਹਨ। ਇਸ ਤੋਂ ਇਲਾਵਾ ਬੀਐਸਐਫ ਨੂੰ 30,000 ਗੋਲਿਆਂ ਦਾ ਆਰਡਰ ਦਿੱਤਾ ਹੈ। ਇਹ ਆਰਡਰ ਗਵਾਲੀਅਰ ਤੋਂ ਦਿੱਲੀ ਲਿਆਂਦਾ ਜਾ ਰਿਹਾ ਹੈ। ਜ਼ਿਕਰ ਕਰ ਦਈਏ ਕਿ ਅੱਥਰੂ ਗੈਸ ਦਾ ਗੋਲਾ ਦੰਗਾ ਵਿਰੋਧੀ ਸਾਧਨ ਹੈ ਜਿਸ ਦੀ ਵਰਤੋਂ ਭੀੜ ਨੂੰ ਤਿੱਤਰ-ਬਿੱਤਰ ਕਰਨ ਲਈ ਕੀਤੀ ਜਾਂਦੀ ਹੈ। ਇਸ ਗੈਸ ਦੀ ਵਰਤੋਂ ਨਾਲ ਅੱਖਾਂ ਵਿੱਚ ਜਲਣ ਮਹਿਸੂਸ ਹੁੰਦੀ ਹੈ ਤੇ ਹੰਝੂ ਆਉਣ ਲੱਗ ਜਾਂਦੇ ਹਨ। ਅਧਿਕਾਰੀ ਨੇ ਕਿਹਾ ਕਿ ਸਤੰਬਰ 2023 ਵਿੱਚ ਜੀ-20 ਸਿਖਰ ਸੰਮੇਲਨ ਤੋਂ ਪਹਿਲਾਂ ਅੱਥਰੂ ਗੈਸ ਦੇ ਗੋਲਿਆਂ ਦਾ ਸਟਾਕ ਆਰਡਰ ਕੀਤਾ ਗਿਆ ਸੀ ਪਰ ਹੁਣ ਕਿਸਾਨਾਂ ਦੇ ਅੰਦੋਲਨ ਕਰਕੇ ਨਵਾਂ ਆਰਡਰ ਦਿੱਤਾ ਗਿਆ ਹੈ। ਜ਼ਿਕਰ ਕਰ ਦਈਏ ਕਿ ਅੱਥਰੂ ਗੈਸ ਦੇ ਗੋਲੇ ਦੀ ਉਮਰ ਤਿੰਨ ਸਾਲ ਹੁੰਦੀ ਹੈ ਜਿਸ ਤੋਂ ਬਾਅਦ ਉਸ ਦਾ ਅਸਰ ਹੌਲੀ-ਹੌਲੀ ਘਟਣਾ ਸ਼ੁਰੂ ਹੋ ਜਾਂਦਾ ਹੈ ਪਰ ਸੁਰੱਖਿਆ ਕਰਮਚਾਰੀ ਇਸ ਦੀ ਵਰਤੋਂ ਆਪਣੀ ਟਰੇਨਿੰਗ ਲਈ ਸੱਤ ਸਾਲ ਤੱਕ ਵਰਤੋਂ ਕਰ ਸਕਦੇ ਹਨ। ਅਧਿਕਾਰੀ ਨੇ ਦੱਸਿਆ ਕਿ ਸਟਾਕ ਮਿਲਣ ਤੋਂ ਬਾਅਦ ਇਸ ਨੂੰ ਜਿਲ੍ਹਾ ਪੁਲਿਸ ਤੇ ਦੂਜੀਆਂ ਇਕਾਈਆਂ ਨੂੰ ਵੰਡਿਆ ਜਾਵੇਗਾ ਤਾਂ ਕਿ ਕਿਸਾਨਾਂ ਨੂੰ ਦਿੱਲੀ ਦਾਖ਼ਲ ਹੋਣ ਤੋਂ ਰੋਕਿਆ ਜਾਵੇ। ਜ਼ਿਕਰ ਕਰ ਦਈਏ ਕਿ ਦਿੱਲੀ ਪੁਲਿਸ ਨੇ ਸਿੰਘੂ, ਟਿੱਕਰੀ ਤੇ ਗਾਜ਼ੀਪੁਰ ਸਰਹੱਦਾਂ ਉੱਤੇ ਕਿਸਾਨਾਂ ਨੂੰ ਰੋਕਣ ਲਈ ਇੰਤਜ਼ਾਮ ਕੀਤੇ ਗਏ ਹਨ। ਇਨ੍ਹਾਂ ਸਰਹੱਦਾਂ ਉੱਤੇ ਕਿਸਾਨਾਂ ਨੂੰ ਰੋਕਣ ਲਈ ਸਰਕਾਰ ਵੱਲੋਂ ਪੁਖ਼ਤਾ ਇੰਤਜ਼ਾਮ ਕੀਤੇ ਗਏ ਹਨ।

## ਸ਼ੰਭੂ ਬਾਰਡਰ 'ਤੇ ਡਟੀਆਂ ਕਿਸਾਨ ਬੀਬੀਆਂ, ਕਿਹਾ- ਦੇਗਾਂ-ਤੇਗਾਂ ਦੇ ਵਾਰਿਸ ਹਾਂ, ਡਰਨ ਵਾਲੇ ਨਹੀਂ

**ਅੰਬਾਲਾ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ ਦਾ ਅੱਜ ਤੀਜਾ ਦਿਨ ਹੈ। ਸ਼ੰਭੂ ਬਾਰਡਰ 'ਤੇ ਕਿਸਾਨਾਂ ਦਾ ਵੱਡਾ ਇਕੱਠ ਹੈ। ਪੁਲਸ ਵਲੋਂ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਣ ਲਈ ਬੈਰੀਕੇਡਜ਼ ਲਾਏ ਗਏ ਹਨ ਅਤੇ ਇਸ ਦੇ ਨਾਲ ਹੀ ਹੰਝੂ ਗੈਸ ਦੇ ਗੋਲੇ ਵੀ ਦਾਗੇ ਜਾ ਰਹੇ ਹਨ। ਕਿਸਾਨ ਅੰਦੋਲਨ ਦਰਮਿਆਨ ਹੁਣ ਕਿਸਾਨ ਬੀਬੀਆਂ ਵੀ ਬਾਰਡਰ 'ਤੇ ਡਟ ਗਈਆਂ ਹਨ। ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ



ਕਿਸਾਨ ਬੀਬੀਆਂ ਇੱਥੇ ਡਟੀਆਂ ਹੋਈਆਂ ਹਨ। ਕਿਸਾਨ ਬੀਬੀਆਂ ਦਾ ਕਹਿਣਾ ਹੈ ਕਿ ਜਦੋਂ ਤੱਕ ਮੰਗਾਂ ਨਹੀਂ ਮੰਨੀਆਂ ਜਾਂਦੀਆਂ, ਉਹ ਕਿਸਾਨਾਂ ਨਾਲ ਡਟੀਆਂ ਰਹਿਣਗੀਆਂ। ਕਿਸਾਨ ਬੀਬੀਆਂ ਨੇ ਕਿਹਾ ਕਿ ਅਸੀਂ ਦੇਗਾਂ-ਤੇਗਾਂ ਦੇ ਵਾਰਿਸ ਹਾਂ, ਡਰਨ ਵਾਲੇ ਨਹੀਂ ਹਾਂ। ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਦਾ ਧੰਨਵਾਦ ਕਰਦੇ ਹਾਂ, ਜਿਨ੍ਹਾਂ ਨੇ ਮੰਨਿਆ ਕਿ ਅਸੀਂ ਸ਼ਾਂਤੀਪੂਰਨ ਸੀ ਅਤੇ ਸ਼ਾਂਤੀਪੂਰਨ ਪ੍ਰਦਰਸ਼ਨ ਅੱਗੇ ਜਾ ਕੇ ਕਰ ਸਕਦੇ ਹਾਂ। ਜੇਕਰ MSP ਦੀ ਮੰਗ, ਲਖੀਮਪੁਰ ਖੀਰੀ ਪੀੜਤਾਂ ਨੂੰ ਨਿਆਂ, ਕਿਸਾਨਾਂ ਦੀ ਕਰਜ਼ਾ ਮੁਆਫ਼ੀ ਜਾਂ ਪੈਨਸ਼ਨ ਦੀ ਮੰਗ ਪੂਰੀ ਹੁੰਦੀ ਹੈ ਤਾਂ ਅਸੀਂ ਪਿੱਛੇ ਮੁੜਾਂਗੇ, ਜੇ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਤਾਂ ਅਸੀਂ ਅੱਗੇ ਜਾਵਾਂਗੇ। ਇਕ ਕਿਸਾਨ ਬੀਬੀ ਸਰਕਾਰ ਨੂੰ ਵੰਗਾਰਦਿਆਂ ਕਿਹਾ ਕਿ ਬੀਜ ਬੀਜ ਕੇ ਪੈਦਾ ਅੰਨ ਕਰੀਏ, ਅਸੀਂ ਲੰਗਰ ਛਕਾਉਣਾ ਜਾਣਦੇ ਹਾਂ। ਸਮਝੀ ਨਾ ਕੱਲੇ ਖਾਲ ਘੜ ਦੇ, ਅਸੀਂ ਖੂੰਡਾ ਖੜਕਾਉਣਾ ਜਾਣਦੇ ਆ। ਸਰਕਾਰ ਜਿੰਨਾ ਵੀ ਪ੍ਰਬੰਧ ਕਰ ਲਵੇ ਪਰ ਅਸੀਂ ਡਰਨ ਵਾਲੇ ਨਹੀਂ। ਜੇਕਰ ਮੰਗਾਂ ਨਹੀਂ ਮੰਨੀਆਂ ਗਈਆਂ ਤਾਂ ਅੱਗੇ ਜ਼ਰੂਰ ਜਾਵਾਂਗੇ। ਕਿਸਾਨ ਬੀਬੀ ਨੇ ਇਹ ਵੀ ਕਿਹਾ ਕਿ ਸਰਕਾਰ 'ਚ ਬੌਖਲਾਹਟ ਵੀ ਹੈ। ਇੰਨੀ ਬੌਖਲਾਹਟ ਹੈ ਕਿ ਇੱਥੇ ਹਿੰਦੋਸਤਾਨ ਤੇ ਪਾਕਿਸਤਾਨ ਦਾ ਉਨ੍ਹਾਂ ਨੇ ਬਾਰਡਰ ਬਣਾਇਆ ਹੋਇਆ ਹੈ। ਸਾਡੇ ਕੋਲ ਕਿਹੜਾ ਗੋਲਾ-ਬਾਰੂਦ ਸੀ ਕਿ ਡਰ ਲੱਗਦਾ ਹੈ। ਜੇਕਰ ਸਾਡੇ ਕੋਲ ਗੋਲਾ ਬਾਰੂਦ ਹੁੰਦਾ ਤਾਂ ਹੁਣ ਦਾ ਬਾਰਡਰ ਟੱਪ ਗਏ ਹੁੰਦੇ। ਮੈਂ ਪੰਜਾਬ ਸਰਕਾਰ ਨੂੰ ਵੀ ਕਹਿਣਾ ਚਾਹਾਂਗੀ ਕਿ ਸਾਡਾ ਸਾਥ ਦਿਓ। ਕਿਸਾਨ ਬੀਬੀ ਨੇ ਕਿਹਾ ਕਿ ਜਿਵੇਂ ਡਰੋਨ ਨਾਲ ਸਾਡੇ 'ਤੇ ਗੋਲੇ ਛੱਡੇ ਗਏ ਹਨ, ਜਦੋਂ ਪਿੰਡਾਂ 'ਚ ਵੋਟਾਂ ਮੰਗਣ ਆਉਣ ਤਾਂ ਰੋੜੇ ਵੱਟੇ ਚੱਕ ਲਿਓ, ਛੱਡੀਓ ਨਾ ਇਨ੍ਹਾਂ ਨੂੰ।

ਆਵਾਜ਼ਿ ਕੌਮ

Daily Newspaper from U.K.

Publisher/Chief Editor

Raghbir Singh Walsal

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

## ਲੋੜ ਕਾਢ ਦੀ ਮਾਂ ! 5 ਰੁਪਏ ਦੇ 'ਜੁਗਾੜ' ਨਾਲ ਸੁੱਟਿਆ 5 ਲੱਖ ਦਾ ਡਰੋਨ

**ਚੰਡੀਗੜ੍ਹ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨਾਂ ਵੱਲੋਂ ਕੇਂਦਰ ਖ਼ਿਲਾਫ਼ ਵਿੱਢੇ ਗਏ ਸੰਘਰਸ਼ ਦਾ ਅੱਜ ਤੀਜਾ ਦਿਨ ਹੈ। ਲੰਘੇ ਦੋ ਦਿਨਾਂ ਵਿੱਚ ਹਰਿਆਣਾ ਪੁਲਿਸ ਨੇ ਡਰੋਨ ਦੀ ਮਦਦ ਨਾਲ ਕਿਸਾਨਾਂ ਉੱਤੇ ਅੱਥਰੂ ਗੈਸ ਦੇ ਗੋਲੇ ਸੁੱਟੇ ਜਿਸ ਕਾਰਨ ਪਹਿਲੇ ਦਿਨ ਤਾਂ ਕਿਸਾਨ ਬਹੁਤ ਪ੍ਰੇਸ਼ਾਨ ਹੋਏ ਪਰ ਹੁਣ ਉਨ੍ਹਾਂ ਨੇ ਇਸ ਦਾ ਹੱਲ ਲੱਭ ਲਿਆ ਹੈ ਜਿਸ ਨਾਲ ਹਰਿਆਣਾ ਪੁਲਿਸ ਤੇ ਸਰਕਾਰ ਦੋਵੇਂ ਹੀ ਹੈਰਾਨ ਰਹਿ ਗਏ। ਦਰਅਸਲ ਸ਼ੰਭੂ ਬਾਰਡਰ ਉੱਤੇ ਕਿਸਾਨਾਂ ਵੱਲੋਂ ਪਤੰਗ ਉਡਾ ਕੇ ਡਰੋਨ ਨੂੰ ਸੁੱਟਣ ਦੀ ਕੋਸ਼ਿਸ਼ ਕਰਦਿਆਂ ਦੇਖਿਆ ਹੈ ਜਿਸ ਵਿੱਚ ਉਹ ਕਾਮਯਾਬ ਵੀ ਹੋਏ ਹਨ। ਇਸ ਦੀਆਂ ਵੀਡੀਓ ਸੋਸ਼ਲ ਮੀਡੀਆ ਉੱਤੇ ਜਮ ਕੇ ਵਾਇਰਲ ਹੋ ਰਹੀਆਂ ਹੈ ਜਿਸ ਉੱਤੇ ਲੋਕ ਆਪਣੀ ਪ੍ਰਤੀਰਿਆ



ਦੇ ਰਹੇ ਨੇ ਕਿ 'ਜੱਟ ਜੁਗਾੜੀ ਹੁੰਦੇ ਨੇ' ਜ਼ਿਕਰ ਕਰ ਦਈਏ ਕਿ ਕਿਸਾਨਾਂ ਵੱਲੋਂ ਪਤੰਗ ਚੜ੍ਹਾ ਕੇ ਉਸ ਦੀ ਡੋਰ ਵਿੱਚ ਡਰੋਨ ਨੂੰ ਫਸਾਇਆ ਜਾ ਰਿਹਾ ਹੈ ਜਿਸ ਤੋਂ ਬਾਅਦ ਡਰੋਨ ਬੇਕਾਬੂ ਹੋ ਕੇ ਧਰਤੀ ਉੱਤੇ ਡਿੱਗ ਰਹੇ ਹਨ। ਡਰੋਨ ਸੁੱਟਣ ਤੋਂ ਬਾਅਦ ਕਿਸਾਨਾਂ ਵੱਲੋਂ ਕਿਹਾ ਜਾ ਰਿਹਾ ਹੈ ਕਿ 5 ਰੁਪਏ ਦੇ ਪਤੰਗ ਨਾਲ 5 ਲੱਖ ਦਾ ਡਰੋਨ ਸੁੱਟ ਲਿਆ। ਸ਼ੰਭੂ ਤੇ ਖਨੌਰੀ ਬਾਰਡਰ ਉੱਤੇ ਕਿਸਾਨਾਂ ਉੱਤੇ ਹੋਏ ਤਸ਼ੱਦਦ ਤੋਂ ਬਾਅਦ ਪੰਜਾਬ ਵਿੱਚ ਜਥੇਬੰਦੀਆਂ ਵੱਲੋਂ ਰੇਲਾਂ ਰੋਕ ਕੇ ਤੇ ਟੋਲ ਪਲਾਜ਼ੇ ਮੁਫ਼ਤ ਕਰਕੇ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ। 16 ਫਰਵਰੀ ਨੂੰ ਕਿਸਾਨਾਂ ਵੱਲੋਂ ਭਾਰਤ ਬੰਦ ਦਾ ਸੱਦਾ ਦਿੱਤਾ ਗਿਆ ਹੈ ਜਿਸ ਵਿੱਚ ਹਰ ਵਰਗ ਨੂੰ ਸਹਿਯੋਗ ਦੇਣ ਦੀ ਗੱਲ ਕਹੀ ਗਈ ਹੈ। 15 ਫਰਵਰੀ ਨੂੰ ਕਿਸਾਨ ਆਗੂਆਂ ਤੇ ਕੇਂਦਰ ਦੇ ਮੰਤਰੀਆਂ ਵਿਚਾਲੇ ਮੀਟਿੰਗ ਹੋਣ ਜਾ ਰਹੀ ਹੈ ਜਿਸ ਦੇ ਫ਼ੈਸਲੇ ਤੋਂ ਬਾਅਦ ਕਿਸਾਨਾਂ ਵੱਲੋਂ ਅਗਲੀ ਰਣਨੀਤੀ ਤੈਅ ਕੀਤੀ ਜਾਵੇਗੀ।

ਸਰੀਰ ਦਾ ਮਰ ਜਾਣਾ ਮੌਤ ਨਹੀਂ,
ਜ਼ਮੀਰ ਦਾ ਮਰ ਜਾਣਾ ਯਕੀਨਨ ਮੌਤ ਹੈ
-ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



# ਭਾਈ ਦੀਪ ਸਿੰਘ ਸਿੱਧੂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਂਟ ਕਰਦੇ ਹਾਂ



ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
ਮੁਖ ਸੇਵਾਦਾਰ ਜੱਥਾ ਠੀਕਰੀਵਾਲ

ਕੌਮੀ ਯੋਧੇ ਭਾਈ ਦੀਪ ਸਿੰਘ ਸਿੱਧੂ ਨੂੰ ਓਨਾ ਦੀ ਦੂਜੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ ਜੀ, ਕੌਮ ਵਿੱਚ ਭਾਈ ਸਾਬ ਵਲੋਂ ਲਿਆਂਦੀ ਜਾਗ੍ਰਿਤੀ ਸਿੱਖ ਇਤਿਹਾਸ ਵਿੱਚ ਨਵੀਆਂ ਪੈੜਾਂ ਪਾ ਦਿੱਤੀਆਂ ਹਨ


ਸੁਖਦੀਪ ਸਿੰਘ ਪੁਰਤਗਾਲ


ਗੁਰਬਾਜ਼ ਸਿੰਘ ਯੂ. ਐਸ. ਏ.


ਜਗਦੀਪ ਸਿੰਘ


ਕਵਲ ਬੁਲਾਰੀਆ


ਰਾਜਨਬੀਰ ਸਿੰਘ


ਬਿਕਰਮਜੀਤ ਸਿੰਘ ਵੈਲੀ ਸਕੂਲ

ਆਵਾਜ਼ਿ ਕੌਮ
AWAZE QAUM
International Newspaper & WEB TV


ਸਾਜਨਪ੍ਰੀਤ ਸਿੰਘ ਖੈਰਾ


ਸ਼ਮਸ਼ੇਰ ਸਿੰਘ ਭੰਗੂ


ਭਾਈ ਸਮਸ਼ੇਰ ਸਿੰਘ ਭੰਗੂ


ਪ੍ਰਿਤਪਾਲ ਸਿੰਘ ਮਹਿਮਾਂ


ਅਮ੍ਰਿਤਪਾਲ ਸਿੰਘ ਯੂ ਐਸ ਏ


ਰਣਬੀਰ ਸਿੰਘ ਭੰਗੂ


ਨਿਸ਼ਾਨ ਸਿੰਘ ਸਰਪੰਚ


ਗੁਰਪ੍ਰਤਾਪ ਸਿੰਘ ਕਨੇਡਾ


ਗੁਰਜੰਟ ਸਿੰਘ ਨਾਗੋਕੇ


ਪ੍ਰਗਟ ਸਿੰਘ ਯੂ ਕੇ


ਇਕਬਾਲਪ੍ਰੀਤ ਸਿੰਘ ਯੂ ਐਸ ਏ


ਗੁਰਚੇਤ ਸਿੰਘ ਯੂ ਐਸ ਏ


ਕਰਮਜੀਤ ਸਿੰਘ ਪੁਰਤਗਾਲ


ਹਰਵਿੰਦਰ ਸਿੰਘ ਪੁਰਤਗਾਲ



ਜਗਰਾਜ ਸਿੰਘ ਘੁੰਮਣ


ਹਰਵਿੰਦਰ ਸਿੰਘ

--★ ਗੁਰੂ ਪੰਥ ਦੇ ਦਾਸ ★--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ


ਨਿਸ਼ਾਨ ਸਿੰਘ ਯੂ ਐਸ ਏ




# ਕਿਸਾਨ

1965 ਦੀ ਜੰਗ ਸਮੇਂ ਖੇਮਕਰਨ ਨੂੰ ਜੀਪ ਭਜਾਈ ਜਾਂਦੇ ਜਨਰਲ ਹਰਬਖਸ਼ ਸਿੰਘ ਨੇ ਵੇਖਿਆ ਹੱਲ੍ਹ ਵਾਹ ਰਿਹਾ ਇਕ ਜਿੰਮੀਦਾਰ ਅਣਚੱਲੇ ਬੰਬ ਨੂੰ ਜੱਫਾ ਮਾਰ ਕੇ ਖੇਤਾਂ ਚੋਂ ਬਾਹਰ ਸੁੱਟ ਰਿਹਾ ਸੀ,ਜਨਰਲ ਸਾਬ ਨੇ ਗੱਡੀ ਰੋਕੀ ਪੁੱਛਿਆ ਬਾਬਾ ਤੁਹਾਨੂੰ ਪਤਾ ਇਹ ਕੀ ਹੈ... ?


ਸ਼ਮਸ਼ੇਰ ਸਿੰਘ ਜੇਠੂਵਾਲ

ਤੁਹਾਨੂੰ ਜਾਨ ਤੋਂ ਹੱਥ ਧੋਣੇ ਪੈ ਸਕਦੇ ਹਨ,ਇਹ ਅਣਚੱਲਿਆ ਬੰਬ ਹੈ।

ਕਿਰਤੀ ਬਾਬਾ ਕਹਿਣ ਲੱਗਾ ਮੈਨੂੰ ਨਹੀ ਪਤਾ ਇਹ ਕੀ ਹੈ,ਜਿਸਦਾ ਹੋਊ ਆਪੇ ਲੈਜੂ ਮੈਂ ਪੈਲੀ ਬੀਜਣੀ ਆ ।

ਸੰਨ੍ਹ 1965 ਦੀ ਜੰਗ ਦੇ ਹੀਰੋ ਜਨਰਲ ਹਰਬਖਸ਼ ਸਿੰਘ ਜਿਸ ਨੇ ਸਰਕਾਰੀ ਹੁਕਮਾਂ ਦੀ ਪ੍ਰਵਾਹ ਨਾ ਕਰਦਿਆਂ ਆਪਣੇ ਜਾਬਾਂਜ ਯੋਧੇ ਸਿਪਾਹੀਆਂ ਨਾਲ ਸੈਕਟਰ ਖੇਮਕਰਨ ਚ ਟੈਂਕਾਂ ਤੋਪਾਂ ਲੈ ਕੇ ਚੜ੍ਹ ਆਏ ਪਾਕਿਸਤਾਨੀ ਜਰਨੈਲਾਂ ਦੇ 97 ਟੈਂਕ ਤਬਾਹ ਕਰ ਸੁੱਟੇ ਸਨ ਜਿੰਨ੍ਹਾਂ ਚੋਂ ਸੱਤ ਟੈਂਕ ਕੱਲੇ ਮਹਾਬਲੀ ਯੋਧੇ ਅਬਦੁੱਲ ਹਮੀਦ ਨੇ ਤਬਾਹ ਕੀਤੇ ਅਤੇ ਸ੍ਰੀ ਜੋ ਅੰਮ੍ਰਿਤਸਰ ਖੇਮਕਰਨ ਵਿਖੇ ਹੀ ਸ਼ਹਾਦਤ ਦਾ ਜਾਮ ਪੀ ਗਿਆ।


ਸਰਕਾਰ ਵਲੋਂ ਇਸ ਮਹਾਨ ਯੋਧੇ ਨੂੰ ਪਰਮਵੀਰ ਚੱਕਰ ਨਾਲ ਨਿਵਾਜਿਆ ਗਿਆ ।

ਪਰ ਸਾਡੀਆਂ ਹਕੂਮਤਾਂ ਦੀ ਅਜੋਕੀ ਸੋਚ ਚ "ਜਥਾ ਰਾਜਾ ਤਥਾ ਪਰਜਾ" ਅਨੁਸਾਰ ਆਏ ਫਿਰਕਾਪ੍ਰਸਤੀ ਦੇ ਨਿਘਾਰ ਨੇ ਇਹਨਾਂ ਮਹਾਨ ਸਖਸ਼ੀਅਤਾਂ ਦੇ ਸਤਿਕਾਰ ਪਰਉਪਕਾਰ ਨੂੰ ਵਿਸਾਰ ਦਿੱਤਾ ਹੈ।

ਏਹੀ ਕਾਰਨ ਹੈ ਅਟਾਰੀ ਜਾਂ ਖੇਮਕਰਨ ਇਲਾਕੇ ਵਿਚ ਐਸੇ ਜਰਨੈਲ ਦੇ ਨਾਮ ਤੇ ਕੋਈ ਵੱਡਾ ਗੇਟ ਜਾਂ ਯਾਦਗਾਰ ਨਹੀ ਬਣਾਈ ਗਈ ।

ਜਮਨਾ ਪਾਰ ਵਾਸੀ ਪੰਜਾਬ ਦੀਆਂ ਸਰਹੱਦਾਂ ਤੇ ਆਣਕੇ ਜਿੰਦਾਬਾਦ, ਮੁਰਦਾਬਾਦ ਕਰਕੇ ਮੁੜ੍ਹ ਜਾਂਦੇ ਹਨ,ਪਰ ਪੰਜਾਬ ਦੇ ਬਹਾਦਰ ਲੋਕਾਂ ਦੀ ਸੂਰਬੀਰਤਾ ਦੇ ਗਵਾਹ ਫੋਕੇ ਨਾਅਰੇ ਨਹੀ ਬਲਕਿ ਮੈਦਾਨੇ ਜੰਗਾਂ ਦੀ ਤਵਾਰੀਖ਼ ਹੈ।

ਆਵਾਜ਼ਿ ਕੌਮ
AWAZE QAUM
International Newspaper & WEB TV









# ਮੁੱਖ ਮੰਤਰੀ ਦੇ ਹਲਕੇ ਚ ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ ਵੱਲੋਂ ਆਪਣੀਆ ਮੰਗਾਂ ਸਬੰਧੀ ਵਿਸ਼ਾਲ ਧਰਨਾ 17 ਫਰਵਰੀ ਨੂੰ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ ਪੀ ਐਸ ਪੀ ਸੀ ਐਲ ਦੀ ਬਹੁਤ ਹੀ ਅਹਿਮ ਮੀਟਿੰਗ ਕਨਵੀਨਰ ਬਲਕੋਰ ਮਾਨ ਦੀ ਅਗਵਾਈ ਹੇਠ ਸਰਕਲ ਸੰਗਰੂਰ ਦੀ ਵਖ ਵਖ ਡਵੀਜ਼ਨ ਦੇ ਆਗੂ ਮੁਲਾਜ਼ਮ ਸਾਥੀਆਂ ਨਾਲ ਬਨਾਸਰ ਬਾਗ, ਸੰਗਰੂਰ ਵਿਖੇ ਕੀਤੀ ਗਈ। ਜਿਸ ਵਿੱਚ 17 ਫਰਵਰੀ ਦੇ ਪਰਿਵਾਰ ਸਮੇਤ ਧਰਨੇ ਦੀ ਤਿਆਰੀ ਦੇ ਸਬੰਧੀ ਡਿਊਟੀਆਂ ਲਗਾਈਆਂ ਅਤੇ ਵਿਉਂਤਬੰਦੀ ਬਣਾਈ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੋ-ਕਨਵੀਨਰ ਹਿਤੇਸ਼ ਕੁਮਾਰ ਫਿਰੋਜ਼ਪੁਰ , ਸੁਰਿੰਦਰ ਧੰਗਾਗਵਾਲਾ ਦੇ CRA 295/19 ਵਿੱਚ ਭਰਤੀ ਵਿਖੇ ਮੀਟਿੰਗ ਕਰਕੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੇ ਹੱਲਕੇ ਧੂਰੀ ਵਿਖੇ ਮਿਤੀ 17/02/2024 ਨੂੰ ਪਰਿਵਾਰਾਂ ਸਮੇਤ ਦਿੱਤੇ ਜਾ ਰਹੇ ਧਰਨੇ ਅਤੇ ਰੋਸ ਮਾਰਚ ਵਿੱਚ ਪਹੁੰਚਣ ਲਈ ਲਾਮਬੰਦੀ ਕੀਤੀ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਪਾਵਰਕਾਮ ਮੈਨੇਜਮੈਂਟ ਵੱਲੋਂ ਵਨ ਟਾਈਮ ਸੈਟਲਮੈਂਟ ਦੀ ਪੋਲਸੀ ਰਾਹੀਂ ਓਵਰ ਏਜ ਹੋ ਰਹੇ ਲਾਈਨਮੈਨਾਂ ਨੂੰ ਤੇ ਤਜਰਬੇ ਦੇ ਅਧਾਰ ਤੇ ਗਰੇਸ ਪੁਆਇੰਟ ਦੇ ਕੇ ਭਰਤੀ ਕੀਤਾ ਗਿਆ ਸੀ ਜ਼ਿਕਰਯੋਗ ਹੈ ਕਿ ਇਸ਼ਤਿਹਾਰ 295/19 ਵਿੱਚ ਸਹਾਇਕ ਲਾਈਨਮੈਨ ਨੂੰ ਭਰਤੀ ਕਰਨ ਲਈ ਪਾਵਰਕੌਮ ਦੀ ਮੈਨੇਜਮੈਂਟ ਵਲੋਂ ਜੋ ਸ਼ਰਤਾਂ ਇਸ਼ਤਿਹਾਰ ਵਿੱਚ ਰਖੀਆਂ ਗਈਆਂ ਸਨ ਉਹ ਸਾਰੀਆਂ ਪੂਰੀਆਂ ਕਰਕੇ ਜੋਨ ਪਧਰ ਤੇ ਕਮੇਟੀਆਂ ਬਨਾ ਕੇ ਡਾਕੂਮੈਂਟ ਚੈਕ ਕਰਨ ਉਪਰੰਤ ਹੀ ਆਰਡਰ ਦਿੱਤੇ ਗਏ ਸਨ ਪਰ ਕੁਝ ਭਰਤੀ ਤੋਂ ਵਾਂਝੇ ਰਹੇ ਸਾਥੀਆਂ ਵੱਲੋਂ ਹਾਈ ਕੋਰਟ ਵਿੱਚ ਤਜਰਬੇ ਨੂੰ ਚੈਲੇਂਜ ਕੀਤਾ ਗਿਆ ਅਤੇ ਇਸ ਦੀ ਇਨ-ਕੁਆਇਰੀ ਮਾਨਯੋਗ ਹਾਈਕੋਰਟ ਵੱਲੋਂ ਕਰਾਈਮ ਬਰਾਂਚ ਪਹਿਲਾਂ ਪਟਿਆਲਾ ਤੇ ਫਿਰ ਮੋਹਾਲੀ ਨੂੰ ਸੌਂਪ ਦਿੱਤੀ ਗਈ ਇਸ ਦੌਰਾਨ ਪਾਵਰਕਾਮ ਮੈਨੇਜਮੈਂਟ ਵੱਲੋਂ ਆਪਣੇ ਬੀਓਡੀ ਦੇ ਫੈਸਲੇ ਦੇ ਪੱਖ ਨੂੰ ਨਾ ਤਾਂ ਕੋਰਟ ਵਿੱਚ ਅਤੇ ਨਾ ਹੀ ਕਰਾਈ ਬਰਾਂਚ ਕੋਲ ਰੱਖਿਆ ਗਿਆ ਜਿਸ ਦੇ ਨਤੀਜੇ ਵਜੋਂ ਕਰਾਈਮ ਬਰਾਂਚ ਵੱਲੋਂ 25 ਨੰਬਰ ਮੁਲਾਜ਼ਮਾਂ ਨੂੰ ਗ੍ਰਿਫਤਾਰ ਕਰਕੇ ਜੇਲ ਵਿੱਚ ਭੇਜ ਦਿੱਤਾ ਗਿਆ ਅਤੇ ਅਣਗਿਣਤ ਸਹਾਇਕ ਲਾਈਨਮੈਨਾਂ ਨੂੰ ਨਾਮਜ਼ਦ ਕਰਕੇ ਪੂਰੇ ਸੀ ਆਰ ਏ ਉੱਤੇ ਸਟੇਟਸ-ਕੋ ਦਾ ਬਹਾਨਾ ਬਣਾ ਕੇ ਬਣ ਰਹੀਆਂ ਤਨਖਾਹਾਂ ਵੀ ਕੱਟ ਦਿੱਤੀਆਂ ਗਈਆਂ ਅਤੇ ਰੈਗੂਲਰ ਸਕੇਲ ਦੇਣ ਤੇ ਰੋਕ ਲਗਾ ਦਿੱਤੀ। ਜਿਸ ਦੇ ਰੋਸ ਵਜੋਂ ਮੁਲਾਜ਼ਮ ਸੰਘਰਸ਼ ਕਮੇਟੀ ਵੱਲੋਂ ਲਗਾਤਾਰ ਪਾਵਰ ਕੌਮ ਦੀ ਮੈਨੇਜਮੈਂਟ ਦੇ ਵਿਰੁੱਧ ਦੋ ਧਰਨੇ ਲਗਾਏ ਗਏ ਇਹਨਾਂ ਧਰਨਿਆਂ ਦੀ ਬਦੌਲਤ ਉਹਨਾਂ 25 ਸਾਥੀਆਂ ਨੂੰ ਜੁਆਇੰਨ ਕਰਾਉਣ ਅਤੇ ਤਜਰਬੇ ਦਾ ਲਾਭ ਨਾ ਲੈਣ ਵਾਲੇ ਮੁਲਾਜ਼ਮਾਂ ਦੀਆਂ ਤਨਖਾਹਾਂ ਬਣਾਉਣ ਦੀਆਂ ਸਹਿਮਤੀਆਂ ਹੋਈਆ ਪਰ ਮੈਨੇਜਮੈਂਟ ਸਾਰੀਆਂ ਮੰਗਾਂ ਮੰਨਣ ਤੋਂ ਮੁਕਰ ਗਈ ਜਿਸ ਦੇ ਰੋਸ ਵਜੋਂ ਬਿਜਲੀ ਮੰਤਰੀ ਰਿਹਾਇਸ਼ ਅੰਮ੍ਰਿਤਸਰ ਵਿਖੇ ਇੱਕ ਰੋਸ ਧਰਨਾ ਦਿੱਤਾ ਗਿਆ ਜਿਸ ਤੋ ਮਿੱਤੀ 08/01/2024 ਬਿਜਲੀ ਮੰਤਰੀ ਅਤੇ ਮੈਨੇਜਮੈਂਟ ਨਾਲ ਕਮੇਟੀ ਦੀ ਪੈਨਲ ਮੀਟਿੰਗ ਹੋਈ ਅਤੇ ਮੀਟਿੰਗ ਵਿੱਚ ਮੈਨੇਜਮੈਂਟ ਨਾਲ ਹੋਈਆਂ ਸਹਿਮਤੀਆਂ ਨੂੰ ਪੂਰਨ ਤੌਰ ਤੇ ਲਾਗੂ ਕਰਨ ਅਤੇ ਮੁੱਖ ਮੰਤਰੀ ਸਾਹਿਬ ਨਾਲ ਜਲਦੀ ਮੀਟਿੰਗ ਕਰਕੇ ਪੂਰੇ ਕੇਸ ਦਾ ਨਿਪਟਾਰਾ ਕਰਨ ਲਈ ਸਹਮਤੀ ਬਣੀ ਪਰ ਪਾਵਰ ਕੌਮ ਦੀ ਮੈਨੇਜਮੈਂਟ ਵੱਲੋਂ ਇੱਕ ਵਾਰ ਫਿਰ ਵਾਦਾ ਖਿਲਾਫੀ ਕਰਦਿਆਂ 25 ਮੁਲਾਜ਼ਮਾਂ ਨੂੰ ਬਿਨਾਂ ਕਿਸੇ ਨੋਟਿਸ ਤੋਂ ਟਰਮੀਨੇਟ ਕਰ ਦਿੱਤਾ ਗਿਆ ਹੈ ਜਿਸਦਾ ਸਮੂਹ ਮੁਲਾਜ਼ਮਾਂ ਤੇ ਉਹਨਾਂ ਦੇ ਪਰਿਵਾਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਰੋਸ ਵਜੋਂ ਮਿਤੀ 17/02/2024 ਨੂੰ ਮੁੱਖ ਮੰਤਰੀ ਦੇ ਦਫ਼ਤਰ ਧੂਰੀ ਵਿਖੇ ਧਰਨਾ ਅਤੇ ਰੋਸ ਮਾਰਚ ਕੀਤਾ ਜਾਵੇਗਾ ਇਸ ਧਰਨੇ ਅਤੇ ਰੋਸ ਮਾਰਚ ਦੌਰਾਨ ਹੋਣ ਵਾਲੇ ਕਿਸੇ ਵੀ ਪ੍ਰਕਾਰ ਦੇ ਨੁਕਸਾਨ ਦੀ ਜਿੰਮੇਵਾਰ ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਦੀ ਹੋਵੇਗੀ। ਅੱਜ ਦੀ ਇਸ ਮੀਟਿੰਗ ਵਿੱਚ ਮੇਵਾ ਸਿੰਘ ਮੀਮਸਾ, ਰਮਨਜੀਤ ਲਾਲੀ, ਰਮਨਦੀਪ ਫਰਵਾਹੀ, ਗੁਰਪਿੰਦਰ ਕਹੇਰੂ, ਗੁਰਪ੍ਰੀਤ ਖੇਤਲਾ, ਚਰਨਜੀਤ ਖੁਰਮੀ, ਜਗਜੀਤ ਸਿੰਘ ਭੁਲਰਹੈੜੀ, ਸੁਖਬਿੰਦਰ ਬਮਾਲ, ਨਰਿੰਦਰ ਸਿੰਘ, ਨਰਿੰਦਰ ਭਾਰਦਵਾਜ, ਗੁਰਪ੍ਰੀਤ ਸਿੰਘ ਦਾਨਗੜ, ਅਵਤਾਰ ਸਿੰਘ, ਸਾਬਰ ਅਲੀ, ਅਜਿੰਦਰ ਸਿੰਘ, ਬੇਅੰਤ ਸਿੰਘ ਜੋਰਾ ਸੁਨਾਮ ਅਤੇ ਇਸ ਮੌਕੇ ਤੇ ਵੱਡੀ ਗਿਣਤੀ ਦੇ ਵਿੱਚ ਮੁਲਾਜ਼ਮ ਆਗੂ ਸਾਥੀ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV


ਪੰਥ ਦੀ ਸਿਰਮੌਰ ਜਥੇਬੰਦੀ ਸ਼ਬਦ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✦ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

ਧੰਨ-ਧੰਨ 108

# ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ

# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ
ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।
18-2-2024 ਦਿਨ ਐਤਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ
ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।
ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।
ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

# Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681


ਗੁਰੂਘਰ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ
ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਸੁਚੱਜੀ ਦੇਖ ਰੇਖ ਹੇਠ
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ: ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜਿਲ੍ਹਾ ਸਿਰਸਾ (ਹਰਿਆਣਾ) ਵਿਖੇ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 18 ਫਰਵਰੀ 2024
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ
ਸਭਾਗੀਆਂ 21 ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਆਵਾਜ਼ਿ ਕੌਮ AWAZE QAUM International Newspaper & WEB TV
ਸਤਿਕਾਰਯੋਗ ਸੰਤ ਮਹਾਂਪੁਰਖ ਸਮਾਗਮ ਵਿੱਚ 21 ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ
ਬਾਬਾ ਜਗਤਾਰ ਸਿੰਘ ਸਿਰਸਾ ਕਾਰ ਸੇਵਾ ਵਾਲੇ
ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ ਵਾਲੇ
ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਮੁਖੀ ਸੰਪਰਦਾਇ ਸਰਹਾਲੀ ਸਾਹਿਬ
ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਵਾਲੇ
ਸੰਤ ਹਾਕਮ ਸਿੰਘ ਸਰਹਾਲੀ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਕਾਰ ਸੇਵਾ ਕਰਨਾਲ ਵਾਲੇ
ਸੰਤ ਮਨਮੋਹਨ ਸਿੰਘ ਬਾਰਨ ਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ੍ਰੋਮਣੀ ਪੰਥ ਅਕਾਲੀ ਬੁੱਢਾ ਦਲ
ਸੰਤ ਹਰੀ ਸਿੰਘ ਨਾਨਕਸਰ ਜੀਰੇ ਵਾਲੇ
ਸੰਤ ਪ੍ਰੀਤਮ ਸਿੰਘ ਰਾਜਪੁਰਾ ਵਾਲੇ
ਸੰਤ ਰਣਜੀਤ ਸਿੰਘ ਸੇਵਾਪੰਥੀ ਕਲਾਨੌਰ ਵਾਲੇ
ਸੰਤਰੇਨ ਬਾਬਾ ਲਖਬੀਰ ਸਿੰਘ ਲਲੌਂਡੇ ਵਾਲੇ
ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਵਾਲੇ
ਬਾਬਾ ਭਗਵੰਤ ਸਿੰਘ ਢੀਂਡਸੇ ਵਾਲੇ
ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ
ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ
ਸੰਤ ਗੁਰਪਾਲ ਸਿੰਘ 18 ਐਫ ਰਾਜਸਥਾਨ ਵਾਲੇ
ਬਾਬਾ ਹਰਜਿੰਦਰ ਸਿੰਘ ਬਲਾਚੌਰ ਵਾਲੇ
ਸੰਤ ਸੁਖਦੇਵ ਸਿੰਘ ਨਾਨਕਸਰ ਪਟਿਆਲਾ ਵਾਲੇ
ਬਾਬਾ ਲਾਲ ਸਿੰਘ ਭੀਖੀ ਵਾਲੇ
ਬਾਬਾ ਜੀਵਨ ਸਿੰਘ ਚੁਨਾਗਰੇ ਵਾਲੇ
ਬਾਬਾ ਸੁਖਵਿੰਦਰ ਸਿੰਘ ਘੱਗਾ ਵਾਲੇ
ਬਾਬਾ ਨਾਇਬ ਸਿੰਘ ਬਹਾਦੁਰਗੜ੍ਹ ਵਾਲੇ
ਬਾਬਾ ਜਗਜੀਤ ਸਿੰਘ ਜੀ ਕਕਰਾਲੇ ਵਾਲੇ
ਬਾਬਾ ਜਗੀਰ ਸਿੰਘ ਕਾਹਨੂੰਵਾਨ ਛੰਭ ਵਾਲੇ
ਬਾਬਾ ਪ੍ਰਿਤਪਾਲ ਸਿੰਘ ਮਲੇਸ਼ੀਆ ਵਾਲੇ
ਬਾਬਾ ਗੁਰਪ੍ਰੀਤ ਸਿੰਘ ਮੋਹਲਗੜ੍ਹ ਵਾਲੇ
ਬਾਬਾ ਗੁਰਸੇਵਕ ਸਿੰਘ ਕਲਿਆਣ ਵਾਲੇ
ਬਾਬਾ ਸਰਬਜੋਤ ਸਿੰਘ ਪਟਿਆਲਾ ਵਾਲੇ
ਬਾਬਾ ਬਲਵਿੰਦਰ ਸਿੰਘ ਚਾਂਗਲੀ ਵਾਲੇ
ਬਾਬਾ ਦਰਸ਼ਨ ਸਿੰਘ ਟੌਹੜਾ ਮੁਲੇਪੁਰ ਵਾਲੇ
ਬਾਬਾ ਅਰਜਨ ਸਿੰਘ ਲਹਿਰੀ ਵਾਲੇ
ਬਾਬਾ ਕਰਤਾਰ ਸਿੰਘ ਤਿਲੋਕੇਵਾਲੇ
ਬਾਬਾ ਸਤਨਾਮ ਸਿੰਘ 34 ਸਿੰਘ ਸ਼ਹੀਦਾਂ ਵਾਲੇ
ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜਿ) ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਸੁਖ ਸੇਵਾ ਸਿਮਰਨ ਟਰੱਸਟ (ਰਜਿ.), ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਅਤੇ ਸਮੂੰਹ ਸਾਧ ਸੰਗਤ ਦਾਦੂ ਸਾਹਿਬ ਸਿਰਸਾ ਹਰਿਆਣਾ | 93560-60960




# ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਟਰੈਫਿਕ ਨਿਯਮਾਂ ਦੀ ਪਾਲਨਾ ਜ਼ਰੂਰੀ : ਆਰ.ਟੀ.ਓ.ਗੁਰਦਾਸਪੁਰ



☛ ਤੇਜ਼ ਰਫ਼ਤਾਰ ਵਾਹਨ ਚਲਾਉਣ ਤੇ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਪ੍ਰਤੀ ਸੁਚੇਤ ਹੋਣ ਲੋਕ ☛ ਸੜਕ ਸੁਰੱਖਿਆ ਮਹੀਨੇ ਸਬੰਧੀ ਜ਼ਿਲ੍ਹੇ ਵਿੱਚ ਕਰਵਾਈਆਂ ਗਈਆਂ ਵੱਖ-ਵੱਖ ਗਤੀਵਿਧੀਆਂ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 15 ਫਰਵਰੀ (ਕੁਲਜੀਤ ਸਿੰਘ ਖੋਖਰ)**-ਰੋਜ਼ਾਨਾ ਹੁੰਦੇ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣਾ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ ਕਿਉਂਕਿ ਵਧੇਰੇ ਸੜਕੀ ਹਾਦਸੇ ਇਸ ਲਈ ਹੀ ਵਾਪਰਦੇ ਹਨ ਕਿ ਵਾਹਨ ਚਾਲਕ ਟਰੈਫ਼ਿਕ ਨਿਯਮਾਂ ਦੀ ਸਹੀ ਢੰਗ ਨਾਲ ਪਾਲਣਾ ਨਹੀਂ ਕਰਦੇ।ਇਸ ਲਈ ਇਹ ਜ਼ਰੂਰੀ ਹੈ ਕਿ ਵਾਹਨ ਚਲਾਉਂਦੇ ਸਮੇਂ ਟਰੈਫ਼ਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ ਤਾਂ ਜੋ ਸੜਕੀ ਹਾਦਸਿਆਂ ਵਿੱਚ ਜਾਂਦੀਆਂ ਅਨਮੋਲ ਮਨੁੱਖੀ ਜਾਨਾਂ ਨੂੰ ਬਚਾਇਆ ਜਾ ਸਕੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਰਿਜਨਲ ਟਰਾਂਸਪੋਰਟ ਅਫ਼ਸਰ, ਗੁਰਦਾਸਪੁਰ ਸ਼੍ਰੀ ਦਵਿੰਦਰ ਕੁਮਾਰ ਨੇ ਪੰਜਾਬ ਸਰਕਾਰ ਵੱਲੋਂ ਮਨਾਏ ਗਏ ਸੜਕ ਸੁਰੱਖਿਆ ਮਹੀਨੇ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਟਰੈਫ਼ਿਕ ਨਿਯਮਾਂ ਦੀ ਪਾਲਣਾ ਲਈ ਸੁਚੇਤ ਹੋਣਾ ਚਾਹੀਦਾ ਹੈ ਅਤੇ ਤੈਅ ਕੀਤੀ ਗਈ ਰਫ਼ਤਾਰ ਤੋਂ ਵੱਧ ਰਫ਼ਤਾਰ ਵਿੱਚ ਵਾਹਨ ਨਹੀਂ ਚਲਾਉਣੇ ਚਾਹੀਦੇ ਕਿਉਂਕਿ ਵੱਧ ਰਫ਼ਤਾਰ ਵਿੱਚ ਵਾਹਨ ਚਲਾਉਣ ਕਾਰਨ ਵੀ ਅਕਸਰ ਹਾਦਸੇ ਵਾਪਰ ਜਾਂਦੇ ਹਨ। ਰਿਜਨਲ ਟਰਾਂਸਪੋਰਟ ਅਫ਼ਸਰ ਨੇ ਕਿਹਾ ਕਿ ਸਰਕਾਰ ਵੱਲੋਂ ਸੜਕ ਹਾਦਸਿਆਂ ਦੇ ਸ਼ਿਕਾਰ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਵਾਸਤੇ ਤਾਇਨਾਤ ਕੀਤੀ ਗਈ ਸੜਕ ਸੁਰੱਖਿਆ ਫੋਰਸ ਵੱਲੋਂ ਵੀ ਦੁਰਘਟਨਾਵਾਂ ਵਿੱਚ ਜ਼ਖ਼ਮੀ ਹੋਏ ਵਿਅਕਤੀਆਂ ਨੂੰ ਹਸਪਤਾਲਾਂ ਤੱਕ ਪਹੁੰਚਾਉਣ ਲਈ ਸ਼ਲਾਘਾਯੋਗ ਸੇਵਾਵਾਂ ਨਿਭਾਈਆਂ ਜਾ ਰਹੀਆਂ ਹਨ। ਉਨ੍ਹਾਂ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਸੜਕੀ ਹਾਦਸਿਆਂ ਨੂੰ ਠੱਲ੍ਹ ਪਾਉਣ ਲਈ ਆਪਣੇ ਛੋਟੇ ਬੱਚਿਆਂ ਨੂੰ ਕਿਸੇ ਵੀ ਕਿਸਮ ਦਾ ਵਾਹਨ ਚਲਾਉਣ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਟਰੈਫ਼ਿਕ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਆਪਣੇ ਆਲ਼ੇ ਦੁਆਲੇ ਦੇ ਲੋਕਾਂ ਨੂੰ ਵੀ ਜਾਗਰੂਕ ਕੀਤਾ ਜਾਵੇ ਤਾਂ ਜੋ ਅਨਮੋਲ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।ਸੜਕ ਸੁਰੱਖਿਆ ਮਹੀਨੇ ਸਬੰਧੀ ਰਿਜਨਲ ਟਰਾਂਸਪੋਰਟ ਅਫ਼ਸਰ ਸ਼੍ਰੀ ਦਵਿੰਦਰ ਕੁਮਾਰ ਨੇ ਦੱਸਿਆ ਕਿ ਸੜਕ ਸੁਰੱਖਿਆ ਮਹੀਨੇ ਸਬੰਧੀ ਵੱਖ-ਵੱਖ ਥਾਵਾਂ ਤੇ ਜਾਗਰੂਕਤਾ ਕੈਂਪ ਲਗਾ ਕੇ ਲੋਕਾਂ ਨੂੰ ਆਵਾਜਾਈ ਨਿਯਮਾਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਵਾਹਨਾਂ ਉੱਪਰ ਰਿਫਲੈਕਟਿੰਗ ਟੇਪਾਂ ਲਗਾਈਆਂ ਗਈਆਂ ਤਾਂ ਜੋ ਰਾਤ ਸਮੇਂ ਹੋਣ ਵਾਲੇ ਹਾਦਸਿਆਂ ਨੂੰ ਰੋਕਿਆ ਜਾ ਸਕੇ। ਉਨ੍ਹਾਂ ਇਹ ਵੀ ਦੱਸਿਆ ਕਿ ਮੈਡੀਕਲ ਕੈਂਪ ਲਗਾ ਕੇ ਟਰਾਂਸਪੋਰਟਰ ਤੇ ਟਰੱਕ ਯੂਨੀਅਨਾਂ ਦੇ ਡਰਾਈਵਰਾਂ ਦੀਆਂ ਅੱਖਾਂ ਦਾ ਚੈੱਕਅਪ ਕੀਤਾ ਗਿਆ ਅਤੇ ਉਨ੍ਹਾਂ ਨੂੰ ਸੜਕ ਸੁਰੱਖਿਆ ਸਬੰਧੀ ਸਾਹਿਤ ਵੀ ਵੰਡਿਆ ਗਿਆ। ਇਸ ਤੋਂ ਇਲਾਵਾ ਟਰੈਫ਼ਿਕ ਨਿਯਮਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਸੈਮੀਨਾਰ ਵੀ ਲਗਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿਰਸਾ ਵਲੋਂ ਸਿੱਖੀ ਨੂੰ ਢਾਹ ਲਾਉਣ ਮਗਰੋਂ ਕਿਸਾਨਾਂ ਦੇ ਰੋਸ ਪ੍ਰਦਰਸ਼ਨ ਨੂੰ ਲਾਇਆ ਖੋਰਾ : ਸਰਨਾ



ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)- ਦਿੱਲੀ ਅਕਾਲੀ ਪ੍ਰਧਾਨ ਪਰਮਜੀਤ ਸਿੰਘ ਸਰਨਾ ਨੇ ਭਾਜਪਾ ਦੇ ਸਾਬਕਾ ਵਿਧਾਇਕ ਨੂੰ ਕਿਸਾਨਾਂ ਦੇ ਚੱਲ ਰਹੇ ਪ੍ਰਦਰਸ਼ਨਾਂ ਬਾਰੇ ਆਪਣਾ ਮੂੰਹ ਬੰਦ ਰੱਖਣ ਦੀ ਸਲਾਹ ਦਿੱਤੀ ਹੈ।

ਸਰਨਾ ਨੇ ਸਿਰਸਾ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ "ਭਾਵੇਂ ਸਿਰਸਾ ਆਪਣੇ ਆਪ ਨੂੰ ਉਲਟਾ ਲਟਕਾ ਲਵੇ ਤਾਂ ਵੀ ਕੋਈ ਸਿੱਖ ਤੇ ਇਸ ਦੇਸ਼ ਦਾ ਕੋਈ ਵੀ ਸਹੀ ਸੋਚ ਵਾਲਾ ਨਾਗਰਿਕ ਉਸਦੀ ਗੱਲ ਨੂੰ ਕਦੇ ਨਹੀਂ ਸੁਣੇਗਾ। ਇਸ ਲਈ ਬਿਹਤਰ ਹੈ ਕਿ ਸਿਰਸਾ ਚੁੱਪ ਹੀ ਰਹੇ" ਸਰਨਾ ਨੇ ਕਿਹਾ ਕਿ ਸਿਰਸਾ ਨੇ ਖੇਤੀ ਉਪਜਾਂ 'ਤੇ ਘੱਟੋ ਘੱਟ ਸਮਰਥਨ ਮੁੱਲ ਲਈ ਕਾਨੂੰਨੀ ਗਾਰੰਟੀ ਦੀ ਮੰਗ ਕਰਨ ਵਾਲੇ ਕਿਸਾਨਾਂ ਨਾਲ ਸਿਆਸੀ ਉਦੇਸ਼ ਜੋੜਨ ਦੀ ਕੋਸ਼ਿਸ਼ ਕੀਤੀ ਹੈ। ਸਰਨਾ ਨੇ ਇਸ ਦੀ ਬਜਾਏ ਸਿਰਸਾ ਵਰਗੇ ਲੋਕਾਂ 'ਤੇ ਸਵਾਲ ਕੀਤਾ ਜੋ ਸੱਤਾਧਾਰੀ ਪਾਰਟੀ ਤੋਂ ਲੋਕ ਸਭਾ ਟਿਕਟ ਦੀ ਭੁੱਖ ਵਿੱਚ ਆਪਣੀ ਜਾਨ ਵੇਚ ਰਹੇ ਹਨ। ਉਨ੍ਹਾਂ ਕਿਹਾ ਕਿ ਜਦੋਂ ਕੇਂਦਰੀ ਖੇਤੀਬਾੜੀ ਮੰਤਰੀ ਅਰਜੁਨ ਮੁੰਡਾ ਮਾਮਲੇ ਨੂੰ ਸੁਲਝਾਉਣ ਲਈ ਇੱਕ ਹੋਰ ਦੌਰ ਦੀ ਗੱਲਬਾਤ ਦੀ ਪੇਸ਼ਕਸ਼ ਕਰ ਰਹੇ ਹਨ, ਤਾਂ ਤੁਸੀਂ ਕੌਣ ਹੁੰਦੇ ਹੋ ਜੋ ਕਿਸਾਨਾਂ ਨੂੰ ਇਹ ਪ੍ਰਚਾਰ ਕਰਨ ਵਾਲੇ ਹਨ ਕਿ ਉਨ੍ਹਾਂ ਨੂੰ ਕੀ ਕਰਨਾ ਚਾਹੀਦਾ ਹੈ ਜਾਂ ਨਹੀਂ ?" ਸਰਨਾ ਨੇ ਕਿਹਾ ਕਿ ਇਹ ਰਾਜੇ ਨਾਲੋਂ ਵਧੇਰੇ ਵਫ਼ਾਦਾਰ ਹੋਣ ਦਾ ਇੱਕ ਸ਼ਾਨਦਾਰ ਕੇਸ ਹੈ। ਸਿਰਫ ਤੁਹਾਨੂੰ ਯਾਦ ਦਿਵਾਉਣ ਲਈ ਕਿ ਤੁਸੀਂ 2020-21 ਦੇ ਕਿਸਾਨ ਅੰਦੋਲਨ ਦੇ ਕਾਰਨ ਰਾਜਨੀਤੀ ਵਿੱਚ ਆਪਣੀ ਮੌਜੂਦਾ ਹੋਂਦ ਦੇ ਕਰਜ਼ਦਾਰ ਹੋ ਜਦੋਂ ਤੁਹਾਨੂੰ ਅਕਾਲੀ ਲੀਡਰਸ਼ਿਪ ਦੁਆਰਾ ਕਿਸਾਨਾਂ ਦਾ ਸਾਥ ਦੇਣ ਲਈ ਮਜਬੂਰ ਕੀਤਾ ਗਿਆ ਸੀ। ਇਸ ਲਈ ਹੁਣ ਗਿਰਗਿਟ ਬਣਨਾ ਬੰਦ ਕਰੋ ।

ਆਵਾਜ਼ਿ ਕੌਮ AWAZE QAUM International Newspaper & WEB TV




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ ‘ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ ‘ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।




# ਸਿਨੇਮਾ ਦੀ ਜਗ੍ਹਾ ਉੱਤੇ ਕੀਤੇ ਨਜਾਇਜ਼ ਕਬਜ਼ੇ ਨੂੰ ਲੈ ਕੇ ਮੁੱਖ ਮੰਤਰੀ ਪਾਸੋਂ ਕੀਤੀ ਇੰਨਸਾਫ ਦੀ ਮੰਗ



ਚੌਕ ਮਹਿਤਾ 15 ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ )ਸ਼ਹਿਰ ਦੇ ਮਸ਼ਹੂਰ ਰਹੇ ਚਿਤਰਾ ਸਿਨੇਮਾ ਦੀ ਜਗ੍ਹਾ ਉੱਤੇ ਨਜਾਇਜ਼ ਕਬਜ਼ਾ ਕਰਨ ਵਾਲਿਆਂ ਖ਼ਿਲਾਫ਼ ਸ਼ਿਕਾਇਤ ਕਰਤਾ ਗੁਰਸ਼ਰਨਜੀਤ ਸਿੰਘ ਵਲੋਂ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਸ਼ਰਨਜੀਤ ਸਿੰਘ ਨੇ ਕਿਹਾ ਕਿ ਇਸ ਸਿਨੇਮਾ ਦੇ ਮਾਲਕ ਐਨ.ਆਰ.ਆਈ ਹੋਣ ਕਾਰਨ ਇਸ ਜਗ੍ਹਾ ਦੇ ਕੁਝ ਹਿੱਸੇ ਉੱਤੇ ਕੁਝ ਵਿਅਕਤੀਆਂ ਵੱਲੋਂ ਨਜਾਇਜ਼ ਕਬਜ਼ਾ ਕੀਤਾ ਗਿਆ ਹੈ। ਜਿਸ ਸੰਬੰਧੀ ਉਹਨਾਂ ਵਿਅਕਤੀਆਂ ਖਿਲਾਫ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ, ਡੀ ਜੀ ਪੀ ਸਾਹਿਬ ਪਾਸ ਕਬਜ਼ਾਧਾਰੀਆਂ ਖਿਲਾਫ਼ ਕਾਰਵਾਈ ਦੀ ਮੰਗ ਕੀਤੀ ਗਈ ਸੀ ਜਿਸਦੇ ਚਲਦਿਆਂ ਪੁਲਿਸ ਥਾਣਾ ਏ-ਡਵੀਜ਼ਨ,ਰਾਮਬਾਗ ਪੁਲਿਸ ਵੱਲੋਂ ਮੁਕੱਦਮਾ ਦਰਜ ਤਾਂ ਕਰ ਦਿੱਤਾ ਗਿਆ ਪਰ ਪੁਲਿਸ ਪ੍ਰਸ਼ਾਸ਼ਨ ਵਲੋਂ ਕਈ ਮਹੀਨੇ ਬੀਤਣ ਦੇ ਬਾਵਜੂਦ ਕਬਜ਼ਾ ਕਰਨ ਵਾਲਿਆਂ ਦੀ ਗ੍ਰਿਫ਼ਤਾਰੀ ਨਹੀਂ ਕੀਤੀ ਗਈ। ਉਹਨਾਂ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਹੁਣ ਤੱਕ ਕਈ ਵੱਖ-ਵੱਖ ਵਿਭਾਗਾਂ ਵਿੱਚ ਜਾਂਚ ਪੜਤਾਲ ਕੀਤੀ ਗਈ ਹੈ। ਜਿਸ ਵਿੱਚ ਉਕਤ ਵਿਅਕਤੀਆਂ ਵਲੋਂ ਨਜਾਇਜ਼ ਕਬਜ਼ਾ ਕਰਕੇ ਨਜਾਇਜ਼ ਹੋਟਲ ਤਿਆਰ ਕੀਤਾ ਗਿਆ ਹੈ ਉਹਨਾਂ ਨੇ ਮਾਨਯੋਗ ਮੁੱਖ ਮੰਤਰੀ ਸਾਹਿਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕਰਦਿਆਂ ਕਿਹਾ ਕਿ ਉਸ ਜਗ੍ਹਾ ਦਾ ਕਬਜ਼ਾ ਛਡਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਸਖ਼ਤ ਕਾਰਵਾਈ ਕਰਕੇ ਮੈਨੂੰ ਇੰਨਸਾਫ ਦਿਵਾਇਆ ਜਾਵੇ ਉਸ ਜਗ੍ਹਾ ਨੂੰ ਕਬਜ਼ਾਧਾਰੀਆਂ ਤੋਂ ਮੁਕਤ ਕੀਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

# ਹੱਕਾਂ ਲਈ ਸੰਘਰਸ਼ ਕਰ ਰਹੇ ਅੰਨਦਾਤਾ ਨਾਲ ਕੇਂਦਰ ਸਰਕਾਰ ਗੱਲਬਾਤ ਰਾਹੀਂ ਮਸਲਾ ਹੱਲ ਕਰੇ ਨਾ ਕਿ ਦੇਸ਼ ਧਰੋਹੀਆਂ ਵਾਲਾ ਸਲੂਕ ਕਰੇ-ਦਵਿੰਦਰ ਸਿੰਘ ਸੋਢੀ



ਐਸ.ਏ.ਐਸ ਨਗਰ 15 ਫ਼ਰਵਰੀ 2024-ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਬੁਲਾਰੇ ਦਵਿੰਦਰ ਸਿੰਘ ਸੋਢੀ ਨੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਦਿੱਲੀ ਕੂਚ ਕਰ ਰਹੇ ਕਿਸਾਨਾਂ ਉੱਤੇ ਪੰਜਾਬ ਹਰਿਆਣਾ ਸਰਹੱਦ ਤੇ ਹਰਿਆਣਾ ਪੁਲਿਸ ਵੱਲੋਂ ਅੱਥਰੂ ਗੈਸ, ਰਬੜ ਦੀਆਂ ਗੋਲੀਆਂ ਤੋਂ ਇਲਾਵਾ ਭਾਰੀ ਹਥਿਆਰਾਂ ਨਾਲ ਕੀਤੇ ਜਾ ਰਹੇ ਹਮਲੇ ਦੀ ਸਖ਼ਤ ਸਬਦਾਂ ਵਿੱਚ ਨਿਖੇਧੀ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਨੂੰ ਤੁਰੰਤ ਕਿਸਾਨਾਂ ਤੇ ਜਾਨਲੇਵਾ ਹਮਲਾ ਕਰਨ ਵਾਲੀ ਹਰਿਆਣਾ ਪੁਲਿਸ ਅਧਿਕਾਰੀਆਂ ਤੇ ਕਰਮੀਆਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਦਵਿੰਦਰ ਸਿੰਘ ਸੋਢੀ ਨੇ ਹਰਿਆਣਾ ਸਰਕਾਰ ਨੂੰ ਵੀ ਪੰਜਾਬ ਹਰਿਆਣਾ ਸਰਹੱਦ ਤੇ ਸੰਘਰਸ਼ਸ਼ੀਲ ਕਿਸਾਨਾਂ ਤੇ ਦਾਗੇ ਜਾ ਰਹੇ ਗੋਲਿਆਂ ਨੂੰ ਤੁਰੰਤ ਬੰਦ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਅੰਨਦਾਤਾ ਨਾਲ ਕੇਂਦਰ ਸਰਕਾਰ ਗੱਲਬਾਤ ਰਾਹੀਂ ਮਸਲਾ ਹੱਲ ਕਰੇ ਨਾ ਕਿ ਦੇਸ਼ ਧਰੋਹੀਆਂ ਵਾਲਾ ਸਲੂਕ ਕਰੇ। ਸੋਢੀ ਨੇ ਕਿਹਾ ਕਿ ਹਰਿਆਣਾ ਪੰਜਾਬ ਸਰਹੱਦ ਤੇ ਕਿਸਾਨਾਂ ਨੂੰ ਹਰਿਆਣਾ ਵਿੱਚ ਦਾਖਲ ਨਹੀਂ ਹੋਣ ਦਿੱਤਾ ਜਾ ਰਿਹਾ ਹੈ। ਹਰਿਆਣਾ ਪੁਲਿਸ ਨੂੰ ਦੇਸ਼ ਦੇ ਅੰਨਦਾਤਾ ਨਾਲ ਅੱਤਵਾਦੀਆਂ ਵਾਗ ਸਲੂਕ ਨਹੀਂ ਕਰਨਾ ਚਾਹੀਦਾ ਅਤੇ ਸਮਝਣਾ ਚਾਹੀਦਾ ਹੈ ਇਹ ਉਹਨਾਂ ਦੇ ਪਿਤਾ ਤੇ ਭਰਾ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਹਨ। ਇਸ ਲਈ ਉਹਨਾਂ ਦੀ ਪੀੜ੍ਹੀ ਨੂੰ ਸਮਝਣਾ ਚਾਹੀਦਾ ਹੈ ਨਾ ਕੇ ਹਰਿਆਣਾ ਪੁਲਿਸ ਨੂੰ ਕਿਸਾਨਾਂ ਤੇ ਕਿਸੇ ਵੀ ਕਿਸਮ ਦਾ ਬਲ ਪ੍ਰਯੋਗ ਨਹੀਂ ਕਰਨਾ ਚਾਹੀਦਾ। ਇਸ ਅਤਿ ਘਨੋਲੀ ਕਾਰਵਾਈ ਵਿਰੁੱਧ ਪੰਜਾਬ ਸਰਕਾਰ ਨੂੰ ਵੀ ਹਰਿਆਣਾ ਪੁਲਿਸ ਵਿਰੁੱਧ ਸਖਤ ਕਾਰਵਾਈ ਕਰਨੀ ਚਾਹੀਦੀ ਹੈ ਉਹਨਾਂ ਅੱਗੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਜਾਣਬੁੱਝ ਕੇ ਬਲ ਪ੍ਰਯੋਗ ਕਰਕੇ ਅਤੇ ਕਿਸਾਨਾਂ ਉੱਤੇ ਤਸ਼ਦੱਦ ਢਾਹ ਕੇ ਹਰਿਆਣਾ ਸਰਕਾਰ ਕਿਸਾਨ ਅੰਦਲੋਨ ਨੂੰ ਹਿੰਸਕ ਕਰਨਾ ਚਾਹੁੰਦੀ ਹੈ। ਕਿਸਾਨਾਂ ਨਾਲ ਦੁਸ਼ਮਣ ਵਰਗਾ ਵਰਤਾਓ ਕਰਕੇ ਉਹਨਾਂ ਨੂੰ ਗ੍ਰਿਫ਼ਤਾਰ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਕਿਸਾਨ ਦੇਸ਼ ਦੇ ਲੋਕਾਂ ਦਾ ਢਿੱਡ ਭਰਦੇ ਹਨ ਅਤੇ ਕੇਂਦਰ ਸਰਕਾਰ ਅੰਨਦਾਤਾ ਨਾਲ ਦੇਸ਼ ਧਰੋਹੀਆਂ ਦੀ ਤਰ੍ਹਾਂ ਸਲੂਕ ਕਰ ਰਹੀ ਹੈ। ਸੋਢੀ ਨੇ ਕਿਹਾ ਕਿ ਜਦੋਂ ਇਕ ਵਪਾਰੀ ਵਪਾਰ ਕਰਨ ਵੇਲੇ ਲਾਭ ਅਤੇ ਹਾਨੀ ਦਾ ਹਿਸਾਬ ਰੱਖਕੇ ਕੰਮ ਕਰ ਸਕਦਾ ਹੈ ਤਾਂ ਦੇਸ਼ ਦਾ ਕਿਸਾਨ ਇਸ ਬਾਰੇ ਕਿਉ ਨਹੀਂ ਸੋਚ ਸਕਦਾ ਹੈ। ਕਿਸਾਨ ਨੂੰ ਵੀ ਹੋਰਨਾਂ ਵਰਗਾ ਦੀ ਤਰ੍ਹਾਂ ਆਪਣੀਆਂ ਵਾਜਬ ਮੰਗਾਂ ਲਈ ਅਵਾਜ਼ ਬੁਲੰਦ ਕਰਨ ਦਾ ਪੂਰਾ ਹੱਕ ਹੈ ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਉਹਨਾਂ ਦੀਆਂ ਮੰਗਾਂ ਪੂਰੀਆਂ ਕਰਨੀਆਂ ਚਾਹੀਦੀਆਂ ਹਨ ਅਤੇ ਕਿਸਾਨਾਂ ਨੂੰ ਅੰਦਲੋਨ ਕਰਨ ਲਈ ਮਜਬੂਰ ਨਹੀਂ ਕਰਨਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਜਨਮ ਦਿਹਾੜੇ

ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਜੀ ਅਤੇ ਜਨਮ ਦਿਹਾੜਾ ਸੰਤ ਗਿਆਨੀ ਗੁਰਬਚਨ ਸਿੰਘ ਭਿੰਡਰਾਂਵਾਲੇ ਅਤੇ ਸਲਾਨਾ ਬਰਸੀ ਸੰਤ ਬਾਬਾ ਸੁੰਦਰ ਸਿੰਘ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।





ਸ਼ਨੀਵਾਰ 17 ਫਰਵਰੀ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ। ਐਤਵਾਰ 18 ਫਰਵਰੀ 2024 10:30 ਵਜੇ ਤੋਂ 12:30 ਦੀਵਾਨ ਸਜਣਗੇ।

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜ਼ੇ ਤੱਕ ਭੋਗ ਪੈਣਗੇ।

ਕਥਾ ਵਾਚਕ ਗਿਆਨੀ ਗੁਰਮੀਤ ਸਿੰਘ ਸੂਹਰ ਗੁਰਦਾਸਪੁਰ ਵਾਲੇ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸ਼ਹੀਦੀ ਅਸਥਾਨ ਤੇ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਸਵ. ਬਾਬਾ ਸੋਹਣ ਸਿੰਘ ਕੰਗ ਦੀ ਮਿੱਠੀ ਯਾਦ ਤਾਜ਼ਾ ਕੀਤੀ ਗਈ

## ਧਰਮ ਪਤਨੀ ਬੀਬੀ ਬਲਬੀਰ ਕੌਰ ਜੀ ਕੰਗ ਤੇ ਬੇਟੇ ਜਸਕਰਨ ਸਿੰਘ ਕੰਗ ਦਾ ਸਰੋਪਾ ਸਾਹਿਬ ਨਾਲ ਸਨਮਾਨਤ ਕੀਤਾ ਗਿਆ





ਸ਼੍ਰੋਮਣੀ ਅਕਾਲੀ ਦੱਲ ਅਮ੍ਰਿੰਤਸਰ ਜਰਮਨੀ ਦੇ ਮੁੱਖੀ ਬਾਬਾ ਸੋਹਣ ਸਿੰਘ ਕੰਗ ਜੋ ਸਾਨੂੰ 27 ਜਨਵਰੀ 2023 ਵਿੱਚ ਸਦੀਵੀ ਵਿਛੋੜਾ ਦੇ ਗਏ ਸਨ। ਉਹਨਾ ਦੀ ਮਿੱਠੀ ਯਾਦ ਵਿੱਚ ਡਿਉਸਬਰਗ ਗੁਰਦਿਵਾਰੇ ਪੰਥਕ ਜਥੇਬੰਦੀਆ ਵਲੋਂ ਉਹਨਾ ਦੀ ਯਾਦ ਨੂੰ ਤਾਜਾ ਕਰਦਿਆ ਹੋਇਆ। ਉਹਨਾ ਦੀ ਧਰਮ ਪਤਨੀ ਬੀਬੀ ਬਲਬੀਰ ਕੌਰ ਜੀ ਕੰਗ. ਤੇ ਬੇਟੇ ਜਸਕਰਨ ਸਿੰਘ ਕੰਗ ਦਾ ਸਰੋਪਾ ਸਾਹਿਬ ਨਾਲ ਸਨਮਾਨਤ ਕੀਤਾ ਗਿਆ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

### ਸਟਰਾਅ ਬੇਰੀ ਦੀ ਸਫਲ ਕਾਸ਼ਤ ਕਰਕੇ ਸ਼ੇਰੇ ਪੰਜਾਬ ਸਿੰਘ ਕਾਹਲੋਂ ਕਿਸਾਨਾਂ ਲਈ ਰਾਹ-ਦਸੇਰਾ ਬਣਿਆ

## ਅਗਾਂਹਵਧੂ ਕਿਸਾਨ ਸ਼ੇਰੇ ਪੰਜਾਬ ਸਿੰਘ ਕਾਹਲੋਂ ਸਟਰਾਅ ਬੇਰੀ ਦੀ ਫ਼ਸਲ ਤੋਂ ਕਮਾ ਰਿਹਾ ਚੋਖੀ ਆਮਦਨ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 15 ਫਰਵਰੀ ( ਕੁਲਜੀਤ ਸਿੰਘ ਖੋਖਰ )**-ਮਿਹਨਤ ਅੱਗੇ ਲਕਸ਼ਮੀ ਅਤੇ ਪੱਖੇ ਅੱਗੇ ਪੌਣ ਦੀ ਕਹਾਵਤ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਵਿਰਕ ਦੇ ਅਗਾਂਹਵਧੂ ਕਿਸਾਨ ਸ਼ੇਰੇ ਪੰਜਾਬ ਸਿੰਘ ਕਾਹਲੋਂ ਨੇ ਸੱਚ ਕਰ ਦਿਖਾਇਆ ਹੈ। ਕਿਸਾਨ ਸ਼ੇਰੇ ਪੰਜਾਬ ਸਿੰਘ ਕਾਹਲੋਂ ਨੇ ਆਪਣੇ ਖੇਤਾਂ ਵਿੱਚ ਸਫਲ ਤਜ਼ਰਬਾ ਕਰਦਿਆਂ ਪੂਰੀ ਸਫਲਤਾ ਨਾਲ ਸਟਰਾਅ ਬੇਰੀ ਦੀ ਕਾਸ਼ਤ ਕੀਤੀ ਹੈ ਜਿਸ ਤੋਂ ਉਹ ਚੋਖੀ ਆਮਦਨ ਕਮਾ ਰਿਹਾ ਹੈ। ਸ਼ੇਰੇ ਪੰਜਾਬ ਸਿੰਘ ਨੇ ਇਸ ਫ਼ਸਲ ਦੀ ਕਾਸ਼ਤ ਕਰਕੇ ਜਿੱਥੇ ਫ਼ਸਲੀ ਵਿਭਿੰਨਤਾ ਲਿਆਂਦੀ ਹੈ ਓਥੇ ਨਾਲ ਹੀ ਪਾਣੀ ਦੀ ਬੱਚਤ ਕਰਨ ਵਿੱਚ ਵੀ ਆਪਣਾ ਯੋਗਦਾਨ ਪਾਇਆ ਹੈ ।ਅਗਾਂਹਵਧੂ ਕਿਸਾਨ ਸ਼ੇਰੇ ਪੰਜਾਬ ਸਿੰਘ ਕਾਹਲੋਂ ਨੇ ਦੱਸਿਆ ਕਿ ਉਹ ਪਿਛਲੇ 7 ਸਾਲਾਂ ਤੋਂ ਸਟਰਾਅ ਬੇਰੀ ਦੀ ਕਾਸ਼ਤ ਕਰ ਰਿਹਾ ਹੈ ।ਸ. ਕਾਹਲੋਂ ਨੇ ਦੱਸਿਆ ਕਿ ਉਸਨੇ ਇਸ ਸਾਲ ਵੀ 5 ਕਨਾਲ਼ਾਂ 'ਚ ਸਟਰਾਅ ਬੇਰੀ ਦੀ ਕਾਸ਼ਤ ਕੀਤੀ ਹੈ। ਉਸਨੇ ਦੱਸਿਆ ਕਿ ਉਹ ਸਟਰਾਅ ਬੇਰੀ ਦੀ ਮਾਰਕੀਟਿੰਗ ਵੀ ਖ਼ੁਦ ਕਰਦਾ ਹੈ ਅਤੇ ਦੂਸਰੀਆਂ ਫ਼ਸਲਾਂ ਦੇ ਮੁਕਾਬਲੇ ਉਸਨੂੰ ਇਸ ਫ਼ਸਲ ਵਿੱਚੋਂ ਵੱਧ ਆਮਦਨ ਹੋ ਰਹੀ ਹੈ। ਉਸਨੇ ਕਿਹਾ ਕਿ ਉਸਦੇ ਗ੍ਰਾਹਕ ਉਸ ਨਾਲ ਸਿੱਧਾ ਰਾਬਤਾ ਕਰਕੇ ਆਰਡਰ ਲਿਖਾ ਦਿੰਦੇ ਹਨ ਅਤੇ ਉਹ ਬਿਲਕੁਲ ਤਾਜ਼ੀ ਸਟਰਾਅ ਬੇਰੀ ਉਨ੍ਹਾਂ ਦੇ ਘਰ ਪਹੁੰਚਾ ਦਿੰਦਾ ਹੈ। ਅਜਿਹਾ ਕਰਨ ਨਾਲ ਉਸ ਨੂੰ ਬਜ਼ਾਰ ਨਾਲੋਂ ਵੱਧ ਰੇਟ ਮਿਲ ਜਾਂਦਾ ਹੈ।



**ਸਟਰਾਅ ਬੇਰੀ ਦੀ ਫ਼ਸਲ ਪੈਦਾ ਕਰਨਾ ਸਭ ਤੋਂ ਔਖਾ :** ਕਿਸਾਨ ਸ਼ੇਰੇ ਪੰਜਾਬ ਕਾਹਲੋਂ ਨੇ ਦੱਸਿਆ ਕਿ ਸਟਰਾਅ ਬੇਰੀ ਫਲ ਬਹੁਤ ਗੁਣਕਾਰੀ ਹੈ। ਉਸ ਨੇ ਦੱਸਿਆ ਕਿ ਸਟਰਾਅ ਬੇਰੀ ਦੀ ਬਿਜਾਈ ਅਕਤੂਬਰ ਮਹੀਨੇ ਚ ਕੀਤੀ ਜਾਂਦੀ ਹੈ ਅਤੇ ਇਹ ਫ਼ਸਲ ਪੱਕ ਕੇ ਫਰਵਰੀ ਮਹੀਨੇ 'ਚ ਤਿਆਰ ਹੁੰਦੀ ਹੈ। ਉਸ ਨੇ ਦੱਸਿਆ ਕਿ 20 ਫਰਵਰੀ ਤੋਂ ਬਾਅਦ ਇਸ ਦਾ ਮੰਡੀਕਰਨ ਕਰਨਾ ਸ਼ੁਰੂ ਹੋ ਜਾਂਦਾ ਹੈ। ਸ. ਕਾਹਲੋਂ ਨੇ ਦੱਸਿਆ ਕਿ ਸਟਰਾਬੇਰੀ ਦੀ ਫ਼ਸਲ ਦੀ ਕਾਸ਼ਤ ਬਹੁਤ ਔਖੀ ਹੈ ਅਤੇ ਇਸ ਨੂੰ ਭਾਰੀ ਠੰਢ ਅਤੇ ਮੀਂਹ ਤੋਂ ਬਚਾਉਣਾ ਪੈਂਦਾ ਹੈ। ਸਾਫ਼ ਮੌਸਮ ਇਸ ਲਈ ਬਹੁਤ ਲਾਹੇਵੰਦ ਹੈ। ਉਸਨੇ ਦੱਸਿਆ ਕਿ ਇਸ ਦੀ ਪਨੀਰੀ ਹਿਮਾਚਲ ਦੇ ਊਨਾ ਅਤੇ ਮਹਾਂਬਲੇਸਵਰ ਤੋਂ ਮਿਲਦੀ ਹੈ।

**ਪੰਛੀ ਬੁਲਬੁਲ ਪਹੁੰਚਾਉਂਦੀ ਹੈ ਭਾਰੀ ਨੁਕਸਾਨ :** ਸੇਰੇ ਪੰਜਾਬ ਨੇ ਦੱਸਿਆ ਕਿ ਪੰਛੀ ਬੁਲਬੁਲ ਇਸ ਨੂੰ ਨੁਕਸਾਨ ਪਹੁੰਚਾਉਂਦਾ ਹੈ। ਉਸ ਨੇ ਦੱਸਿਆ ਕਿ ਸਟਰਾਅ ਬੇਰੀ ਦਾ ਫਲ ਪੱਕ ਕੇ ਤਿਆਰ ਹੁੰਦਾ ਹੈ ਤਾਂ ਇਸ ਉੱਤੇ ਬੁਲਬੁਲ ਪੰਛੀ ਨੁਕਸਾਨ ਕਰਨਾ ਸ਼ੁਰੂ ਕਰ ਦਿੰਦਾ ਹੈ ।ਉਸ ਨੇ ਦੱਸਿਆ ਕਿ ਬੁਲਬੁਲ ਪੰਛੀ ਤੋਂ ਬਚਾਉਣ ਲਈ ਆਡੀਓ ਟੇਪ ਦਾ ਫੀਤਾ ਤੇ ਲਿਸ਼ਕਾਰੇ ਵਾਲੇ ਫੀਤੇ ਦੀ ਆਲੇ-ਦੁਆਲੇ ਵਾੜ ਕਰਨੀ ਪੈਂਦੀ ਹੈ।

**ਸੋਸ਼ਲ ਮੀਡੀਆ ਰਾਹੀਂ ਸ਼ੇਰੇ ਪੰਜਾਬ ਸਿੰਘ ਕਾਹਲੋਂ ਕਰਦਾ ਹੈ ਮੰਡੀਕਰਨ :** ਕਿਸਾਨ ਸ਼ੇਰੇ ਪੰਜਾਬ ਨੇ ਦੱਸਿਆ ਕਿ ਉਹ ਸਟਰਾਅ ਬੇਰੀ ਦਾ ਮੰਡੀਕਰਨ ਸੋਸ਼ਲ ਮੀਡੀਆ ਦੇ ਜਰੀਏ ਕਰਦਾ ਹੈ। ਉਸ ਨੇ ਦੱਸਿਆ ਕਿ ਜਦ ਉਹ ਫ਼ਸਲ ਨੂੰ ਪਹਿਲਾਂ ਮੰਡੀ ਵੇਚਦਾ ਸੀ ਤਾਂ ਉਸਨੂੰ ਭਾਅ ਕੁਝ ਘੱਟ ਮਿਲਦਾ ਸੀ ਅਤੇ ਫਿਰ ਉਸਨੇ ਸੋਸ਼ਲ ਮੀਡੀਆ ਰਾਹੀਂ ਆਪਣੀ ਫ਼ਸਲ ਦਾ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ। ਦੇਖਦੇ ਹੀ ਦੇਖਦੇ ਉਸਦੇ ਗਾਹਕ ਸਿੱਧੇ ਰੂਪ ਵਿੱਚ ਜੁੜਨੇ ਸ਼ੁਰੂ ਹੋ ਗਏ ਅਤੇ ਉਸ ਨੇ ਘਰੋ-ਘਰੀ ਸਿੱਧੀ ਸਪਲਾਈ ਸ਼ੁਰੂ ਕਰ ਦਿੱਤੀ ਅਤੇ ਉਸ ਦਾ ਮੁਨਾਫ਼ਾ ਦੁੱਗਣਾ ਹੋ ਗਿਆ। ਹੁਣ ਕਿਸਾਨ ਸ਼ੇਰੇ ਪੰਜਾਬ ਨੂੰ ਉਸਦੇ ਗਾਹਕ ਸਿੱਧਾ ਆਰਡਰ ਦਿੰਦੇ ਹਨ ਅਤੇ ਉਹ ਸਟਰਾਅ ਬੇਰੀ ਦੀ ਹੋਮ ਡਲਿਵਰੀ ਕਰ ਦਿੰਦਾ ਹੈ।

**ਕੀੜੀ ਅਤੇ ਫੰਗਿਸ ਤੋਂ ਬਚਾਉਣ ਲਈ ਖੱਟੀ ਲੱਸੀ ਤੇ ਨਿੰਮ ਦੀ ਕਰਦਾ ਹੈ ਸਪਰੇਅ :** ਕਿਸਾਨ ਸ਼ੇਰੇ ਪੰਜਾਬ ਨੇ ਕਿਹਾ ਕਿ ਉਹ ਸਟਰਾਅ ਬੇਰੀ ਦੀ ਫ਼ਸਲ ਆਰਗੈਨਿਕ ਤਰੀਕੇ ਨਾਲ ਪੈਦਾ ਕਰਦਾ ਹੈ ਅਤੇ ਫਲ ਨੂੰ ਕੀੜੀ ਅਤੇ ਫੰਗੀਸ ਤੋਂ ਬਚਾਉਣ ਲਈ ਖੱਟੀ ਲੱਸੀ ਅਤੇ ਨਿੰਮ ਦਾ ਛਿੜਕਾਅ ਕਰਦਾ ਹੈ, ਇਸ ਤੋ ਇਲਾਵਾ ਦੇਸੀ ਖਾਦ ਦੀ ਵਰਤੋਂ ਕਰਦਾ ਹੈ। ਸ਼ੇਰੇ ਪੰਜਾਬ ਸਿੰਘ ਕਾਹਲੋਂ ਨੇ ਦੂਸਰੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਣਕ-ਝੋਨੇ ਦੇ ਫ਼ਸਲੀ ਚੱਕਰ ਵਿੱਚੋਂ ਨਿਕਲ ਕੇ ਹੋਰ ਫ਼ਸਲਾਂ ਦੀ ਬਿਜਾਈ ਕਰਨ। ਉਨ੍ਹਾਂ ਕਿਹਾ ਕਿ ਖੇਤੀ ਮਾਹਿਰਾਂ ਦੀ ਸਲਾਹ ਅਤੇ ਸਹੀ ਜਾਣਕਾਰੀ ਅਤੇ ਆਪਣੀ ਮਿਹਨਤ ਨਾਲ ਕਿਸਾਨ ਆਪਣੇ ਖੇਤਾਂ ਵਿੱਚ ਸਫਲਤਾ ਦੀ ਨਵੀਂ ਇਬਾਰਤ ਲਿਖ ਸਕਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਨੌਜਵਾਨ ਵਰਗ ਨਸ਼ਿਆਂ ਦਾ ਤਿਆਗ ਕਰਕੇ ਗੁਰਬਾਣੀ ਦੇ ਲੜ ਲੱਗਣ ਸੰਤ ਬਾਬਾ ਹਰਦੀਪ ਸਿੰਘ ਫਤਿਹਗੜ ਗੰਢੂਆਂ

ਸੁਨਾਮ ( ਰਣਜੀਤ ਸਿੰਘ ਪੇਧਨੀ ) ਬ੍ਰਹਮ ਗਿਆਨੀ ਤੱਤ ਕੇ ਬੇਤੇ ਧੰਨ ਧੰਨ ਸੰਤ ਬਾਬਾ ਅਤਰ ਸਿੰਘ ਜੀ ਮਹਾਰਾਜ ਜੀ ਦੇ ਨਾਨਕੇ ਪਿੰਡ ਫਤਿਹਗੜ੍ਹ ਗੰਢੂਆਂ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਬਾਬਾ ਹਰਦੀਪ ਸਿੰਘ ਫਤਿਹਗੜ ਗੰਢੂਆਂ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੀ ਨੌਜਵਾਨੀ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਕਾਰਨ ਪੱਤਤਪੁਣੇ ਵੱਲ ਜਾ ਰਹੀ ਹੈ। ਉਹਨਾਂ ਨੂੰ ਸੰਤਾਂ, ਮਹਾਂਪੁਰਸ਼ਾਂ, ਗੁਰੂਆਂ ,ਪੀਰਾਂ ,ਪੈਗੰਬਰਾਂ ਦੀਆਂ ਸ਼ਹਾਦਤਾਂ ਕੁਰਬਾਨੀਆਂ ਤੋਂ ਸੇਧ ਲੈ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਨੌਜਵਾਨ ਨਸ਼ਿਆਂ ਦਾ ਤਿਆਗ ਕਰਕੇ ਚੰਗੇ ਸਮਾਜ, ਨੌਜਵਾਨ ਪੀੜੀ ਅਤੇ ਆਉਣ ਵਾਲੀਆਂ ਨਸਲਾਂ ਤੇ ਫਸਲਾਂ ਨੂੰ ਬਚਾਉਣ ਦੇ ਵਿੱਚ ਆਪਣਾ ਅਹਿਮ ਯੋਗਦਾਨ ਪਾਉਣ। ਉਹਨਾਂ ਕਿਹਾ ਕਿ ਅੱਜ ਸਾਡੀ ਨੌਜਵਾਨ ਪੀੜੀ ਪੱਛਮੀਂ ਸੱਭਿਆਚਾਰ ਦਾ ਪ੍ਰਭਾਵ ਕਬੂਲ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਵਿਚਾਰਧਾਰਾ ਤੋਂ ਦੂਰ ਹੁੰਦੀ ਜਾ ਰਹੀ। ਇਸ ਲਈ ਜਿੱਥੇ ਸਾਨੂੰ ਆਪਣੇ ਪ੍ਰਚਾਰ ਤੇ ਪ੍ਰਸਾਰ ਰਾਹੀਂ ਗੁਰੂ ਤੋਂ ਬੇਮੁਖ ਹੋਏ ਨੌਜਵਾਨਾਂ ਨੂੰ ਸ਼ਬਦ ਗੁਰੂ ਨਾਲ ਜੋੜਨਾ ਅਤੇ ਉਹਨਾਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।



## ਸੰਘਰਸ਼ ਦੇ ਰਾਹ ਤੇ ਤੁਰੇ ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਹਨਾਂ ਦੇ ਮਸਲਿਆਂ ਨੂੰ ਹੱਲ ਕਰੇ : ਪ੍ਰਧਾਨ ਜਸਬੀਰ ਸਿੰਘ ਭੋਲਾ

**ਚੌਂਕ ਮਹਿਤਾ 15 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸੰਘਰਸ਼ ਦੇ ਰਾਹ ਤੇ ਤੁਰੇ ਕਿਸਾਨਾਂ ਨੂੰ ਜਬਰੀ ਰੋਕਣ ਦੀ ਥਾਂ ਸਰਕਾਰ ਉਹਨਾਂ ਦੇ ਮਸਲਿਆਂ ਨੂੰ ਹੱਲ ਕਰੇ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਅੱਤਵਾਦ ਵਿਰੋਧੀ ਫਰੰਟ ਬਲਾਕ ਜੰਡਿਆਲਾ ਗੁਰੂ ਦੇ ਪ੍ਰਧਾਨ ਜਸਬੀਰ ਸਿੰਘ ਭੋਲਾ ਨੇ ਫਰੰਟ ਦੇ ਇੱਕਤਰ ਹੋਏ ਅਹੁਦੇਦਾਰਾ ਨਾਲ ਸਾਂਝੇ ਕਰਦਿਆਂ ਕਿਹਾ ਕਿ ਕਿਸਾਨ ਸਾਡਾ ਅੰਨ ਦਾਂ ਭੰਡਾਰ ਹੈ ਜੋ ਸੱਪਾ ਦੀਆ ਸਿਰੀਆ ਤੋ ਹੋ ਕੇ ਸਾਨੂੰ ਅੰਨ ਪ੍ਰਧਾਨ ਕਰਦਾ ਹੈ ਜਿਸਦੇ ਚਲਦੇ ਸਾਰੇ ਭਾਰਤ ਵਰਗ ਦੇ ਲੋਕ ਆਪੋ ਆਪਣੀ ਵਕਤੀ ਭੁੱਖ ਨੂੰ ਮਿਟਾਉਣ ਲਈ ਕਿਸਾਨ ਦੁਆਰਾ ਤਿਆਰ ਕੀਤੇ ਗਏ ਅੰਨਾਜ ਨੂੰ ਖ਼ਾ ਕੇ ਸੁੱਖ ਦਾ ਜੀਵਨ ਬਤੀਤ ਕਰਦੇ ਆ ਰਹੇ ਹਨ ਉਹਨਾ ਕਿਹਾ ਕਿ ਫਰਜ ਕਰੋ ਜੇਕਰ ਕਿਸਾਨਾਂ ਨੂੰ ਆਪਣੀ ਬੀਜੀ ਹੋਈ ਫਸਲ ਦਾ ਬਣਦਾ ਮੁੱਲ ਨਾ ਮਿਲੇ ਤਾਂ ਅੱਜ ਉਹ ਫਸਲ ਬੀਜਣੀ ਬੰਦ ਕਰ ਦਵੇ ਤਾਂ ਭੁੱਖ ਮਰੀ ਦੇ ਜੋ ਹਲਾਤ ਦੇਸ਼ ਵਿਚ ਪੈਦਾ ਹੋਣਗੇ ਸ਼ਾਇਦ ਉਸਦਾ ਜਿਕਰ ਕਰਨਾ ਵੀ ਮੁਨਕਿਨ ਹੈ ਉਹਨਾ ਕਿਹਾ ਕਿ ਕੇਂਦਰ ਸਰਕਾਰ ਦਾ ਰਵਈਆ ਅਖਤਿਆਰ ਜੋ ਅੱਜ ਰਿਹਾਂ ਹੈ ਜਿਸ ਨਾਲ ਕਈ ਕਿਸਾਨ ਗੰਭੀਰ ਰੂਪ ਵਿਚ ਜਖਮੀ ਹੋਏ ਹਨ ਉਸਦਾ ਖਮਿਆਜਾ ਵੀ ਸਰਕਾਰ ਨੂੰ ਆਉਣ ਵਾਲੇ ਸਮੇਂ ਵਿਚ ਭੁਗਤਨਾ ਪੈ ਸਕਦਾ ਹੈ ਜੇਕਰ ਉਹ ਕਿਸਾਨਾਂ ਦੀਆਂ ਬਣਦੀਆ ਹੱਕੀ ਮੰਗਾਂ ਨੂੰ ਨਹੀਂ ਮੰਨਦੀ ਮੋਦੀ ਸਰਕਾਰ ਨੂੰ ਅਜੇ ਵੀ ਚਾਹੀਦਾ ਹੈ ਕਿ ਉਹ ਅੜੀਅਲ ਰਵਈਏ ਨੂੰ ਛੱਡ ਕੇ ਕਿਸਾਨਾਂ ਦੀਆ ਬਣਦੀਆ ਜਾਇਜ ਮੰਗਾਂ ਨੂੰ ਮੰਨ ਲਵੇ ਤਾਂ ਕਿ ਕਿਸਾਨ ਮੁੜ ਵਾਪਸੀ ਕਰਕੇ ਆਪਣੀ ਜਨਮ ਭੂਮੀ ਖੇਤਾਂ ਵਿੱਚ ਬਿਨਾ ਮੱਤਭੇਦ ਦੇ ਅੰਨ ਉਗਾਉਣ ਵਿਚ ਰਾਜੀ ਰਹਿਣ ।ਜੇਕਰ ਗੱਲ ਕਰੀਏ ਹਰਿਆਣੇ ਦੀ ਤਾਂ ਉਹ ਹੁੱਣ ਤੱਕ ਪਹਿਚਾਣ ਨਹੀਂ ਪਾਏ ਕਿ ਉਹ ਪੰਜਾਬ ਦੇ ਪੁੱਤ ਕਿਸਾਨ ਹੀ ਹਨ ਬਲਕਿ ਬਾਡਰੋ ਪਾਰ ਪਾਕਿਸਤਾਨ ਤੋ ਆਏ ਹੋਏ ਕੋਈ ਟੈਰਿਸਟ ਨਹੀਂ । ਉਹਨਾ ਫੈਸਲਾ ਲਿਆ ਕਿ ਗੱਲ ਪੰਜਾਬ ਦੇ ਕਿਰਸਾਨਾ ਦੀਆ ਜਾਇਜ ਮੰਗਾਂ ਦੀ ਹੈ ਕੋਈ ਟੈਰਾਰਿਜਮ ਦੀ ਨਹੀਂ ਇਸ ਲਈ ਸਾਡਾ ਫਰੰਟ ਹਮੇਸ਼ਾ ਕਿਸਾਨਾ ਦੇ ਹੱਕ ਵਿਚ ਮੋਢੇ ਨਾਲ ਮੋਢਾ ਜੋੜਕੇ ਚਲਨ ਲਈ ਤੱਤਪਰ ਹੈ। ਇਸ ਮੌਕੇ ਉਹਨਾ ਬੜੇ ਪ੍ਰਭਾਵਸ਼ਾਲੀ ਹੋ ਕਿ ਕਿਹਾ ਕਿ ਕੇਂਦਰ ਸਰਕਾਰ ਨੂੰ ਦੇਸ਼ ਦੇ ਸੰਵਿਧਾਨ ਨੂੰ ਇਕ ਵਾਰ ਦੁਬਾਰਾ ਦੋਹਰਾ ਲੈਣਾ ਚਾਹੀਦਾ ਹੈ ਜਿਸ ਵਿੱਚ ਕਲਮ ਬੰਦ ਦਰਜ ਹੈ ਕਿ ਕੋਈ ਵੀ ਆਪਣੀ ਮੰਗ ਨੂੰ ਸਰਕਾਰਾਂ ਤੱਕ ਪਹੁੰਚਾਉਣ ਲਈ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਕਰ ਸਕਦਾ ਹੈ ਇਸ ਮੌਕੇ ਉਹਨਾਂ ਦੇ ਨਾਲ ਮੀਤ ਪ੍ਰਧਾਨ ਭੂਸ਼ਣ ਆਨੰਦ ਜਨਰਲ ਸਕੱਤਰ ਗੁਰਮੁਖ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ।



### ਪਾਕਿਸਤਾਨ ਵਿਅਕਤੀ ਨੇ ਸੰਯੁਕਤ ਰਾਸ਼ਟਰ ਦੇ ਚਾਰਟਰ ਵਿੱਚ

# ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਸ਼ਬਦ ਦਰਜ ਕਰਵਾ ਕੇ ਸਿੱਖ ਕੌਮ ਦਾ ਨਾਂ ਉੱਚਾ ਕੀਤਾ

**ਦੁਨੀਆਂ** ਦੇ ਸਮੂਹ ਦੇਸ਼ਾਂ ਦੀ ਸਾਂਝੀ ਸੰਸਥਾ ਸੰਯੁਕਤ ਰਾਸ਼ਟਰ ਜਿਸ ਦਾ ਮੁੱਖ ਮਕਸਦ ਹੈ ਅੰਤਰਰਾਸ਼ਟਰੀ ਅਮਨ ਬਣਿਆ ਰਹੇ ਤਾਂ ਜੋ ਵਿਸ਼ਵ ਰਾਜਨੀਤਿਕ, ਸਮਾਜਿਕ ਤੇ ਆਰਥਿਕ ਪ੍ਰਗਤੀ ਲਈ ਸਹਿਯੋਗ ਮਿਲ ਸਕੇ ।ਭਾਰਤ ਸਮੇਤ 193 ਮੁਲਕ ਇਸ ਵਿੱਚ ਮੈਂਬਰ ਹਨ । ਸਿੱਧੇ ਸ਼ਬਦਾਂ ਵਿੱਚ ਇਹ ਸਿਰਫ ਦੇਸ਼ਾਂ ਦੀ ਸੰਸਥਾ ਹੈ ਨਾ ਕਿ ਕੌਮਾਂ ਜਾਂ ਧਰਮਾਂ ਦੀ ਸੰਸਥਾ ਹੈ । ਇਸ ਕਰਕੇ ਸਿੱਖ ਕੌਮ ਕੋਲ ਕੋਈ ਦੇਸ਼ ਨਹੀਂ ਹੈ । ਇਸ ਲਈ ਇਸ ਦੀ ਦੇਸ਼ਾਂ ਵਿੱਚ ਨੁਮਾਇੰਦਗੀ ਨਹੀਂ ਹੈ ਪਰ ਮਾਨਵਤਾ ਦੇ ਰਹਿਬਰ ਵਜੋਂ ਜਾਣੇ ਜਾਂਦੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਸ਼ਬਦ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰ ਚਾਰਟਰ ਵਿੱਚ ਦਰਜ ਕਰਵਾਏ ਗਏ ਹਨ ਅਤੇ ਉਹ ਵੀ ਪਾਕਿਸਤਾਨ ਮੂਲ ਦੇ ਇੱਕ ਮੁਸਲਮਾਨ ਵੀਰ, ਡਾਕਟਰ ਇਕਤਿਦਾਰ ਚੀਮਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਸ਼ਬਦਾਂ ਨੂੰ ਸੰਯੁਕਤ ਰਾਸ਼ਟਰ ਦੇ ਚਾਰਟਰ ਵਿੱਚ ਦਰਜ ਕਰਵਾ ਕੇ ਉਹ ਕਾਰਜ ਕਰ ਦਿੱਤਾ ਗਿਆ ਹੈ ਜੋ ਕਿ ਵੱਡੇ-ਵੱਡੇ ਸਿੱਖ ਪ੍ਰਚਾਰਕਾਂ ਜਾਂ ਸਿੱਖਾਂ ਦੇ ਵੱਡੇ ਲੀਡਰਾਂ ਵੱਲੋਂ ਵੀ ਨਹੀਂ ਕੀਤਾ ਗਿਆ । ਡਾਕਟਰ ਚੀਮਾ ਨੇ ਦੱਸਿਆ ਕਿ 'ਯੂਨਾਈਟਿਡ ਨੇਸ਼ਨ ਹਿਊਮਨ ਰਾਈਟਸ' ਗੂਗਲ ਕਰੋ ਤਾਂ ਪੂਰਾ ਦਸਤਾਵੇਜ਼ ਮਿਲ ਜਾਵੇਗਾ।



ਉਹਨਾਂ ਨਾਲ ਬਹੁਤ ਸਾਰੇ ਦੋਸਤਾਂ ਨੇ ਸੰਪਰਕ ਕੀਤਾ ਤੇ ਕਿਹਾ ਕਿ ਮੈਂ ਛੋਟੀ ਵੀਡੀਓ ਰਿਲੀਜ਼ ਕਰਾਂ।ਯੂਨਾਈਟਿਡ ਨੇਸ਼ਨ ਨੇ ਇੱਕ ਨਵਾਂ ਚਾਰਟਰ ਫੁੱਲਫੇਥ ਰਾਈਟ ਦੇ ਨਾਂ ਨਾਲ ਬਣਾਇਆ। ਇਸ ਦਾ ਮਕਸਦ ਸੀ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਕਿਸ ਤਰ੍ਹਾਂ ਧਾਰਮਿਕ ਆਗੂ ਤੇ ਧਰਮ ਕਰ ਸਕਦੇ ਹਨ। ਡਾਕਟਰ ਚੀਮਾ ਡਰਾਫਟ ਕਮੇਟੀ ਦੇ ਚੇਅਰਮੈਨ ਸਨ। ਯੂਨਾਈਟਿਡ ਨੇਸ਼ਨ ਲੋਕਾਂ ਦੀ ਆਗੂ ਨਹੀਂ, ਉਹ ਮੁਲਕਾਂ ਦੀ ਆਗੂ ਹੈ। ਹਰੇਕ ਦੇਸ਼ ਨੇ ਆਪਣੇ-ਆਪਣੇ ਧਰਮਾਂ ਨੂੰ ਕੁਰਾਨ, ਤੌਰੈਤ (ਤੋਰਾ),ਬਾਈਬਲ ਨੂੰ ਯੂਨਾਈਟਿਡ ਨੇਸ਼ਨ ਵਿੱਚ ਦਰਜ ਕਰਵਾਇਆ ਹੈ, ਪਰ ਸਿੱਖ ਧਰਮ ਦੁਨੀਆਂ ਦਾ ਪੰਜਵਾਂ ਵੱਡਾ ਧਰਮ ਹੈ ।ਡਾਕਟਰ ਸਾਹਿਬ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੰਯੁਕਤ ਰਾਸ਼ਟਰ ਦੇ ਮਨੁੱਖੀ ਅਧਿਕਾਰ ਚਾਰਟਰ ਵਿੱਚ ਦਰਜ ਹੋਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਮੈਂ ਚਾਰ ਸ਼ਬਦ ਲਿਖ ਕੇ ਦਿੱਤੇ ਸਨ, ਜਿਨ੍ਹਾਂ ਵਿੱਚੋਂ ਤਿੰਨ ਸ਼ਬਦਾਂ ਨੂੰ ਸ਼ਾਮਲ ਕੀਤਾ ਗਿਆ ਹੈ। ਜੋ ਸ਼ਬਦ ਸ਼ਾਮਲ ਕੀਤੇ ਗਏ ਹਨ ਉਹ ਹੇਠ ਲਿਖੇ ਅਨੁਸਾਰ ਹਨ ।

**ਹੁਣਿ ਹੁਕਮੁ ਹੋਆ ਮਿਹਰਵਾਣ ਦਾ ।।**
**ਪੈ ਕੋਇ ਨ ਕਿਸੈ ਰਵਾਣਦਾ ।।**
**ਸਭ ਸੁਖਾਲੀ ਵੁਠੀਆ ਇਹੁ ਹੋਆ ਹਲੇਮੀ ਰਾਜੁ ਜੀਉ ।।**
**(ਸਿਰੀਰਾਗੁ ਮਹਲਾ 5, ਅੰਗ 24)**

**ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ।।**
**ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ।।**
**ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ।।**
**ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ।। 2 ।।**
**( ਆਸਾ ਕੀ ਵਾਰ, ਮ: 1, ਅੰਗ 413)**

**ਬ੍ਰਹਮ ਗਿਆਨੀ ਸਦਾ ਨਿਰਦੋਖ ।।**
**ਜੈਸੇ ਸੂਰੁ ਸਰਬ ਕਉ ਸੋਖ ।।**
**ਬ੍ਰਹਮ ਗਿਆਨੀ ਕੈ ਦ੍ਰਿਸਟਿ ਸਮਾਨਿ ।।**
**ਜੈਸੇ ਰਾਜ ਰੰਕ ਕਉ ਲਾਗੈ ਤੁਲਿ ਪਵਾਨ ।। 1 ।। 8 ।।**
**(ਗਉੜੀ ਸੁਖਮਨੀ ਮ: 5,ਅੰਗ 272)**

ਸੋ ਇਹ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਤਿੰਨ ਸ਼ਬਦ ਹਨ ਯੂਨਾਈਟਡ ਨੇਸ਼ਨ ਦੇ ਚਾਰਟਰ ਵਿੱਚ ਫੁੱਲਫੇਥ ਰਾਈਟ ਤੇ ਦਰਜ ਹਨ ।ਅਸੀਂ ਇਹ ਵੀ ਕੋਸ਼ਿਸ਼ ਕੀਤੀ ਹੈ ਕਿ ਯੂਨਾਈਟਿਡ ਨੇਸ਼ਨ ਦਾ ਡਾਕੂਮੈਂਟ ਫਰੈਂਚ,ਅਰਬੀ ਭਾਸ਼ਾ ਵਿੱਚ ਵੀ ਹੈ। ਯੂਨਾਈਟਿਡ ਨੇਸ਼ਨ ਦੇ 193 ਮੁਲਕਾਂ ਵਿੱਚ ਫਰੈਂਚ, ਅਰਬੀ ਟਰਾਂਸਲੇਸ਼ਨ ਦੇ ਨਾਲ-ਨਾਲ ਇਹ ਤਿੰਨ ਤੁਕਾਂ ਮਹਾਰਾਜ ਦੀ ਕਿਰਪਾ ਸਦਕਾ ਪਹੁੰਚੀਆਂ ਹਨ। ਹੁਣ ਸਾਡੀ ਜ਼ਿੰਮੇਵਾਰੀ ਹੈ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸੁਨੇਹਾ ਅਸੀਂ ਆਪ ਹੀ ਸਮਝੀਏ ਤੇ ਗੁਰੂ ਗ੍ਰੰਥ ਸਾਹਿਬ ਜੀ ਦਾ ਗਲੋਬਲ ਯੂਨੀਵਰਸਲ ਮੈਸੇਜ ਦੇਸ਼ਾਂ-ਵਿਦੇਸ਼ਾਂ ਵਿੱਚ ਲੈ ਕੇ ਪਹੁੰਚੀਏ।

ਡਾਕਟਰ ਇਕਤਿਦਾਰ ਚੀਮਾ ਦਾ ਬਹੁਤ-ਬਹੁਤ ਧੰਨਵਾਦ ।ਗੁਰੂ ਨਾਨਕ ਸਾਹਿਬ ਕਿਸ ਤੇ ਕਿਰਪਾ ਕਰਕੇ ਆਪਣੇ ਕਾਰਜ ਕਰਵਾ ਲੈਣ, ਇਹ ਕੋਈ ਨਹੀਂ ਜਾਣਦਾ । ਸੋਸ਼ਲ ਮੀਡੀਆ ਤੇ ਚੱਲ ਰਹੀ ਇਹ ਵੀਡੀਓ ਇਹਨਾਂ ਸਤਰਾਂ ਦੇ ਲੇਖਕ ਨੂੰ ਬਹੁਤ ਪਸੰਦ ਆਈ , ਇਸ ਲਈ ਇਹ ਪੇਸ਼ ਕਰ ਰਿਹਾ ਹਾਂ।

**ਪੇਸ਼ਕਸ : ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**#1138/63-ਏ ਗੁਰੂ ਤੇਗ. ਬਹਾਦਰ ਨਗਰ, ਗਲੀ ਨੰਬਰ 1,**
**ਚੰਡੀਗੜ੍ਹ ਰੋਡ, ਜਮਾਲਪੁਰ, ਲੁਧਿਆਣਾ ।**

### ਧਰਤੀ ਮਾਂ ਨੂੰ ਰੁੱਖਾਂ ਨਾਲ ਸ਼ਿੰਗਾਰਨ ਲਈ

# ਏਕ ਪੇੜ ਦੇਸ਼ ਦੇ ਨਾਮ ਮੁਹਿੰਮ ਦੀ ਸ਼ੁਰੂਆਤ : ਇੰਜ ਕੋਹਲੀ

**ਚੌਕ ਮਹਿਤਾ, 15 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**- ਲੋਕਾਂ 'ਚ ਵਾਤਾਵਰਨ ਪ੍ਰਤੀ ਜਾਗਰੂਕਤਾ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਜਗਾਉਣ ਲਈ ਵਾਤਾਵਰਣ ਸੰਭਾਲ ਗਤੀਵਿਧੀਆਂ ਤਹਿਤ ਬਸੰਤ ਪੰਚਮੀ ਤੇ ਇਕ ਸਾਲ ਤਕ ਚਲਣ ਵਾਲੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। *ਇੱਕ ਪੇੜ ਦੇਸ਼ ਦੇ ਨਾਮ* ਅਭਿਆਨ ਸਮਿਤੀ ਦੇ ਸੂਬਾ ਜਨਰਲ ਸਕੱਤਰ ਇੰਜ ਦਲਜੀਤ ਸਿੰਘ ਕੋਹਲੀ ਨੇ ਸਾਰੇ ਵਾਤਾਵਰਣ ਪ੍ਰੇਮੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਇਸ ਮੁਹਿੰਮ ਨਾਲ ਜੁੜਕੇ ਧਰਤੀ ਨੂੰ ਰੁੱਖਾਂ ਨਾਲ ਸ਼ਿੰਗਾਰਨ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਪੂਰੇ ਸੂਬੇ ਵਿਚ ਸਮਾਜਿਕ, ਵਿੱਦਿਅਕ, ਧਾਰਮਿਕ ਸੰਸਥਾਵਾਂ ਨੂੰ ਮਿਲਕੇ ਇਸ ਅਭਿਆਨ ਨੂੰ ਗਤੀ ਦਿੱਤੀ ਜਾਵੇਗੀ। ਮੁਹਿੰਮ ਦੀ ਸ਼ੁਰੂਆਤ ਅੱਜ ਸਵੇਰੇ 10 ਵਜੇ ਸੰਤ ਸਿੰਘ ਸੁੱਖਾ ਸਿੰਘ ਕਾਲਜ਼ ਆਫ਼ ਕਾਮਰਸ ਅਮ੍ਰਿਤਸਰ ਵਿੱਚ ਇੰਜ ਦਲਜੀਤ ਸਿੰਘ ਕੋਹਲੀ, ਸ਼੍ਰੀ ਸੰਦੀਪ ਸਲ੍ਹੋਤਰਾ ਸਹਿ ਸੰਯੋਜਕ ਹਰਿਆਵਲ ਪੰਜਾਬ, ਪ੍ਰਿੰਸੀ. ਸਵਿਤਾ ਖੰਨਾ, ਇੰਜ ਮਨਜੀਤ ਸਿੰਘ ਸੈਣੀ ਜਨ ਸਕੱਤਰ ਅੰਮ੍ਰਿਤਸਰ ਹਰਿਆਵਲ ਮੰਚ, ਅਵਤਾਰ ਸਿੰਘ ਬੁੱਟਰ, ਇਕਬਾਲ ਸਿੰਘ ਤੁੰਗ, ਕਾਲਜ ਦੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨਾਲ ਮਿਲ ਕੇ ਪਿੱਪਲ ਦਾ ਪੌਦਾ ਲਗਾ ਕੇ ਕੀਤੀ ਗਈ। ਪ੍ਰਿੰਸੀ. ਸਵਿਤਾ ਖੰਨਾ ਨੇ ਸਾਲ 2022 ਵਿੱਚ ਹਰਿਆਵਲ ਪੰਜਾਬ ਦੀ ਟੀਮ ਵੱਲੋਂ ਲਗਾਏ ਬੋਹੜ-ਸਹਿਤੂਤ ਆਦਿ ਪੌਦੇ ਦਿਖਾਏ, ਜੋ ਪੂਰੇ ਜੋਬਨ ਵਿੱਚ ਸਨ । ਏਕ ਪੇੜ ਦੇਸ਼ ਦੇ ਨਾਮ ਮੁਹਿੰਮ ਦੇ ਦੂਜੇ ਪੜਾਅ ਵਿੱਚ ਹਰਿਆਵਲ ਯੋਧਿਆਂ ਦੀ ਉਪਰੋਕਤ ਟੀਮ ਵਲੋਂ *ਨਿਊ ਅੰਮ੍ਰਿਤਸਰ ਦੇ *ਬੀ ਐਸ ਯੂ ਪੀ ਏ ਫਲੈਟਾਂ ਵਿਚ ਮੈਡਮ ਜਿਓਤੀ ਚੱਤਰਥ ਪ੍ਰੈਜ਼ੀਡੈਂਟ #ਜਾਗ੍ਰਤੀ ਜੀਵਨ ਵੈਲਫੇਅਰ ਸੋਸਾਇਟੀ# ,ਡਾ ਕੰਵਰਜੀਤ ਸਿੰਘ ਹੁੰਦਲ, ਗੁਰਦਿਆਲ ਮਾਹਵਾ, ਮਾਹਲ ਸਾਹਿਬ, ਸਲਵੰਤ ਸਿੰਘ, ਸ਼੍ਰੀ ਨਿੱਕੂ ਜੀ ਨਾਲ ਮਿਲਕੇ ਸ੍ਰ ਹਰਪਾਲ ਸਿੰਘ ਰੰਧਾਵਾ ਐਸ ਪੀ ਟ੍ਰੈਫਿਕ ਅਮ੍ਰਿਤਸਰ ਦੀ ਅਗਵਾਈ ਹੇਠ ਪੌਦਾਰੋਪਨ ਕੀਤਾ ਅਤੇ ਏਸ ਪੌਦਾਰੋਪਨ ਨੂੰ ਸ੍ਰ ਅਤੇ ਸਰਦਾਰਨੀ ਸ੍ਰ ਦਲਜੀਤ ਸਿੰਘ ਗੁਰਾਇਆ ਮੁਖੀ ਟ੍ਰੈਫਿਕ ਐਜੂਕੇਸ਼ਨ ਸੈਲ ਅੰਮ੍ਰਿਤਸਰ ਦੇ ਵਿਆਹ ਦੀ ਵਰ੍ਹੇਗੰਢ ਦੀਆਂ ਖੁਸ਼ੀਆਂ ਨੂੰ ਸਮਰਪਿਤ ਕਰਦੇ ਹੋਏ ਸਾਰਿਆਂ ਮਿਲਕੇ ਕੇਕ ਕੱਟਿਆ ਅਤੇ ਖ਼ੁਸ਼ੀਆਂ ਮਨਾਈਆਂ। ਇਹਨਾਂ ਪੌਦਿਆਂ ਦੀ ਨਿਗਰਾਨੀ ਦਾ ਜਿੰਮਾ ਡਾ ਹੁੰਦਲ ਸਾਹਿਬ ਨੇ ਸਵੈਂ ਇੱਛਾ ਨਾਲ ਲਿਆ।



*ਏਕ ਪੇੜ ਦੇਸ਼ ਦੇ ਨਾਮ ਅਭਿਆਨ* ਦੇ ਤੀਸਰੇ ਚਰਣ ਵਿਚ ਹਰਿਆਵਲ ਯੋਧਿਆਂ ਦੀ ਟੀਮ ਦੇਸ਼ ਦੀ ਨਾਮਵਰ ਵਿਦਿਅਕ ਸੰਸਥਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਸੋਸ਼ਲ ਸਾਇੰਸ ਵਿਭਾਗ ਦੀ ਮੁਖੀ ਪ੍ਰੋ. ਅੰਜਲੀ ਮੇਹਰਾ, ਡਾ ਗੁਰਸਮਿੰਦਰ ਸਿੰਘ, ਕਿਰਨ ਵਿੱਜ ਪ੍ਰੈਜ਼ੀਡੈਂਟ, #ਕਿਰਨ ਏ ਕ੍ਰੀਏਟਿਵ ਵੋਮੈਨ ਸੋਸਾਇਟੀ#, ਡਾ ਰਚਨਾ, ਵਿਭੂਤੀ ਸ਼ਰਮਾ, ਡਾ ਹਰਜੀਤ ਅਰੋੜਾ, ਪ੍ਰੋ ਰਾਜੀਵ ਸ਼ਰਮਾ, ਪ੍ਰੋ ਰਾਜਨ, ਸਮੂਹ ਸਟਾਫ਼ ਅਤੇ ਵਿਦਿਆਰਥੀਆਂ ਨੇ ਏਕ ਪੇੜ ਦੇਸ਼ ਦੇ ਨਾਮ ਅਭਿਆਨ ਤਹਿਤ ਪੌਦਾਰੋਪਨ ਕੀਤਾ। ਪ੍ਰੋ ਅੰਜਲੀ ਮੇਹਰਾ ਵਿਭਾਗ ਮੁਖੀ ਵਲੋਂ ਮੁਹਿੰਮ ਨੂੰ ਪੂਰਨ ਸਹਿਯੋਗ ਦੇਣ ਦਾ ਐਲਾਨ ਕੀਤਾ। *ਏਕ ਪੇੜ ਦੇਸ਼ ਦੇ ਨਾਮ ਅਭਿਆਨ* ਦੇ ਚੌਥੇ ਚਰਣ ਵਿਚ ਹਰਿਆਵਲ ਯੋਧਿਆਂ ਦੀ ਉਪਰੋਕਤ ਟੀਮ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਬੋਟਨੀ ਵਿਭਾਗ ਦੀ ਮੁਖੀ ਸਤਵਿੰਦਰਜੀਤ ਕੌਰ, ਪ੍ਰੋ ਸ਼ੌਕਤ, ਵਿਦਿਆਰਥੀਆਂ ਅਤੇ ਸਟਾਫ ਨੂੰ ਉਹਨਾਂ ਦੀ ਇਛਾ ਅਨੁਸਾਰ ਪੌਦੇ ਦਿੱਤੇ।ਇੰਜ ਦਲਜੀਤ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਵਿਚ ਦਸਿਆ ਕਿ ਹਜ਼ਾਰਾਂ ਸਾਲਾਂ ਤੋਂ ਧਰਤੀ ਮਾਂ ਇਨਸਾਨ ਦੀਆਂ ਮੌਲਿਕ ਲੋੜਾਂ ਪੂਰੀਆਂ ਕਰ ਰਹੀ ਹੈ।ਅਜੋਕੇ ਸਮੇਂ ਉਦਯੋਗਿਕ ਕ੍ਰਾਂਤੀ ਅਤੇ ਹਰਿਤ ਕ੍ਰਾਂਤੀ ਤੋਂ ਬਾਅਦ ਧਰਤੀ ਬੰਜਰ, ਧਰਤੀ ਹੇਠਲੇ ਪਾਣੀ ਦਾ ਪੱਧਰ ਨੀਵਾਂ ਅਤੇ ਹਵਾ ਜ਼ਿਹਰੀਲੀ ਹੋਣੀ ਸ਼ੁਰੂ ਹੋ ਗਈ ਹੈ। ਉਨ੍ਹਾਂ ਕਿਹਾ ਕਿ ਧਰਤੀ ਤੇ ਲੋੜੀਂਦਾ ਗ੍ਰੀਨ ਕਵਰ 34-35 ਪ੍ਰਤੀਸ਼ਤ ਤੋਂ ਘੱਟ ਕੇ ਲਗਭਗ ਮਸਾਂ 4-6.5 ਪ੍ਰਤੀਸ਼ਤ ਰਹਿ ਗਿਆ ਹੈ। ਜਿਸ ਕਰਕੇ ਆਲਮੀ ਤਪਸ਼ ਵਿਚ ਬੇਇੰਤਹਾ ਵਾਧਾ ਹੋ ਰਿਹਾ ਹੈ, ਜਿਸ ਨੂੰ ਨਿਅੰਤਰਣ ਵਿਚ ਰੱਖਣ ਅਤੇ ਧਰਤੀ ਮਾਂ ਨੂੰ ਸ਼ਿੰਗਾਰਨ ਲਈ ਵੱਧ ਤੋਂ ਵੱਧ ਰੁੱਖ ਲਗਾਏ ਜਾਣੇ ਚਾਹੀਦੇ ਹਨ। ਇਸ ਮੌਕੇ ਵਿਭਾਗ ਦੇ ਮੁੱਖੀ ਪ੍ਰੋ ਸਤਵਿੰਦਰਜੀਤ ਕੌਰ, ਪ੍ਰੋ ਸ਼ੌਕਤ ਅਤੇ ਐਨ ਐਸ਼ ਸ਼ੀ ਦੀ ਵਿਦਿਆਰਥਣ ਨਿਸ਼ਾ ਨੇ ਵੀ ਇਸ ਮੁਹਿੰਮ ਦੀ ਤਾਰੀਫ ਕਰਦੇ ਹੋਏ ਇਸ ਨੂੰ ਸਮੇਂ ਦੀ ਮੁੱਖ ਲੋੜ ਦੱਸਿਆ ਅਤੇ ਉਨ੍ਹਾਂ ਨੇ ਭਰਭੂਰ ਸਾਥ ਦੇਣ ਦਾ ਵਾਅਦਾ ਕੀਤਾ। ਉਤੇ ਲਿਖੀਆਂ ਹੋਈਆਂ ਗੱਲਾਂ ਨੂੰ ਸਾਹਮਣੇ ਰੱਖਦੇ ਹੋਏ *ਏਕ ਪੇੜ ਦੇਸ਼ ਦੇ ਨਾਮ ਅਭਿਆਨ* ਦੀ ਸ਼ੁਰੂਆਤ ਕੀਤੀ ਗਈ ਹੈ। ਮੈਡਮ ਕਿਰਨ ਵਿੱਜ ਨੇ ਦਸਿਆ ਕਿ ਅਭਿਆਨ ਦਾ ਅਗਲਾ ਪੜਾਅ #ਦੇਸੀ ਬੀਜਾਂ ਤੇ ਮੁਹਾਰਿਤ ਹਾਸਿਲ# ਅਤੇ ਵਾਤਾਵਰਨ ਪ੍ਰੇਮੀ ਪੂਨਮ ਸ਼ਰਮਾ ਦੇ ਗ੍ਰਹਿ ਵਿਖੇ ਹੋਇਆ। ਇਸ ਮੌਕੇ ਪੂਨਮ ਸ਼ਰਮਾ ਵਲੋਂ ਸਾਰੇ ਹਰਿਆਵਲ ਯੋਧਿਆਂ ਨੂੰ ਕੋਧਰੇ ਦੇ grains ਦੇ ਸਵਾਦਿਸ਼ਟ ਪਲਾਓ ਦਾ ਭੋਜਨ ਕਰਵਾਇਆ। ਪੂਨਮ ਸ਼ਰਮਾ ਵਲੋਂ ਗੁਰੂਦਵਾਰਿਆਂ, ਮੰਦਿਰਾਂ ਦੇ ਵਿਚ ਚੜ੍ਹਾਵੇ ਦੇ ਫੁੱਲਾਂ ਤੋਂ ਤਿਆਰ ਕੀਤਾ ਗਿਆ ਦਿਖਾਇਆ ਅਤੇ ਇਸ ਨੂੰ ਤਿਆਰ ਕਰਨ ਦੀ ਵਿਧੀ ਬਾਰੇ ਜਾਣਕਾਰੀ ਦਿੱਤੀ। ਇੰਜ ਮਨਜੀਤ ਸਿੰਘ ਸੈਣੀ ਤੇ ਮੈਡਮ ਕਿਰਨ ਵਿੱਜ ਨੇ ਏਕ ਪੇੜ ਦੇਸ਼ ਦੇ ਨਾਮ ਅਭਿਆਨ ਦੀ ਸ਼ੁਰੂਆਤ ਅਤੇ ਸਫ਼ਲ ਆਯੋਜਨ ਵਾਸਤੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇੰਜ ਦਲਜੀਤ ਸਿੰਘ ਕੋਹਲੀ ਨੇ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਲੋਕਾਂ ਦੇ ਦਿਲਾਂ 'ਚ ਵਾਤਾਵਰਣ ਸੰਭਾਲ ਦੀ ਭਾਵਨਾ ਬੀਜਣਾ ਹੈ।

# ਐਸ ਐਚ ਓ ਸੌਰਭ ਸਭਰਵਾਲ ਦੀ ਟੀਮ ਨੇ ਕਾਰ ਚੋਰੀ ਕਰਨ ਵਾਲੇ 1 ਵਿਆਕਤੀ ਨੂੰ ਕੀਤਾ ਗ੍ਰਿਫ਼ਤਾਰ



**ਧੂਰੀ (ਪ੍ਰਵੀਨ ਕੁਮਾਰ)**-ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਉਸ ਵਕਤ ਕਾਮਯਾਬੀ ਮਿਲੀ ਜਦੋਂ ਜਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ ਦੇ ਦਿਸ਼ਾ ਨਿਰਦੇਸ਼ਾਂ ਅਤੇ ਤਲਵਿੰਦਰ ਸਿੰਘ ਗਿੱਲ PPS, DSP ਸਾਹਿਬ ਧੂਰੀ ਜੀ ਦੀ ਅਗਵਾਹੀ ਹੇਠ ਕੰਮ ਕਰਦੇ ਹੋਏ ਮੁੱਖ ਅਫਸਰ ਥਾਣਾ ਸਿਟੀ ਧੂਰੀ ਥਾਣਾ ਮੁਖੀ ਸੌਰਭ ਸਭਰਵਾਲ ਦੀ ਟੀਮ ਨੇ ਕਾਰ ਚੋਰੀ ਕਰਨ ਵਾਲੇ 1 ਵਿਆਕਤੀ ਨੂੰ ਕਾਬੂ ਕੀਤਾ। ਮੁੱਖ ਅਫਸਰ ਥਾਣਾ ਸਿਟੀ ਧੂਰੀ ਥਾਣਾ ਮੁਖੀ ਸੌਰਭ ਸਭਰਵਾਲ ਨੇ ਹੋਰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਿਤੀ 13.02.2024 ਨੂੰ ਗੁਰਮੀਤ ਸਿੰਘ ਪੁੱਤਰ ਗੁਰਪਾਲ ਸਿੰਘ ਵਾਸੀ ਕੋਟ ਮੰਗਲ ਲੁਧਿਆਣਾ ਜੋ ਬੱਚਿਆ ਸਮੇਤ ਕੱਲ ਮਿਤੀ 13.02.2024 ਨੂੰ ਆਪਣੇ ਮਾਸੜ ਜੀ ਦੇ ਘਰ ਕ੍ਰਾਂਤੀ ਚੌਕ ਧੂਰੀ ਵਿਖੇ ਆਏ ਸੀ, ਜਿਸ ਨੇ ਆਪਣੀ ਗੱਡੀ ਨੰਬਰੀ ਪੀ.ਬੀ. 10 ਏ.ਆਰ. 6630 ਮਰਕਾ ਮਾਰੂਤੀ ਜੈਨ ਰੰਗ ਚਿੱਟਾ ਜੋ ਕ੍ਰਾਂਤੀ ਚੌਕ ਵਿਖੇ ਬਣੇ ਮੰਦਰ ਦੇ ਸਾਹਮਣੇ ਪਲਾਟ ਵਿੱਚ ਖੜੀ ਕਰ ਦਿੱਤੀ ਸੀ ਜਦੋ ਗੁਰਮੀਤ ਸਿੰਘ ਕਰੀਬ 09:25 ਸ਼ਾਮ ਆਪਣੇ ਮਾਸੜ ਜੀ ਦੇ ਘਰੋ ਬਾਹਰ ਆਇਆ ਤਾਂ ਉਸ ਦੀ ਗੱਡੀ ਵਿੱਚ ਕੋਈ ਨਾ-ਮਾਲੂਮ ਵਿਅਕਤੀ ਬੈਠਾ ਸੀ ਅਤੇ ਗੱਡੀ ਸਟਾਰਟ ਕੀਤੀ ਹੋਈ ਸੀ ਜਦੋਂ ਮੁਦਈ ਮੁਕਦਮਾ ਗੱਡੀ ਦੇ ਪਾਸ ਪੁਜਾ ਤਾਂ ਨਾ-ਮਾਲੂਮ ਵਿਅਕਤੀ ਗੱਡੀ ਨੰਬਰੀ ਪੀਬੀ 10 ਏ.ਆਰ. 6630 ਮਰਕਾ ਮਾਰੂਤੀ ਜੈਨ ਰੰਗ ਚਿੱਟਾ ਚੋਰੀ ਕਰਕੇ ਲੈ ਗਿਆ। ਜਿਸ ਸਬੰਧੀ ਤੁਰੰਤ ਕਾਰਵਾਈ ਕਰਦੇ ਹੋਏ ਮੁੱਕਦਮਾ ਨੰਬਰ: 18 ਮਿਤੀ 14.02.2024 ਅ/ਧ 379 ਆਈ ਪੀ. ਸੀ. ਥਾਣਾ ਸਿਟੀ ਧੂਰੀ ਨੂੰ ਦਰਜ ਰਜਿਸਟਰ ਕੀਤਾ ਗਿਆ ਅਤੇ ਦੌਰਾਨੇ ਤਫਤੀਸ਼ ਸ੍ਰੀ ਤਲਵਿੰਦਰ ਸਿੰਘ ਗਿੱਲ ਪੀ. ਪੀ. ਐਸ., ਡੀ. ਐਸ਼ ਪੀ. ਸਾਹਿਬ ਧੂਰੀ ਜੀ ਦੇ ਨਿਗਰਾਨੀ ਹੇਠ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ। ਜਿਸ ਸਬੰਧੀ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਕਾਰ ਚੋਰੀ ਕਰਨ ਵਾਲੇ ਦੋਸੀ ਨੂੰ 15 ਘੰਟੀਆਂ ਦੇ ਵਿੱਚ ਹੀ ਗ੍ਰਿਫਤਾਰ ਕੀਤਾ ਗਿਆ, ਜਿਸ ਨੇ ਆਪਣਾ ਨਾਮ ਸ਼ਿਬੂ ਪੁੱਤਰ ਸਤਪਾਲ ਵਾਸੀ ਥੋੜ੍ਹਾਂ ਗੇਟ ਨਾਭਾ ਦੱਸਿਆ ਜਿਸ ਤੋ ਡੂੰਘਾਈ ਨਾਲ ਪੁਛ-ਗਿੱਛ ਕਰਕੇ ਚੋਰੀ ਸ਼ੁਦਾ ਗੱਡੀ ਨੰਬਰੀ ਪੀਬੀ10-ਏ. ਆਰ.-6630 ਮਰਕਾ ਮਾਰੂਤੀ ਜੈਨ ਰੰਗ ਚਿੱਟਾ ਬ੍ਰਾਮਦ ਕਰਵਾਈ ਗਈ ਹੈ।

# ਕਿਸਾਨਾਂ 'ਤੇ ਹੋ ਰਹੇ ਅੱਤਿਆਚਾਰ ਨਾਲ ਭਗਵੰਤ ਮਾਨ ਸਰਕਾਰ ਹਰਿਆਣਾ ਸਰਕਾਰ ਨਾਲ ਸਖਤੀ ਨਾਲ ਨਜਿੱਠੇ- ਕ੍ਰਿਸ਼ਨ ਭਾਗੀਵਾਂਦਰ

**ਤਲਵੰਡੀ ਸਾਬੋ, 15 ਫਰਵਰੀ (ਗੁਰਜੰਟ ਸਿੰਘ ਨਥੇਹ)**-ਕਿਸਾਨਾਂ ਵੱਲੋਂ ਆਪਣੀਆਂ ਮੰਗਾਂ ਮੰਗਵਾਉਣ ਲਈ ਦਿੱਲੀ ਕੂਚ ਦੇ ਤੀਜੇ ਦਿਨ ਵੀ ਹਰਿਆਣਾ ਪੁਲਸ ਦੀ ਸਖਤੀ ਕਾਰਨ ਹਰਿਆਣਾ ਬਾਰਡਰ ਤੇ ਹਰਿਆਣਾ ਪੁਲੀਸ ਅਤੇ ਪ੍ਰਦਰਸ਼ਨਕਾਰੀ ਕਿਸਾਨਾਂ ਵਿਚਕਾਰ ਟਕਰਾਓ ਲਗਾਤਾਰ ਜਾਰੀ ਹੈ। ਫਿਰ ਵੀ ਕਿਸਾਨਾਂ ਵੱਲੋਂ ਸ਼ੰਭੂ ਅਤੇ ਖਨਨੌਰੀ ਬਾਰਡਰ ਤੋਂ ਹਰਿਆਣਾ ਵਿੱਚ ਦਾਖਲ ਹੋਣ ਦੀਆਂ ਕੋਸ਼ਿਸ਼ਾਂ ਜਾਰੀ ਹਨ ਅਤੇ ਹਰਿਆਣਾ ਪੁਲਸ ਵਲੋਂ ਕਿਸਾਨਾਂ 'ਤੇ ਹੰਝੂ ਗੈਸ ਦੇ ਗੋਲੇ ਦਾਗੇ ਜਾ ਰਹੇ ਹਨ ਅਨੇਕਾਂ ਕਿਸਾਨ ਜਖਮੀ ਵੀ ਹੋਏ ਹਨ ਕਿਸਾਨਾਂ ਦੇ ਹੱਕ ਵਿੱਚ ਡਟ ਕੇ ਖੜੇ ਤਲਵੰਡੀ ਸਾਬੋ ਕਾਂਗਰਸ ਬਲਾਕ ਪ੍ਰਧਾਨ ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਫੋਨ 'ਤੇ ਗਲਬਾਤ ਕਰਦਿਆਂ ਕਿਹਾ ਕਿ ਪੰਜਾਬ ਦੇ ਕਿਸਾਨਾਂ 'ਤੇ ਪੰਜਾਬ ਵਿੱਚ ਹੀ ਹਰਿਆਣਾ ਪੁਲਸ ਵੱਲੋਂ ਕਿਸਾਨਾਂ 'ਤੇ ਕੀਤੇ ਜਾ ਰਹੇ ਅੱਤਿਆਚਾਰਾਂ ਨਾਲ ਭਗਵੰਤ ਮਾਨ ਦੀ ਸਰਕਾਰ ਨੂੰ ਸਖ਼ਤੀ ਨਾਲ ਨਜਿੱਠਣਾ ਚਾਹੀਦਾ ਹੈ। ਕ੍ਰਿਸ਼ਨ ਸਿੰਘ ਭਾਗੀਵਾਂਦਰ ਨੇ ਕਿਹਾ ਕਿ ਮੋਦੀ ਸਰਕਾਰ ਨੇ ਕਿਸਾਨਾਂ ਨੂੰ ਘੱਟੋ-ਘੱਟ ਸਮਰਥਨ ਮੁੱਲ ਦੀ ਕਾਨੂੰਨੀ ਗਾਰੰਟੀ ਦੇਣ ਦਾ ਵਾਅਦਾ ਪੂਰਾ ਨਹੀਂ ਕੀਤਾ ਅਤੇ ਨਾ ਹੀ ਕਰਜ਼ਾ ਮੁਆਫ਼ ਕੀਤਾ, ਜਿਸ ਕਾਰਨ ਕਿਸਾਨ ਇਕ ਵਾਰ ਫਿਰ ਆਪਣੀਆਂ ਹੱਕੀ ਮੰਗਾਂ ਲਈ ਅੰਦੋਲਨ ਕਰ ਰਹੇ ਹਨ, 2 ਸਾਲ ਪਹਿਲਾਂ ਵੀ ਕਿਸਾਨਾਂ ਨੇ 3 ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਲੰਬੀ ਲੜਾਈ ਲੜੀ ਸੀ, ਜਿਸ 'ਚ 700 ਦੇ ਕਰੀਬ ਕਿਸਾਨ ਸ਼ਹੀਦ ਹੋਏ ਸਨ ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਅਸਲ 'ਚ ਕਿਸਾਨ ਵਿਰੋਧੀ ਹੈ ਤੇ ਆਪਣੇ ਸਰਮਾਏਦਾਰ ਦੋਸਤਾਂ ਨੂੰ ਫਾਇਦਾ ਪਹੁੰਚਾਉਣ ਲਈ ਕਿਸਾਨਾਂ ਨਾਲ ਧੋਖਾ ਕਰ ਰਹੀ ਹੈ ਅਤੇ ਕਿਸਾਨਾਂ ਦੀ ਆਵਾਜ਼ ਨੂੰ ਜਾਣ-ਬੁੱਝ ਕੇ ਦਬਾਇਆ ਜਾ ਰਿਹਾ ਹੈ ਉਨ੍ਹਾਂ ਕਿਹਾ ਕਿ 2024 'ਚ ਕੇਂਦਰ 'ਚ ਕਾਂਗਰਸ ਦੀ ਸਰਕਾਰ ਬਣਨ ਜਾ ਰਹੀ ਹੈ ਕਾਂਗਰਸ ਸਰਕਾਰ ਕਿਸਾਨਾਂ ਲਈ ਐੱਮ. ਐੱਸ. ਪੀ. ਕਾਨੂੰਨ ਲਿਆਵੇਗੀ ਅਤੇ ਸਵਾਮੀਨਾਥਨ ਕਮੇਟੀ ਦੀਆਂ ਸਿਫ਼ਾਰਿਸ਼ਾਂ ਨੂੰ ਲਾਗੂ ਕੀਤਾ ਜਾਵੇਗਾ। ਭਾਗੀਵਾਂਦਰ ਨੇ ਕਿਹਾ ਕਿ ਰਾਹੁਲ ਗਾਂਧੀ ਕੇਂਦਰ ਦੀ ਮੋਦੀ ਸਰਕਾਰ ਦੀ ਬੇ-ਇਨਸਾਫ਼ੀ ਅਤੇ ਤਾਨਾਸ਼ਾਹੀ ਖ਼ਿਲਾਫ਼ 'ਭਾਰਤ ਜੋੜੋ ਨਿਆ ਯਾਤਰਾ' 'ਤੇ ਨਿਕਲੇ ਹਨ ਅਤੇ ਉਹ ਪਿੰਡ-ਪਿੰਡ ਜਾ ਕੇ ਕਿਸਾਨਾਂ, ਗ.ਰੀਬਾਂ, ਔਰਤਾਂ, ਪੱਛੜੀਆਂ ਸ਼੍ਰੇਣੀਆਂ, ਆਦਿਵਾਸੀ, ਮਜ਼ਦੂਰਾਂ ਅਤੇ ਘੱਟ ਗਿਣਤੀ ਵਰਗ 'ਤੇ ਹੋ ਰਹੇ ਅੱਤਿਆਚਾਰਾਂ ਖ਼ਿਲਾਫ਼ ਆਵਾਜ਼ ਬੁਲੰਦ ਕਰ ਰਹੇ ਹਨ।



ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕੌਮਾਂਤਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ 'ਜੀਵੇ ਮਾਂ ਬੋਲੀ' ਪ੍ਰੋਗਰਾਮ

# ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕੀਤਾ ਗਿਆ ਆਯੋਜਿਤ




**ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਾਤਾ ਸੁੰਦਰੀ ਕਾਲਜ ਦੇ ਮਾਤਾ ਸਾਹਿਬ ਕੌਰ ਆਡੀਟੋਰੀਅਮ ਵਿਚ ਕੌਮਾਂਤਰੀ ਮਾਂ ਬੋਲੀ ਦਿਹਾੜੇ ਨੂੰ ਸਮਰਪਿਤ 'ਜੀਵੇ ਮਾਂ ਬੋਲੀ' ਪ੍ਰੋਗਰਾਮ ਕਮੇਟੀ ਦੀ ਪੰਜਾਬੀ ਭਾਸ਼ਾ ਪਸਾਰ ਕਮੇਟੀ ਦੇ ਚੇਅਰਮੈਨ ਹਰਦਿੱਤ ਸਿੰਘ ਤੇ ਕੋ ਚੇਅਰਮੈਨ ਰਾਜਿੰਦਰ ਸਿੰਘ ਵਿਰਾਸਤ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਇਸ ਪ੍ਰੋਗਰਾਮ ਦੇ ਸਫਲ ਆਯੋਜਨ ਲਈ ਪੰਜਾਬੀ ਭਾਸ਼ਾ ਪਸਾਰ ਕਮੇਟੀ ਦੇ ਚੇਅਰਮੈਨ ਸਰਦਾਰ ਹਰਦਿੱਤ ਸਿੰਘ, ਕੋ ਚੇਅਰਮੈਨ ਸਰਦਾਰ ਰਾਜਿੰਦਰ ਸਿੰਘ ਵਿਰਾਸਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੀਆਂ ਕੌਮਾਂ ਆਪਣੀ ਮਾਂ ਬੋਲੀ, ਵਿਰਸੇ ਤੇ ਸੰਸਕਾਰਾਂ ਨਾਲ ਜੁੜੀਆਂ ਰਹਿੰਦੀਆਂ ਹਨ, ਉਹ ਕੌਮਾਂ ਹਮੇਸ਼ਾ ਚੜ੍ਹਦੀਕਲਾ ਵਿਚ ਰਹਿੰਦੀਆਂ ਹਨ। ਉਹਨਾਂ ਕਿਹਾ ਕਿ ਪਿਛਲੇ 50 ਸਾਲਾਂ ਵਿਚ ਕਿਸੇ ਨੇ ਵੀ ਪੰਜਾਬੀ ਭਾਸ਼ਾ ਪਸਾਰ ਕਮੇਟੀ ਬਣਾਉਣ ਬਾਰੇ ਨਹੀਂ ਸੋਚਿਆ ਪਰ ਅਸੀਂ ਇਸ ਕਮੇਟੀ ਦਾ ਗਠਨ ਕੀਤਾ ਜਿਸਨੇ ਪਿਛਲੇ ਸਮੇਂ ਵਿਚ ਚੰਗੇ ਉਪਰਾਲੇ ਕਰਦਿਆਂ ਬੱਚਿਆਂ ਨੂੰ ਮਾਂ ਬੋਲੀ ਨਾਲ ਜੋੜਨ ਦੇ ਸ਼ਲਾਘਾਯੋਗ ਯਤਨ ਕੀਤੇ ਹਨ। ਉਹਨਾਂ ਕਿਹਾ ਕਿ ਅੱਜ ਕੌਮਾਂਤਰੀ ਪੰਜਾਬੀ ਭਾਸ਼ਾ ਦਿਵਸ ਮਨਾਉਣ ਦਾ ਮਕਸਦ ਇਕ ਸੰਦੇਸ਼ ਦੁਨੀਆਂ ਨੂੰ ਦੇਣਾ ਹੈ ਕਿ ਅਸੀਂ ਆਪਣੀ ਮਾਂ ਬੋਲੀ, ਵਿਰਸੇ ਤੇ ਪੰਜਾਬੀਅਤ ਨੂੰ ਜਿਉਂਦੇ ਰੱਖਣ ਲਈ ਚੰਗੇ ਉਪਰਾਲੇ ਕਰ ਰਹੇ ਹਾਂ। ਉਹਨਾਂ ਕਿਹਾ ਕਿ ਸਾਡੇ ਬੱਚਿਆਂ ਨੇ ਸਟੇਜ 'ਤੇ ਚੰਗੀ ਕਾਰਗੁਜ਼ਾਰੀ ਵਿਖਾਈ ਹੈ। ਉਹਨਾਂ ਕਿਹਾ ਕਿ ਅਸੀਂ ਆਪਣੀ ਭਾਸ਼ਾ ਨੂੰ ਮਾਂ ਬੋਲੀ ਬੋਲਣਾ ਇਸ ਕਰ ਕੇ ਸ਼ੁਰੂ ਕੀਤਾ ਗਿਆ ਕਿਉਂਕਿ ਜਦੋਂ ਤੱਕ ਭਾਸ਼ਾ ਰਹੇਗੀ ਤੁਹਾਡੇ ਸੰਸਕਾਰ ਤੇ ਪਿਛੋਕੜ ਜਿਉਂਦੇ ਰਹਿਣਗੇ। ਉਹਨਾਂ ਕਿਹਾ ਕਿ ਜਿਸ ਕੋਲ ਸੰਸਕਾਰ ਤੇ ਪਿਛੋਕੜ ਹੈ, ਉਹ ਵਿਅਕਤੀ ਕਦੇ ਜ਼ਿੰਦਗੀ ਵਿਚ ਖ਼ਤਾ ਨਹੀਂ ਖਾ ਸਕਦਾ ਤੇ ਜਿਸ ਕੌਮ ਕੋਲ ਸੰਸਕਾਰ ਤੇ ਪਿਛੋਕੜ ਹੈ, ਉਹ ਕੌਮਾਂ ਹਮੇਸ਼ਾ ਜਿਉਂਦਾ ਰਹਿੰਦੀਆਂ ਹਨ। ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਅੱਜ ਜਿਸ ਆਧੁਨਿਕ ਦੌਰ ਵਿਚ ਦੁਨੀਆਂ ਵਿਚ ਲੋਕ ਰਹਿ ਰਹੇ ਹਨ, ਬੱਚੇ ਆਪਣੇ ਮਾਂ ਬੋਲੀ ਤੋਂ ਦੂਰ ਹੁੰਦੇ ਜਾ ਰਹੇ ਹਨ। ਉਹਨਾਂ ਕਿਹਾ ਕਿ ਜਿਸ ਘਰ ਵਿਚ ਹਿੰਦੀ ਤੇ ਅੰਗਰੇਜ਼ੀ ਭਾਸ਼ਾ ਵਿਚ ਗੱਲਾਂ ਹੁੰਦੀਆਂ ਹੋਣ, ਉਹਨਾਂ ਘਰਾਂ ਵਿਚ ਪੰਜਾਬੀ ਮਾਂ ਬੋਲੀ ਕਦੇ ਜਿਉਂਦੀ ਨਹੀਂ ਰਹੇਗੀ। ਉਹਨਾਂ ਕਿਹਾ ਕਿ ਪੰਜਾਬੀ ਮਾਂ ਬੋਲੀ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਕੀਤੀ ਹੋਈ ਹੈ। ਗੁਰੂ ਸਾਹਿਬ ਨੇ ਸਾਨੂੰ ਗੁਰਮੁਖੀ ਲਿਪੀ ਦੀ ਦਾਤ ਬਖਸ਼ਿਸ਼ ਕੀਤੀ ਹੈ। ਗੁਰੂ ਅੰਗਦ ਦੇਵ ਜੀ ਨੇ 35 ਅੱਖਰੀ ਸ਼ੁਰੂ ਕੀਤੀ ਤੇ ਫਿਰ ਇਸ ਵਿਚ 6 ਅੱਖ਼ਰ ਹੋਰ ਜੋੜ ਕੇ 41 ਅੱਖਰੀਂ ਕੀਤਾ ਗਿਆ। ਉਹਨਾਂ ਕਿਹਾ ਕਿ ਜਿਹੜਾ ਬੱਚਾ ਮਾਂ ਬੋਲੀ ਨਾਲ ਜੁੜੇਗਾ, ਉਹ ਗੁਰਸਿਖੀ ਤੋਂ ਦੂਰ ਨਹੀਂ ਹੋ ਸਕਦਾ। ਉਹਨਾਂ ਕਿਹਾ ਕਿ ਅਜੋਕੇ ਸਮੇਂ ਵਿਚ ਜੋ ਨਸ਼ਿਆਂ ਅਤੇ ਪਤਿਤਪੁਣੇ ਦਾ ਰੋਗ ਆ ਗਿਆ ਹੈ, ਉਸ ਤੋਂ ਬਚਣ ਦਾ ਇਕਲੌਤਾ ਰਾਹ ਹੈ ਕਿ ਅਸੀਂ ਪੰਜਾਬੀ ਭਾਸ਼ਾ ਨਾਲ ਜੁੜੇ ਰਹੀਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜੁਆਇੰਟ ਸਕੱਤਰ ਸ. ਜਸਮੇਨ ਸਿੰਘ ਨੋਨੀ , ਮੈਂਬਰ ਸ. ਗੁਰਪ੍ਰੀਤ ਸਿੰਘ ਜੱਸਾ, ਸ. ਪਰਮਜੀਤ ਸਿੰਘ ਖੁਰਾਣਾ, ਸ. ਗੁਰਮੀਤ ਸਿੰਘ ਸ਼ੰਟੀ, ਸ. ਜਤਿੰਦਰਪਾਲ ਸਿੰਘ ਗੋਲਡੀ, ਸ. ਸਤਨਾਮ ਸਿੰਘ ਸੱਤਾ, ਸ. ਬਲਜਿੰਦਰ ਸਿੰਘ ,ਸ. ਸਤਨਾਮ ਸਿੰਘ ਮਰਵਾਹ ਅਤੇ ਸ. ਕੁਲਵਿੰਦਰ ਸਿੰਘ, ਸ. ਹਰਦਿੱਤ ਸਿੰਘ, ਸ. ਰਾਜਿੰਦਰ ਸਿੰਘ ਵਿਰਾਸਤ, ਸ. ਅਜੀਤਪਾਲ ਸਿੰਘ, ਸ. ਨਰਿੰਦਰਜੀਤ ਸਿੰਘ ਅਤੇ ਸ. ਸੁਰਜੀਤ ਸਿੰਘ ਪ੍ਰਧਾਨ ਤੋਂ ਇਲਾਵਾ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਪ੍ਰਿੰਸੀਪਲ, ਸਟਾਫ ਤੇ ਵਿਦਿਆਰਥੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

## ਮਾਤਾ ਖੀਵੀ ਜੀ ਲੰਗਰ ਸੁਸਾਇਟੀ ਵਡਾਲੀ ਡੋਗਰਾ ਵੱਲੋਂ

# ਹੋਲੇ ਮਹੱਲੇ ਸੰਬਧੀ ਕੀਤੀ ਮੀਟਿੰਗ



**ਚੌਕ ਮਹਿਤਾ, 15 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਅੰਮ੍ਰਿਤਸਰ ਨੈਸ਼ਨਲ ਹਾਈਵੇ ਰੋਡ ਨਜ਼ਦੀਕ ਟੋਲ ਪਲਾਜਾ ਸਥਿਤ ਬਣੇ ਮਾਤਾ ਖੀਵੀ ਜੀ ਲੰਗਰ ਸੁਸਾਇਟੀ ਵੱਲੋਂ ਹੋਲੇ ਮੁਹੱਲੇ ਦੇ ਸਬੰਧ ਵਿਚ ਸਮੂਹ ਕਮੇਟੀ ਸੇਵਾਦਾਰਾਂ ਨਾਲ ਵਿਸ਼ੇਸ ਮੀਟਿੰਗ ਕੀਤੀ ਗਈਂ ਜਿਸ ਵਿਚ ਹੋਲੇ ਮਹੱਲੇ ਨੂੰ ਸਮਰਪਿੱਤ ਅਨੰਦਪੁਰ ਸਾਹਿਬ ਦਰਸ਼ਨ ਕਰਨ ਜਾਣ ਵਾਲੀਆ ਸੰਗਤਾ ਲਈ ਹਰ ਸਾਲ ਦੀ ਤਰ੍ਹਾਂ ਲਗਾਏ ਜਾਣ ਵਾਲੇ ਲੰਗਰਾਂ ਦੇ ਪ੍ਰਬੰਧ ਹੁੱਣ ਤੋ ਹੀ ਮੁਕੱਮਲ ਤੌਰ ਤੇ ਪੂਰੇ ਕਰ ਲਏ ਗਏ ਹਨ ਬਾਰੇ ਜਾਨਕਾਰੀ ਸਾਂਝੀ ਕੀਤੀ ਗਈ ਜਿਸਦਾ ਪ੍ਰਗਟਾਵਾ ਮਾਤਾ ਖੀਵੀ ਜੀ ਲੰਗਰ ਸੁਸਾਇਟੀ ਦੇ ਪ੍ਰਧਾਨ ਨਰਿੰਦਰ ਸਿੰਘ ਵੱਲੋਂ ਕੀਤਾ ਗਿਆ ਜਿਸ ਵਿੱਚ ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਸਮੂਹ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸੰਗਤਾਂ ਅਤੇ ਹੋਰ ਪਤਵੰਤੇ ਸੱਜਣਾ ਦੇ ਸਹਿਯੋਗ ਨਾਲ ਹੋਲਾ ਮੁਹੱਲਾ ਅਨੰਦਪੁਰ ਸਾਹਿਬ ਦਰਸ਼ਨ ਕਰਨ ਜਾਣ ਵਾਲੀਆਂ ਸੰਗਤਾਂ ਦੇ ਛਕਣ ਲਈ ਲੰਗਰ, ਸੋਸਾਇਟੀ ਵੱਲੋਂ ਪੂਰੇ ਉਤਸਾਹ ਦੇ ਨਾਲ ਲਗਾਇਆ ਜਾਵੇਗਾ ਜਿਸਦੇ ਸਾਰੇ ਪ੍ਰਬੰਧ ਹੁੱਣ ਤੋ ਹੀ ਮੁਕੰਮਲ ਤੌਰ 'ਤੇ ਪੂਰੇ ਕਰ ਲਏ ਗਏ ਹਨ ਮੀਟਿੰਗ ਸਬੰਧੀ ਉਹਨਾਂ ਕਿਹਾ ਕਿ ਸੰਗਤਾਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਹੋਇਆਂ ਹਰੀਆਂ ਸਬਜ਼ੀਆਂ, ਸਰੋਂ ਦਾ ਤੇਲ ਅਤੇ 24 ਘੰਟੇ ਲੰਗਰਾਂ ਵਿੱਚ ਤਾਜੇ ਦੁੱਧ ਦੀ ਖੀਰ ਸੰਗਤ ਨੂੰ ਛਕਾਈ ਜਾਵੇਗੀ ਜਿਸ ਦੇ ਨਾਲ ਹੀ ਉਹਨਾਂ ਕਿਹਾ ਕਿ ਲੰਗਰਾਂ ਨੂੰ ਤਿਆਰ ਕਰਨ ਲਈ ਸਿਲੰਡਰ ਗੈਸ ਦੀ ਥਾਂ ਘਰੇਲੂ ਬਾਲਣ ਦੀ ਵਰਤੋਂ ਕੀਤੀ ਜਾਵੇਗੀ ਜਿਸਦੇ ਚਲਦੇ ਬਾਰਿਸ਼ ਨੂੰ ਮੁੱਖ ਰੱਖਦਿਆਂ ਹੋਇਆਂ ਵਾਟਰ ਪ੍ਰੂਫ ਤਰਪਾਲਾ ਨਾਲ ਟੈਂਟ ਲਗਾਇਆ ਜਾਵੇਗਾ ਜਿਸ ਵਿੱਚ ਜੇਕਰ ਬਾਰਸ਼ ਦਾਂ ਮਹੌਲ ਬਣਿਆ ਤਾਂ ਸੰਗਤਾਂ ਅਰਾਮ ਨਾਲ ਲੰਗਰ ਛੱਕ ਕੇ ਅਨੰਦਪੁਰ ਸਾਹਿਬ ਦੇ ਦਰਸ਼ਨਾਂ ਨੂੰ ਚਾਲੇ ਪਾ ਸਕਣਗੀਆਂ ਉਹਨਾਂ ਇਕੱਤਰ ਹੋਏ ਕਮੇਟੀ ਦੇ ਸੇਵਾਦਾਰਾਂ ਨਾਲ ਮਾਤਾ ਖੀਵੀ ਜੀ ਦੀ ਜੀਵਨੀ ਬਾਰੇ ਵੀ ਵਿਚਾਰ ਸਾਂਝੇ ਕੀਤੇ ਗਏ ਜਿੱਥੇ ਉਹਨਾਂ ਨੇ ਮੀਡੀਆ ਦੇ ਮਾਧਿਅਮ ਰਾਹੀਂ ਇਲਾਕੇ ਦੀਆਂ ਸੰਗਤਾਂ ਅਤੇ ਸੇਵਾਦਾਰਾਂ ਨੂੰ ਹੱਥ ਜੋੜ ਕੇ ਲੰਗਰਾਂ ਵਿੱਚ ਪਹੁੰਚ ਕੇ ਸੇਵਾ ਕਰਨ ਦੀ ਅਪੀਲ ਵੀ ਕੀਤੀ ਗਈ ਇਸ ਮੌਕੇ ਉਨਾਂ ਨਾਲ ਕਮੇਟੀ ਦੇ ਮੀਤ ਪ੍ਰਧਾਨ ਬਾਬਾ ਸੰਤੋਖ ਸਿੰਘ ਮਰੋਕ, ਬਾਬਾ ਰੂੜ ਸਿੰਘ, ਲਖਬੀਰ ਸਿੰਘ ਸੁਖਦੇਵ ਸਿੰਘ ਬੱਗੋ, ਸੰਤੋਖ ਸਿੰਘ, ਬਲਕਾਰ ਸਿੰਘ ਬੰਡਾਲਾ, ਸਾਜਨ ਸਿੰਘ, ਗੁਰਭੇਜ ਸਿੰਘ, ਬਲਜੀਤ ਸਿੰਘ ,ਸਰਪੰਚ ਬਲਦੇਵ ਸਿੰਘ, ਦਲਜੀਤ ਸਿੰਘ ,ਜਸਬੀਰ ਸਿੰਘ ਰਾਜੇਵਾਲ, ਸੁਰਿੰਦਰ ਪਾਲ ਸਰਕਲ ਪ੍ਰਧਾਨ ਤਲਵੰਡੀ ਡੋਗਰਾ, ਹੋਬੀ ਸਿੰਘ, ਸੁਖਦੇਵ ਸਿੰਘ ਲਾਡੀ, ਰਣਜੋਤ ਸਿੰਘ, ਪਰਮਜੀਤ ਸਿੰਘ, ਲੱਡੂ ਸਿੰਘ, ਜਸਵੰਤ ਸਿੰਘ, ਚਮਨ ਲਾਲ, ਬਲਦੇਵ ਸਿੰਘ ਵਡਾਲੀ ,ਨਰਿੰਦਰ ਸਿੰਘ ਨਿੰਦਾ, ਨਿਰਮਲ ਸਿੰਘ, ਗੁਰਜੀਤ ਸਿੰਘ, ਸਤਪਾਲ ਸਿੰਘ ਦਿਲਜੀਤ ਸਿੰਘ ਮੱਲੀ, ਹਨੀ ਸਿੰਘ, ਨਿਰਵੈਲ ਸਿੰਘ, ਆਦੀ ਸੇਵਾਦਾਰ ਹਾਜ਼ਰ ਸਨ।

# ਲਕਸ਼ਮੀ ਦਾਸ ਨੂੰ ਨੈਸ਼ਨਲ ਫੈਡਰੇਸ਼ਨ ਔਫ ਅਰਬਨ ਕੋ ਓਪਰੇਟਿਵ ਬੈਕ ਅਤੇ ਕਰੈਡਿਟ ਸੋਸਾਇਟੀ ਦੇ ਪ੍ਰਧਾਨ ਬਣਨ ਤੇ ਕੀਤਾ ਗਿਆ ਸਨਮਾਨਿਤ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ): ਨੈਸ਼ਨਲ ਫੈਡਰੇਸ਼ਨ ਔਫ ਅਰਬਨ ਕੋ ਓਪਰੇਟਿਵ ਬੈਕ ਅਤੇ ਕਰੈਡਿਟ ਸੋਸਾਇਟੀ ਦੀ ਹੋਈ ਚੋਣਾਂ 'ਚ ਜਿੱਤ ਪ੍ਰਾਪਤ ਕਰਕੇ ਸ਼੍ਰੀ ਲਕਸ਼ਮੀ ਦਾਸ ਪ੍ਰਧਾਨ ਬਣਨ ਗਏ ਹਨ । ਇਸ ਵਾਰ ਹੋਈ ਚੋਣ ਅੰਦਰ ਓਹ ਬਿਨਾਂ ਵੋਟ ਪਾਏ ਸਰਵਸਮਤੀ ਨਾਲ ਪ੍ਰਧਾਨ ਚੁਣੇ ਗਏ ਹਨ । ਇਸ ਬਾਰੇ ਜਾਣਕਾਰੀ ਦੇਂਦਿਆਂ ਬੀਬੀ ਰਣਜੀਤ ਕੌਰ ਰਾਮਗੜ੍ਹੀਆ ਬੈਕ ਦੇ ਚੇਅਰਪ੍ਰਸਨ, ਦਿੱਲੀ ਗੁਰਦਵਾਰਾ ਕਮੇਟੀ ਦੇ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਇਸਤਰੀ ਵਿੰਗ ਦੇ ਮੁੱਖੀ ਨੇ ਦਸਿਆ ਕਿ ਲਕਸ਼ਮੀ ਦਾਸ ਨੂੰ ਚੋਣਾਂ ਅੰਦਰ ਜਿੱਤ ਪ੍ਰਾਪਤ ਕਰਣ ਤੇ ਉਨ੍ਹਾਂ ਨੂੰ ਮੁਬਾਰਕਬਾਦ ਦੇਂਦਿਆਂ ਸਨਮਾਨਿਤ ਕੀਤਾ ਗਿਆ ਹੈ । ਉਨ੍ਹਾਂ ਦਸਿਆ ਕਿ ਸ਼ਹਿਰੀ ਸਹਿਕਾਰੀ ਬੈਂਕਾਂ ਅਤੇ ਕ੍ਰੈਡਿਟ ਸੋਸਾਇਟੀਜ਼ ਲਿਮਟਿਡ ਦੀ ਨੈਸ਼ਨਲ ਫੈਡਰੇਸ਼ਨ ਦੇਸ਼ ਵਿੱਚ ਸ਼ਹਿਰੀ ਸਹਿਕਾਰੀ ਬੈਂਕਾਂ ਅਤੇ ਕ੍ਰੈਡਿਟ ਸੋਸਾਇਟੀਜ਼ ਲਿਮਟਿਡ ਦੀ ਇੱਕ ਸਿਖਰ ਪੱਧਰੀ ਪ੍ਰਚਾਰ ਸੰਸਥਾ ਹੈ। ਜਿਸਦਾ ਮੁੱਖ ਉਦੇਸ਼ ਸ਼ਹਿਰੀ ਸਹਿਕਾਰੀ ਕ੍ਰੈਡਿਟ ਅੰਦੋਲਨ ਨੂੰ ਉਤਸ਼ਾਹਿਤ ਕਰਨਾ ਅਤੇ ਸੈਕਟਰ ਦੇ ਹਿੱਤਾਂ ਦੀ ਰੱਖਿਆ ਕਰਨਾ ਹੈ। ਫੈਡਰੇਸ਼ਨ ਨੂੰ 17 ਫਰਵਰੀ, 1977 ਨੂੰ ਮਲਟੀ-ਸਟੇਟ ਕੋਆਪਰੇਟਿਵ ਸੋਸਾਇਟੀਜ਼ ਐਕਟ ਦੇ ਤਹਿਤ ਬਹੁ-ਰਾਜੀ ਸਹਿਕਾਰੀ ਸਭਾ ਵਜੋਂ ਰਜਿਸਟਰ ਕੀਤਾ ਗਿਆ ਸੀ। ਇਸ ਮੌਕੇ ਡਾਇਰੈਕਟਰ ਬਲਦੇਵ ਸਿੰਘ, ਸੱਤਪਾਲ ਸਿੰਘ, ਹਰਜੀਤ ਸਿੰਘ ਪਪਾ, ਰਜਿੰਦਰ ਸਿੰਘ ਰੂਬੀ ਅਤੇ ਸੁਰਿੰਦਰਪਾਲ ਸਿੰਘ ਵੀ ਹਾਜਿਰ ਸਨ ।

# ਗੁਰਦਾਸਪੁਰ, ਅੰਮ੍ਰਿਤਸਰ ਤੇ ਪਠਾਨਕੋਟ ਦੇ ਨੌਜਵਾਨ 8 ਫਰਵਰੀ ਤੋਂ 21 ਮਾਰਚ 2024 ਤੱਕ ਕਰਨ ਅਪਲਾਈ : ਕਰਨਲ ਚੇਤਨ ਪਾਂਡੇ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 15 ਫਰਵਰੀ (ਕੁਲਜੀਤ ਸਿੰਘ ਖੋਖਰ)**-ਭਾਰਤੀ ਫ਼ੌਜ ਵਿੱਚ ਅਗਨੀਪੱਥ ਯੋਜਨਾ ਦੇ ਤਹਿਤ ਭਰਤੀ ਹੋਣ ਦੇ ਚਾਹਵਾਨ ਨੌਜਵਾਨ 21 ਮਾਰਚ 2024 ਤੱਕ joinindianarmy.nic.in ਪੋਰਟਲ 'ਤੇ ਆਨਲਾਈਨ ਅਪਲਾਈ ਕਰ ਸਕਦੇ ਹਨ। ਇਹ ਪੋਰਟਲ 8 ਫਰਵਰੀ 2024 ਤੋਂ ਖੁੱਲ੍ਹਾ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਸਥਿਤ ਸੈਨਾ ਭਰਤੀ ਬੋਰਡ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਰਤੀ ਸਾਲ 2024-25 ਦੇ ਲਈ ਅਗਨੀਵੀਰ ਦੀ ਭਰਤੀ ਦੋ ਪੜ੍ਹਾਵਾਂ ਵਿੱਚ ਕੀਤੀ ਜਾਵੇਗੀ। ਪਹਿਲੇ ਪੜਾਅ ਤਹਿਤ ਆਨ-ਲਾਈਨ ਕੰਪਿਊਟਰ ਅਧਾਰਿਤ ਲਿਖਤੀ ਪ੍ਰੀਖਿਆ (ਆਨਲਾਈਨ ਸੀ.ਈ.ਈ.) ਅਤੇ ਦੂਜੇ ਪੜਾਅ ਵਿੱਚ ਸਰੀਰਕ ਪ੍ਰੀਖਿਆ ਹੋਵੇਗੀ। ਭਰਤੀ ਦੇ ਚਾਹਵਾਨ ਉਮੀਦਵਾਰ ਦੇ ਲਈ ਆਪਣਾ ਨਾਮ joinindianarmy.nic.in ਵੈੱਬਸਾਈਟ 'ਤੇ ਰਜਿਸਟਰ ਕਰਨਾ ਲਾਜ਼ਮੀ ਹੈ। ਆਨਲਾਈਨ ਪ੍ਰੀਖਿਆ ਦੇ ਲਈ ਉਮੀਦਵਾਰ ਦੁਆਰਾ ਪ੍ਰੀਖਿਆ ਫ਼ੀਸ 250 ਦਾ ਭੁਗਤਾਨ ਕਰਨਾ ਹੋਵੇਗਾ।

ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਗੁਰਦਾਸਪੁਰ, ਅੰਮ੍ਰਿਤਸਰ ਅਤੇ ਪਠਾਨਕੋਟ ਜ਼ਿਲ੍ਹੇ ਦੇ ਜਿਨ੍ਹਾਂ ਨੌਜਵਾਨਾਂ ਦੀ ਉੱਪਰ 17 ਸਾਲ 6 ਮਹੀਨੇ ਤੋਂ 21 ਸਾਲ ਦੇ ਦਰਮਿਆਨ ਹੈ ਅਤੇ ਉਨ੍ਹਾਂ ਨੇ 8ਵੀਂ, 10ਵੀਂ ਜਾਂ 12ਵੀਂ ਪ੍ਰੀਖਿਆ ਪਾਸ ਕੀਤੀ ਹੈ ਅਤੇ ਉਹ ਉਮੀਦਵਾਰ ਜੋ ਕਲਾਸ 10ਵੀਂ ਅਤੇ ਕਲਾਸ 12ਵੀਂ ਵਿੱਚ ਉਪਸਥਿਤ ਹੋਏ ਹਨ ਅਤੇ ਉਹ ਨਤੀਜੇ ਦੀ ਉਡੀਕ ਕਰ ਰਹੇ ਹਨ, ਉਹ ਨੌਜਵਾਨ ਵੀ ਅਪਲਾਈ ਕਰਨ ਦੇ ਯੋਗ ਹਨ, ਬਸ਼ਰਤੇ ਉਹ ਬਾਕੀ ਸਾਰੀਆਂ ਯੋਗਤਾ ਵੀ ਪੂਰੀਆਂ ਕਰਦੇ ਹੋਣ। ਉਨ੍ਹਾਂ ਅੱਗੇ ਦੱਸਿਆ ਕਿ ਅਗਨੀਵੀਰ ਜਨਰਲ ਡਿਊਟੀ, ਅਗਨੀਵੀਰ ਲਿਪਕਿ ਅਤੇ ਸਟੋਰ ਤਕਨੀਕੀ, ਅਗਨੀਵੀਰ ਤਕਨੀਕੀ, ਅਗਨੀਵੀਰ ਟ੍ਰੇਡਰਸਮੈਨ 10ਵੀਂ ਪਾਸ ਅਤੇ ਅਗਨੀਵੀਰ ਟਰੇਡ ਮੈਨ 8ਵੀਂ ਪਾਸ ਦੇ ਅਹੁਦੇ ਲਈ ਸਾਰੇ ਆਰਮ ਫੋਰਸ ਦੇ ਲਈ ਹਨ। ਜਿਨ੍ਹਾਂ ਉਮੀਦਵਾਰਾਂ ਨੇ ਘੱਟੋ-ਘੱਟ ਵਿੱਦਿਅਕ ਅਤੇ ਉਮਰ ਹੱਦ ਦੀ ਯੋਗਤਾ ਪੂਰੀ ਕਰ ਰੱਖੀ ਹੈ ਉਹ ਇਸ ਯੋਜਨਾ ਦੇ ਤਹਿਤ ਆਪਣੇ ਆਵੇਦਨ ਅਪਲਾਈ ਕਰ ਸਕਦੇ ਹਨ। ਸੈਨਾ ਭਰਤੀ ਬੋਰਡ ਦੇ ਡਾਇਰੈਕਟਰ ਕਰਨਲ ਚੇਤਨ ਪਾਂਡੇ ਨੇ ਦੱਸਿਆ ਕਿ ਭਰਤੀ ਸਾਲ 2024-25 ਤੋਂ ਅਗਨੀਵੀਰ ਲਿਪਿਕ ਅਤੇ ਸਟੋਰ ਕੀਪਰ ਤਕਨੀਕੀ ਦੇ ਲਈ ਟਾਈਪਿੰਗ ਟੈੱਸਟ ਲਾਜ਼ਮੀ ਕੀਤਾ ਗਿਆ ਹੈ। ਉਮੀਦਵਾਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਭਰਤੀ ਪ੍ਰੀਕ੍ਰਿਆ ਤੋਂ ਪਹਿਲਾਂ ਟਾਈਪਿੰਗ ਅਭਿਆਸ ਜ਼ਰੂਰ ਕਰਦੇ ਰਹਿਣ। ਕਰਨਲ ਪਾਂਡੇ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮੀਦਵਾਰ ਰਜਿਸਟਰੇਸ਼ਨ ਤੋਂ ਪਹਿਲਾਂ ਆਪਣੇ ਅਧਾਰ ਕਾਰਡ, ਈ-ਮੇਲ ਅਤੇ ਡੀਜੀ ਲਾਕਰ ਨੂੰ ਆਪਣੇ ਫ਼ੋਨ ਨੰਬਰ ਨਾਲ ਲਿੰਕ ਕਰ ਲੈਣ ਰਜਿਸਟਰੇਸ਼ਨ ਦੇ ਦੌਰਾਨ ਜੋ ਦਸਤਾਵੇਜ਼ ਉਨ੍ਹਾਂ ਕੋਲ ਹਨ ਉਹ ਹੀ ਪਾਏ ਜਾਣ ਜਿਵੇਂ ਐੱਨ.ਸੀ.ਸੀ. ਸਰਟੀਫਿਕੇਟ ਜਾਂ ਵੈਲਡ ਸਪੋਰਟਸ ਫੈਡਰੇਸ਼ਨ ਤੋਂ ਪ੍ਰਾਪਤ ਸਪੋਰਟਸ ਸਰਟੀਫਿਕੇਟ ਹਨ ਤਾਂ ਹੀ ਰਜਿਸਟਰੇਸ਼ਨ ਐਪਲੀਕੇਸ਼ਨ ਵਿੱਚ ਭਰੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪ੍ਰੋ. ਸਰਚਾਂਦ ਸਿੰਘ ਨੇ ਤਖ਼ਤ ਹਜ਼ੂਰ ਸਾਹਿਬ ਬੋਰਡ ਦੇ ਐਕਟ ’ਚ

# ਸੋਧ ਵਾਪਸ ਲੈਣ ਲਈ ਪ੍ਰਧਾਨ ਮੰਤਰੀ ਮੋਦੀ ਤੋਂ ਦਖ਼ਲ ਮੰਗਿਆ

**ਅੰਮ੍ਰਿਤਸਰ 15 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮਹਾਰਾਸ਼ਟਰ ਸਰਕਾਰ ਵੱਲੋਂ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ ਐਕਟ 1956 ਵਿੱਚ ਕੀਤੇ ਗਏ ਸੋਧ ਨੂੰ ਲੈ ਕੇ ਸਿੱਖ ਜਗਤ ਦੀਆਂ ਚਿੰਤਾਵਾਂ ਨੂੰ ਦੇਖਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ



ਮਾਮਲੇ ’ਚ ਤੁਰੰਤ ਦਖ਼ਲ ਦੇਣ ਦੀ ਅਪੀਲ ਕੀਤੀ ਹੈ। ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਣ ਲਈ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕੌਮੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਇਕਬਾਲ ਸਿੰਘ ਲਾਲਪੁਰਾ ਨੂੰ ਵੀ ਅਪੀਲਾਂ ਕੀਤੀਆਂ ਗਈਆਂ ਹਨ। ਪ੍ਰੋ. ਸਰਚਾਂਦ ਸਿੰਘ ਨੇ ਪ੍ਰਧਾਨ ਮੰਤਰੀ ਨੂੰ ਖ਼ਤ ਲਿਖਦਿਆਂ ਕਿਹਾ ਕਿ ਮਹਾਰਾਸ਼ਟਰ ਸਰਕਾਰ ਦੀ ਕੈਬਨਿਟ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਨੂੰ ਆਪਣੇ ਕਬਜ਼ੇ ਵਿੱਚ ਲੈਣ ਅਤੇ ਬੋਰਡ ਵਿੱਚ ਸਿੱਖ ਜਥੇਬੰਦੀਆਂ ਦੇ ਮੈਂਬਰਾਂ ਦੀ ਗਿਣਤੀ ਘਟਾਉਣ ਲਈ ਸ੍ਰੀ ਹਜ਼ੂਰ ਸਾਹਿਬ ਪ੍ਰਬੰਧਕੀ ਬੋਰਡ ਦੇ ਐਕਟ ਵਿੱਚ ਮਨਮਰਜ਼ੀ ਨਾਲ ਮੰਦਭਾਗੀ ਸੋਧ ਕਰ ਦਿੱਤੀ ਹੈ। ਮਹਾਰਾਸ਼ਟਰ ਦੇ ਮੌਜੂਦਾ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਹੇਠਲੀ ਮਹਾਰਾਸ਼ਟਰ ਸਰਕਾਰ ਨੇ ਮੰਤਰੀ ਮੰਡਲ ਰਾਹੀਂ ਇਸ ਐਕਟ ਵਿੱਚ ਸੋਧ ਕਰਕੇ ਤਖ਼ਤ ਹਜ਼ੂਰ ਸਾਹਿਬ ਬੋਰਡ ਦੇ ਕੁੱਲ 17 ਮੈਂਬਰਾਂ ਵਿੱਚੋਂ 12 ਮੈਂਬਰਾਂ ਨੂੰ ਸਿੱਧੇ ਤੌਰ ’ਤੇ ਨਾਮਜ਼ਦ ਕਰਨ ਦਾ ਫ਼ੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਅੰਮ੍ਰਿਤਸਰ ਦੇ ਮੈਂਬਰਾਂ ਦੀ ਗਿਣਤੀ 4 ਤੋਂ ਘਟਾ ਕੇ 2 ਕਰ ਦਿੱਤੀ ਗਈ ਹੈ ਜਦਕਿ ਚੀਫ਼ ਖ਼ਾਲਸਾ ਦੀਵਾਨ, ਹਜ਼ੂਰ ਸਾਹਿਬ ਸੱਚਖੰਡ ਦੀਵਾਨ ਅਤੇ ਦੋ ਸਿੱਖ ਸੰਸਦ ਮੈਂਬਰਾਂ ਦੀਆਂ ਨਾਮਜ਼ਦਗੀਆਂ ਖ਼ਤਮ ਕਰ ਦਿੱਤੀਆਂ ਗਈਆਂ ਹਨ। ਇਸ ਫ਼ੈਸਲੇ ਨਾਲ ਸੂਬਾ ਸਰਕਾਰ ਲਈ ਹਜ਼ੂਰ ਸਾਹਿਬ ਦੇ ਧਾਰਮਿਕ ਮਾਮਲਿਆਂ ਵਿੱਚ ਸਿੱਧੀ ਦਖਲਅੰਦਾਜ਼ੀ ਕਰਨ ਦਾ ਰਾਹ ਖੁੱਲ੍ਹ ਜਾਵੇਗਾ। ਇਸ ਪਹਿਲਾਂ ਤੋਂ ਮੌਜੂਦ ਐਕਟ ਤੋਂ ਕੋਈ ਵੀ ਵਿਗਾੜ ਤਖ਼ਤ ਹਜ਼ੂਰ ਸਾਹਿਬ ਅਤੇ ਇਸ ਨਾਲ ਜੁੜੇ ਸਿੱਖ ਗੁਰਧਾਮਾਂ ਦੀ ਮਰਿਆਦਾ ਦੇ ਮੱਦੇਨਜ਼ਰ ਬੋਰਡ ਦੇ ਕੰਮਕਾਜ ਦੇ ਪਾਰਦਰਸ਼ੀ ਅਤੇ ਧਾਰਮਿਕ ਪ੍ਰਬੰਧ ਨੂੰ ਯਕੀਨੀ ਬਣਾਉਣ ਦੀ ਭਾਵਨਾ ਨੂੰ ਠੇਸ ਪਹੁੰਚਾਏਗੀ। ਇਹ ਸਿੱਖਾਂ ਨਾਲ ਸਬੰਧਿਤ ਬਹੁਤ ਹੀ ਗੰਭੀਰ ਮਾਮਲਾ ਹੈ। ਸਿੱਖ ਕੌਮ ਆਪਣੇ ਧਾਰਮਿਕ ਮਾਮਲਿਆਂ ਵਿੱਚ ਸਰਕਾਰੀ ਦਖਲਅੰਦਾਜ਼ੀ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਇਸ ਫ਼ੈਸਲੇ ਕਾਰਨ ਸਿੱਖ ਜਗਤ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਿੱਖ ਭਾਈਚਾਰੇ ਦਾ ਮੰਨਣਾ ਹੈ ਕਿ ਸੂਬਾ ਸਰਕਾਰ ਤਖ਼ਤ ਸਾਹਿਬ ਪ੍ਰਬੰਧਕੀ ਬੋਰਡ ਦਾ ਪ੍ਰਬੰਧ ਆਪਣੇ ਹੱਥਾਂ ਵਿੱਚ ਲੈਣਾ ਚਾਹੁੰਦੀ ਹੈ। ਤਖ਼ਤ ਸ੍ਰੀ ਹਜ਼ੂਰ ਸਾਹਿਬ ਵਿਖੇ ਤਖ਼ਤ ਸਾਹਿਬ ਦੇ ਪੰਜ ਪਿਆਰਿਆਂ ਅਤੇ ਜਥੇਦਾਰ ਸਿੰਘ ਸਾਹਿਬ ਸੰਤ ਬਾਬਾ ਕੁਲਵੰਤ ਸਿੰਘ ਜੀ ਦੀ ਅਗਵਾਈ ਹੇਠ ਸਿੱਖਾਂ ਦੇ ਇੱਕ ਵੱਡੇ ਜਥੇ ਨੇ ਸੂਬਾ ਸਰਕਾਰ ਦੇ ਇਸ ਫ਼ੈਸਲੇ ਖ਼ਿਲਾਫ਼ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ ਹੈ। ਵੱਖ-ਵੱਖ ਸਿੱਖ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਨੂੰ ਸਮਰਥਨ ਦਿੱਤਾ ਜਾ ਰਿਹਾ ਹੈ।

ਦਰਅਸਲ, ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੀ ਸਰਕਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਬੋਰਡ ’ਤੇ ਸਿੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਅਤੇ ਮੈਂਬਰਾਂ ਦੀ ਗਿਣਤੀ ਨੂੰ ਸੀਮਤ ਕਰਕੇ ਸਰਕਾਰੀ ਨੁਮਾਇੰਦਿਆਂ ਦੀ ਗਿਣਤੀ ਵਧਾਉਣਾ ਚਾਹੁੰਦੀ ਹੈ। ਪਰ ਸੂਬਾ ਸਰਕਾਰਾਂ ਨੂੰ ਸਿੱਖ ਮਸਲਿਆਂ ਵਿਚ ਇਸ ਤਰ੍ਹਾਂ ਦਖ਼ਲ ਨਹੀਂ ਦੇਣਾ ਚਾਹੀਦਾ, ਸਗੋਂ ਸਿੱਖਾਂ ਦੇ ਧਾਰਮਿਕ ਮਸਲਿਆਂ ਨੂੰ ਸਿੱਖਾਂ ’ਤੇ ਛੱਡ ਦੇਣਾ ਚਾਹੀਦਾ ਹੈ। ਮਹਾਰਾਸ਼ਟਰ ਸਰਕਾਰ ਸਿੱਖ ਭਾਵਨਾਵਾਂ ਦੀ ਅਣਦੇਖੀ ਕਰਦੇ ਹੋਏ ਆਪਣਾ ਫ਼ੈਸਲਾ ਵਾਪਸ ਨਾ ਲੈਣ ’ਤੇ ਅੜੀ ਹੋਈ ਹੈ। ਉਨ੍ਹਾਂ ਕਿਹਾ ਕਿ ਜਿੱਥੇ ਭਾਰਤ ਵਿਰੋਧੀ ਵਿਦੇਸ਼ਾਂ ਤਾਕਤਾਂ ਪਹਿਲਾਂ ਹੀ ਸਿੱਖ ਨੌਜਵਾਨਾਂ ਨੂੰ ਦੇਸ਼ ਦੇ ਖਿਲਾਫ ਭੜਕਾ ਰਹੀਆਂ ਹੋਣ ਉੱਥੇ ਸਿੱਖ ਭਾਵਨਾਵਾਂ ਨਾਲ ਖਿਲਵਾੜ ਅਤੇ ਇਕ ਵਿਰੋਧੀ ਵਾਲਾ ਮਾਹੌਲ ਸਿਰਜਿਆ ਜਾ ਰਿਹਾ ਹੋਣਾ ਦੇਸ਼ ਦੇ ਹਿਤ ਵਿੱਚ ਨਹੀਂ ਹੈ।

ਪ੍ਰੋ. ਸਰਚਾਂਦ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਸ ਮਾਮਲੇ ਵਿੱਚ ਦਖ਼ਲ ਦੇਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਮੁੱਖ ਮੰਤਰੀ ਏਕਨਾਥ ਸ਼ਿੰਦੇ ਨੂੰ ਉਪਰੋਕਤ ਫ਼ੈਸਲੇ ਨੂੰ ਵਾਪਸ ਲੈਣ ਅਤੇ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਚਲ ਨਗਰ ਸਾਹਿਬ ਬੋਰਡ ਐਕਟ, 1956 ਵਿੱਚ ਕੋਈ ਸੋਧ ਸਿੱਖ ਨੁਮਾਇੰਦਿਆਂ ਨਾਲ ਸਲਾਹ-ਮਸ਼ਵਰੇ ਤੋਂ ਬਿਨਾਂ ਨਾ ਕੀਤੀ ਜਾਵੇ। ਪੱਤਰ ਵਿਚ ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ, ਤਖ਼ਤ ਹਜ਼ੂਰ ਸਾਹਿਬ ਦੀ ਸੇਵਾ-ਸੰਭਾਲ ਨੂੰ ਗੁਰਮਤਿ ਅਨੁਸਾਰ ਪਾਰਦਰਸ਼ੀ ਅਤੇ ਧਾਰਮਿਕ ਢੰਗ ਨਾਲ ਯਕੀਨੀ ਬਣਾਉਣ ਲਈ, ਮਹਾਰਾਸ਼ਟਰ ਸਰਕਾਰ ਅਤੇ ਸਿੱਖ ਆਗੂਆਂ ਨੇ ਪੂਰੀ ਇਮਾਨਦਾਰੀ ਅਤੇ ਸਿਆਣਪ ਨਾਲ 1956 ਵਿਚ ਇਕ ਐਕਟ ਪਾਸ ਕੀਤਾ, ਜਿਸ ਨੂੰ ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਵਜੋਂ ਸਥਾਪਿਤ ਕੀਤਾ ਗਿਆ। ਸਾਹਿਬ ਸਾਹਿਬ ਅਬਿਚਲ ਨਗਰ ਐਕਟ 1956 ਨੂੰ ਕਿਹਾ। ਇਸ ਐਕਟ ਅਨੁਸਾਰ ਤਖ਼ਤ ਹਜ਼ੂਰ ਸਾਹਿਬ ਬੋਰਡ ਦੇ ਕੁੱਲ 17 ਮੈਂਬਰ ਹਨ, ਜਿਨ੍ਹਾਂ ਵਿੱਚੋਂ 4 ਮੈਂਬਰ ਸ਼੍ਰੋਮਣੀ ਕਮੇਟੀ ਅੰਮ੍ਰਿਤਸਰ ਵੱਲੋਂ, ਇਕ ਚੀਫ਼ ਖ਼ਾਲਸਾ ਦੀਵਾਨ ਅੰਮ੍ਰਿਤਸਰ ਤੋਂ, 4 ਮੈਂਬਰ ਸੱਚਖੰਡ ਹਜ਼ੂਰ ਖ਼ਾਲਸਾ ਦੀਵਾਨ ਤੋਂ, 2 ਸਿੱਖ ਮੈਂਬਰ ਪਾਰਲੀਮੈਂਟ ਨਾਮਜ਼ਦ ਕੀਤੇ ਜਾਂਦੇ ਹਨ। ਮਰਾਠਵਾੜਾ ਦੇ 7 ਜ਼ਿਲ੍ਹਿਆਂ ਵਿਚੋਂ 3 ਮੈਂਬਰ ਸਿੱਧੇ ਤੌਰ ’ਤੇ ਸਿੱਖ ਸੰਗਤ ਦੁਆਰਾ ਚੁਣੇ ਜਾਂਦੇ ਹਨ। ਇਸ ਐਕਟ ਰਾਹੀਂ ਗੁਰਦੁਆਰਾ ਬੋਰਡ ਦੀ ਚੋਣ 3 ਸਾਲਾਂ ਲਈ ਹੁੰਦੀ ਹੈ। ਇਸ ਦੇ ਨਾਲ ਹੀ ਮਹਾਰਾਸ਼ਟਰ ਅਤੇ ਆਂਧਰਾ ਪ੍ਰਦੇਸ਼ ਤੋਂ ਇੱਕ-ਇੱਕ ਮੈਂਬਰ ਅਤੇ ਨਾਂਦੇੜ ਕਲੈਕਟਰ ਨੂੰ ਨਾਮਜ਼ਦ ਕੀਤਾ ਗਿਆ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਸਿੱਖ ਇਤਿਹਾਸ ਅਤੇ ਸਿੱਖ ਧਰਮ ਵਿੱਚ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਬਹੁਤ ਮਹੱਤਵ ਹੈ। ਤਖ਼ਤ ਸ੍ਰੀ ਹਜ਼ੂਰ ਸਾਹਿਬ ਸਿੱਖ ਪੰਥ ਦੇ ਪੰਜ ਤਖ਼ਤਾਂ ਵਿੱਚੋਂ ਇੱਕ ਹੈ। ਜਿੱਥੇ ਸਿੱਖਾਂ ਦੇ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਨੇ ਆਪਣੇ ਅੰਤਿਮ ਦਿਨ ਬਿਤਾਏ ਸਨ ਅਤੇ ਇੱਥੇ ਹੀ ਉਨ੍ਹਾਂ ਨੂੰ ਦਫ਼ਨਾਇਆ ਗਿਆ ਸੀ। ਇੱਥੇ ਹੀ ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਗੱਦੀ ’ਤੇ ਬਿਠਾਇਆ ਅਤੇ ਸਿੱਖਾਂ ਨੂੰ ਗੁਰੂ ਗ੍ਰੰਥ ਸਾਹਿਬ ਨੂੰ ‘ਗੁਰੂ’ ਮੰਨਣ ਦਾ ਉਪਦੇਸ਼ ਅਤੇ ਪ੍ਰਚਾਰ ਕੀਤਾ। ਇੱਥੋਂ ਹੀ ਮਾਧੋ ਦਾਸ ਨੇ ਸਿੱਖਾਂ ਦੀ ਕਮਾਨ ਇੱਕ ਸ਼ੇਰ ਨਾਲ ਸ਼ਿੰਗਾਰੇ ਬੰਦਾ ਸਿੰਘ ਬਹਾਦਰ ਨੂੰ ਸੌਂਪੀ, ਜਿਸ ਨੇ ਨਾ ਸਿਰਫ਼ ਪੰਜਾਬ ਦੀ ਧਰਤੀ ਤੋਂ ਛੋਟੇ ਸਾਹਿਬਜ਼ਾਦਿਆਂ ’ਤੇ ਜ਼ੁਲਮ ਕਰਨ ਵਾਲੇ ਜ਼ਾਲਮਾਂ ਦਾ ਖ਼ਾਤਮਾ ਕੀਤਾ, ਸਗੋਂ ਬੰਦਾ ਬਹਾਦਰ ਨੇ ਸਿੱਖ ਰਾਜ ਦੀ ਨੀਂਹ ਰੱਖੀ। ਅਤੇ ਕਿਸਾਨਾਂ ਨੂੰ ਜ਼ਮੀਨ ਦੇ ਮਾਲਕ ਬਣਾ ਦਿੱਤਾ। ਉਨ੍ਹਾਂ ਨੇ ਜੋ ਕ੍ਰਾਂਤੀਕਾਰੀ ਕੰਮ ਕੀਤਾ ਉਹ ਪੱਛਮੀ ਦੇਸ਼ਾਂ ਦੀ ਰਾਜਨੀਤਕ ਕ੍ਰਾਂਤੀ ਤੋਂ ਪਹਿਲਾਂ ਵੀ ਇੱਕ ਕ੍ਰਾਂਤੀ ਸੀ। ਰਾਜ ਦੇ ਇਸੇ ਮਾਡਲ ਨੇ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੁਆਰਾ ਦਿੱਤੇ ਕੁਸ਼ਲ ਪ੍ਰਸ਼ਾਸਨ ਵਿੱਚ ਵੀ ਇਤਿਹਾਸਕ ਭੂਮਿਕਾ ਨਿਭਾਈ।

**ਕਿਹਾ, ਭਾਰਤ ਵਿਰੋਧੀ ਵਿਦੇਸ਼ਾਂ ਤਾਕਤਾਂ ਪਹਿਲਾਂ ਹੀ ਸਿੱਖ ਨੌਜਵਾਨਾਂ ਨੂੰ ਦੇਸ਼ ਦੇ ਖਿਲਾਫ ਭੜਕਾ ਰਹੀਆਂ ਹੋਣ ਉੱਥੇ ਸਿੱਖ ਭਾਵਨਾਵਾਂ ਨਾਲ ਖਿਲਵਾੜ ਦੇਸ਼ ਦੇ ਹਿਤ ਵਿੱਚ ਨਹੀਂ ਹੈ**

## ਸਪਰਿੰਗ ਫੀਲਡ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ

# ਰੰਗਾਰੰਗ ਪ੍ਰੋਗਰਾਮ ਪੇਸ਼ ਕਰਕੇ ਸਾਰਿਆਂ ਦਾ ਮਨ ਮੋਹਿਆ




ਚੌਕ ਮਹਿਤਾ15ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ) ਸਪਰਿੰਗ ਫੀਲਡ ਪਬਲਿਕ ਸਕੂਲ ਦੀ 25ਵੀਂ ਵਰ੍ਹੇਗੰਢ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਮੌਕੇ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਅਤੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਚਮਕ ਨੇ ਬੱਚਿਆਂ ਨੂੰ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ ਗਿਆ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਬੱਚਿਆਂ ਨੇ ਇਸ ਸੰਸਥਾ ਰਾਹੀਂ ਬੱਚਿਆਂ ਨੂੰ ਪਿਆਰ ਅਤੇ ਉਚੇਰੀ ਸਿੱਖਿਆ ਦੇਣ ਲਈ ਸਕੂਲ ਪ੍ਰਿੰਸੀਪਲ ਤੇਜਿੰਦਰ ਮਲਹੋਤਰਾ ਦਾ ਧੰਨਵਾਦ ਕੀਤਾ ਇਸ ਮੌਕੇ ਸਕੂਲ ਦੇ ਮੈਨੇਜਿੰਗ ਡਾਇਰੈਕਟਰ ਬਲਬੀਰ ਸਿੰਘ ਚਮਕ ਅਤੇ ਹੋਰ ਸਟਾਫ਼ ਮੈਂਬਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਕਿਸਾਨੀ ਮੰਗਾਂ ਦੀ ਪੂਰਤੀ ਲਈ ਕੀਤੇ ਜਾ ਰਹੇ ਅੰਦੋਲਨ ਅਤੇ ਭਾਰਤ ਬੰਦ ਵਿਚ ਸਮੂਹ ਸੰਗਠਨ ਤੇ ਪਾਰਟੀਆਂ ਸਹਿਯੋਗ ਕਰਨ : ਮਾਨ

**ਨਵੀਂ ਦਿੱਲੀ, 15 ਫਰਵਰੀ (ਮਨਪ੍ਰੀਤ ਸਿੰਘ ਖਾਲਸਾ)**:- “ਇਕ ਤਾਂ ਹੁਕਮਰਾਨ ਮੁਲਕ ਨਿਵਾਸੀਆਂ ਦਾ ਢਿੱਡ ਭਰਨ ਵਾਲੇ ਕਿਸਾਨ ਵਰਗ ਵੱਲੋ ਪੈਦਾ ਕੀਤੀਆ ਜਾਣ ਵਾਲੀਆ ਫਸਲਾਂ, ਅਨਾਜ, ਦਾਲਾ, ਸਬਜੀਆਂ, ਗੰਨਾਂ ਆਦਿ ਦੀ ਐਮ.ਐਸ.ਪੀ. ਨਾ ਦੇ ਕੇ ਉਨ੍ਹਾਂ ਨਾਲ ਵੱਡੀ ਬੇਇਨਸਾਫ਼ੀ ਕਰਦੇ ਆ ਰਹੇ ਹਨ। ਦੂਸਰਾ ਸੁਆਮੀਨਾਥਨ ਰਿਪੋਰਟ ਜਿਸ ਨਾਲ ਕਿਸਾਨਾਂ ਦਾ ਚਹੁਪੱਖੀ ਵਿਕਾਸ ਅਤੇ ਤਰੱਕੀ ਹੋਵੇਗੀ, ਉਸਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਤੀਸਰਾ ਉਨ੍ਹਾਂ ਉਤੇ ਹਕੂਮਤੀ ਗਲਤ ਨੀਤੀਆ ਦੀ ਬਦੌਲਤ ਚੜ੍ਹੇ ਕਰਜਿਆ ਦੇ ਬੋਝ ਦੇ ਗੰਭੀਰ ਮਸਲੇ ਨੂੰ ਹੱਲ ਕਰਨ ਲਈ ਸਰਕਾਰ



ਕਰਜਿਆ ਨੂੰ ਖ਼ਤਮ ਕਰਨ ਦਾ ਐਲਾਨ ਨਹੀਂ ਕਰ ਰਹੀ। ਜਦੋ ਕਿਸਾਨ ਵਰਗ ਆਪਣੀਆ ਉਪਰੋਕਤ ਜਾਇਜ ਮੰਗਾਂ ਦੀ ਪੂਰਤੀ ਲਈ ਜਮਹੂਰੀਅਤ ਅਤੇ ਅਮਨਮਈ ਢੰਗ ਨਾਲ ਰੋਸ਼ ਧਰਨੇ, ਮਾਰਚ ਜਾਂ ਮੋਰਚੇ ਲਗਾਉਦੇ ਹਨ ਤਾਂ ਸਰਕਾਰਾਂ ਆਪਣੀਆਂ ਫ਼ੌਜਾਂ, ਪੁਲਿਸ, ਅਰਧ ਸੈਨਿਕ ਬਲਾਂ, ਇਥੋ ਤੱਕ ਉਨ੍ਹਾਂ ਉਤੇ ਰਬੜ ਦੀਆਂ ਗੋਲੀਆਂ, ਅੱਥਰੂ ਗੈਸ ਅਤੇ ਪਾਣੀ ਦੀਆਂ ਬੁਛਾੜਾਂ ਦੇ ਹਮਲੇ ਕਰਕੇ ਜਖ਼ਮੀ ਕਰਨ ਦੇ ਅਣਮਨੁੱਖੀ ਤਸ਼ੱਦਦ ਢਾਹੁੰਦੀਆਂ ਹਨ। ਜਿਸਦੀ ਅਸੀ ਕੌਮਾਂਤਰੀ ਕਾਨੂੰਨਾਂ ਅਧੀਨ ਉਪਰੋਕਤ ਮੰਗਾਂ ਪੂਰਨ ਕਰਨ ਅਤੇ ਸਰਕਾਰੀ ਦਹਿਸਤ ਦੀ ਨਿਖੇਧੀ ਕਰਦੇ ਹਾਂ।” ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ 16 ਫਰਵਰੀ ਨੂੰ ਸਮੁੱਚੇ ਕਿਸਾਨ ਵਰਗ ਵੱਲੋ ਆਪਣੀਆਂ ਮੰਗਾਂ ਦੇ ਹੱਕ ਵਿਚ ਭਾਰਤ ਬੰਦ ਦੇ ਦਿੱਤੇ ਗਏ ਸੱਦੇ ਦੀ ਪੂਰਨ ਹਮਾਇਤ ਕਰਦੇ ਹੋਏ ਅਤੇ ਸਮੁੱਚੀਆਂ ਕਾਂਗਰਸ, ਕਾਮਰੇਡ, ਬੀ.ਐਸ.ਪੀ, ਅਕਾਲੀ ਦਲ ਬਾਦਲ ਆਦਿ ਸਭ ਪਾਰਟੀਆਂ ਤੇ ਸੰਗਠਨਾਂ ਨੂੰ ਕਿਸਾਨਾਂ ਦੀ ਇਨਸਾਨੀ ਕਦਰਾਂ ਕੀਮਤਾਂ ਦੇ ਬਿਨ੍ਹਾਂ ਤੇ ਸਹਿਯੋਗ ਕਰਨ ਦੀ ਅਪੀਲ ਕਰਦੇ ਹੋਏ ਪ੍ਰਗਟ ਕੀਤੇ। ਸ. ਮਾਨ ਨੇ ਆਪਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਮੈਬਰਾਂ ਤੇ ਸਮਰੱਥਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਬੰਦ ਨੂੰ ਕਾਮਯਾਬ ਕਰਨ ਅਤੇ ਥਾਂ-ਥਾਂ ਤੇ ਦਿੱਤੇ ਜਾਣ ਵਾਲੇ ਰੋਸ ਧਰਨਿਆ ਵਿਚ ਸਾਮਿਲ ਹੋ ਕੇ ਆਵਾਜ਼ ਬੁਲੰਦ ਕਰਨ ਦੀ ਵੀ ਜੋਰਦਾਰ ਅਪੀਲ ਕੀਤੀ। ਇਸਦੇ ਨਾਲ ਹੀ ਸੰਭੂ-ਖਨੌਰੀ ਤੇ ਹੋਰ ਪੰਜਾਬ ਦੀਆਂ ਸਰਹੱਦਾਂ ਉਤੇ ਹਰਿਆਣਾ ਦੀ ਖੱਟਰ ਸਰਕਾਰ ਅਤੇ ਸੈਂਟਰ ਦੀ ਮੋਦੀ ਸਰਕਾਰ ਵੱਲੋ ਗੈਰ ਵਿਧਾਨਿਕ ਢੰਗ ਨਾਲ ਦੁਸ਼ਮਣ ਮੁਲਕ ਦੀ ਜੰਗ ਦੀ ਤਰ੍ਹਾਂ ਲਗਾਈਆ ਗਈਆ ਰੋਕਾਂ ਅਤੇ ਕੀਤੇ ਜਾਣ ਵਾਲੇ ਅਣਮਨੁੱਖੀ ਹਮਲਿਆ ਦੀ ਜੋਰਦਾਰ ਨਿੰਦਾ ਕਰਦੇ ਹੋਏ ਇਸ ਨੂੰ ਤੁਰੰਤ ਬੰਦ ਕਰਨ ਅਤੇ ਕਿਸਾਨਾਂ ਨੂੰ ਜਮਹੂਰੀਅਤ ਢੰਗ ਨਾਲ ਆਪਣੀ ਮੰਜਿਲ ਤੇ ਪਹੁੰਚਕੇ ਰੋਸ ਜਾਹਰ ਕਰਨ ਦੀ ਇਜਾਜਤ ਦੇਣ ਦੀ ਗੱਲ ਕੀਤੀ ਤਾਂ ਕਿ ਕਿਸਾਨ ਵਰਗ ਹੁਕਮਰਾਨਾਂ ਉਤੇ ਦਬਾਅ ਪਾ ਕੇ ਆਪਣੀਆ ਜਾਇਜ ਮੰਗਾਂ ਨੂੰ ਪੂਰਨ ਕਰਵਾ ਸਕਣ ਅਤੇ ਉਹ ਵੀ ਇਸ ਮੁਲਕ ਵਿਚ ਅਣਖ਼ ਤੇ ਗੈਰਤ ਦੀ ਜਿੰਦਗੀ ਜੀਦੇ ਹੋਏ ਆਪੋ ਆਪਣੇ ਪਰਿਵਾਰਾਂ ਦੀ ਮਾਲੀ ਹਾਲਤ ਨੂੰ ਬਿਹਤਰ ਬਣਾਉਣ ਵਿਚ ਯੋਗਦਾਨ ਪਾ ਸਕਣ।

# ਐਡਵੋਕੇਟ ਧਾਮੀ ਵਲੋਂ ਹਰਿਆਣਾ ਦੇ ਗੁਰੂ ਘਰਾਂ ਅੰਦਰ ਪੁਲਿਸ ਵੱਲੋਂ ਮਰਯਾਦਾ ਤੋਂ ਉਲਟ ਹਰਕਤਾਂ ਦੀ ਕਰੜੀ ਨਿੰਦਾ

**ਨਵੀਂ ਦਿੱਲੀ, 15 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ)**:-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਸਰਕਾਰ ਵੱਲੋਂ ਨਾਮਜਦ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਵੱਲੋਂ ਅੰਬਾਲਾ ਦੇ ਇਤਿਹਾਸਕ ਗੁਰਦੁਆਰਾ ਸਾਹਿਬਾਨ ਸ੍ਰੀ ਮੰਜੀ ਸਾਹਿਬ ਤੇ ਸ੍ਰੀ ਪੰਜੋਖਰਾ ਸਾਹਿਬ ਵਿਖੇ ਪੁਲਿਸ ਵਾੜ ਕੇ ਮਰਯਾਦਾ ਦੀ ਉਲੰਘਣਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਸੰਗਤ ਵੱਲੋਂ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸ਼ੰਭੂ ਬਾਰਡਰ ਉੱਤੇ ਆਪਣੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਨੂੰ ਰੋਕਣ ਲਈ ਸੱਦੀ ਗਈ ਪੁਲਿਸ ਨੂੰ ਇਨ੍ਹਾਂ ਗੁਰੂ ਘਰਾਂ ਦੀਆਂ ਸਰਾਵਾਂ ਵਿੱਚ ਰਿਹਾਇਸ਼ ਦਾ ਪ੍ਰਬੰਧ ਕਰਕੇ ਦਿੱਤਾ ਗਿਆ ਹੈ। ਸੰਗਤ ਵੱਲੋਂ ਸ਼ਿਕਾਇਤਾਂ ਪੁੱਜੀਆਂ ਹਨ ਕਿ ਪੁਲਿਸ ਅਧਿਕਾਰੀਆਂ ਨੇ ਸਰਾਵਾਂ ਅੰਦਰ ਸ਼ਰਾਬ, ਤੰਬਾਕੂ ਆਦਿ ਨਸ਼ਿਆਂ ਦਾ ਸੇਵਨ ਕੀਤਾ ਹੈ, ਜੋ ਕਿ ਮੌਕੇ ਤੋਂ ਬਰਾਮਦ ਵੀ ਕੀਤੇ ਗਏ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਅਤੇ ਸੰਗਤ ਦਾ ਖਦਸ਼ਾ ਸਹੀ ਸਾਬਤ ਹੋ ਰਿਹਾ ਹੈ ਅਤੇ ਸਰਕਾਰ ਆਪਣੇ ਵੱਲੋਂ ਨਾਮਜਦ ਕਮੇਟੀ ਨੂੰ ਪ੍ਰਭਾਵਿਤ ਕਰਕੇ ਗੁਰੂ ਘਰਾਂ ਅੰਦਰ ਮਨਮਰਜ਼ੀਆਂ ਕਰਦਿਆਂ ਪਾਵਨ ਮਰਯਾਦਾ ਦੀ ਉਲੰਘਣਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਸ਼੍ਰੋਮਣੀ ਕਮੇਟੀ ਤੋੜ ਕੇ ਸਰਕਾਰ ਵੱਲੋਂ ਜਬਰੀ ਹਰਿਆਣਾ ਗੁਰਦੁਆਰਾ ਕਮੇਟੀ ਬਣਾਈ ਜਾ ਰਹੀ ਸੀ ਤਾਂ ਉਸ ਸਮੇਂ ਅਜਿਹੀਆਂ ਹੀ ਮਰਯਾਦਾ ਦੇ ਉਲਟ ਅਤੇ ਆਪਹੁਦਰੀ ਕਾਰਵਾਈਆਂ ਦੀ ਸੰਭਾਵਨਾ ਦੇ ਮੱਦੇਨਜ਼ਰ ਹੀ ਸਿੱਖ ਜਗਤ ਨੇ ਵਿਰੋਧ ਕੀਤਾ ਸੀ। ਉਨ੍ਹਾਂ ਕਿਹਾ ਕਿ ਸਰਕਾਰੀ ਕਮੇਟੀ ਵੱਲੋਂ ਗੁਰੂ ਘਰਾਂ ਅੰਦਰ ਪੁਲਿਸ ਵਾੜਨ ਅਤੇ ਪੁਲਿਸ ਵੱਲੋਂ ਸਰਾਵਾਂ ਅੰਦਰ ਸ਼ਰਾਬ ਤੇ ਤੰਬਾਕੂ ਦੀ ਵਰਤੋਂ ਕਾਰਨ ਸਿੱਖ ਜਗਤ ਦੀਆਂ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚਾਈ ਗਈ ਹੈ। ਐਡਵਕੇਟ ਧਾਮੀ ਨੇ ਕਿਹਾ ਕਿ ਸਿੱਖ ਕੌਮ ਹਮੇਸ਼ਾ ਗੁਰੂ ਘਰਾਂ ਨੂੰ ਸਰਕਾਰੀ ਦਖ਼ਲਅੰਦਾਜ਼ੀ ਤੋਂ ਅਜ਼ਾਦ ਕਰਵਾਉਣ ਲਈ ਸੰਘਰਸ਼ ਕਰਦੀ ਰਹੀ ਹੈ ਅਤੇ ਜੇਕਰ ਗੁਰਦੁਆਰਾ ਕਮੇਟੀਆਂ ਆਪ ਹੀ ਉਲੰਘਣਾ ਕਰਨ ਲੱਗ ਜਾਣਗੀਆਂ ਤੋਂ ਮਰਯਾਦਾ ਦੀ ਰਖਵਾਲੀ ਕੌਣ ਕਰੇਗਾ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਇਨ੍ਹਾਂ ਘਟਨਾਵਾਂ ਦਾ ਸਖ਼ਤ ਨੋਟਿਸ ਲੈਣ ਦੀ ਅਪੀਲ ਕੀਤੀ ਹੈ।



# ਧੱਕੇਸ਼ਾਹੀਆਂ ਦੇ ਵਿਰੁੱਧ ਸਮੂਹ ਧਰਮਾਂ ਦੀ ਸਾਂਝੀ ਮੀਟਿੰਗ 18 ਫਰਵਰੀ ਨੂੰ ਧੂਰੀ ਵਿਖੇ ਹੋਵੇਗੀ :ਵਿਕੀ ਪਰੋਚਾ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਅੰਦਰ ਕੁੱਝ ਧਨਾਢ ਲੋਕਾਂ ਵੱਲੋਂ ਦਿਨ ਪ੍ਰਤੀ ਦਿਨ ਐਸ.ਸੀ.ਸਮਾਜ,ਬੀ.ਸੀ.ਸਮਾਜ ਅਤੇ ਜਨਰਲ ਸਮਾਜ ਦੇ ਗਰੀਬ ਪਰਿਵਾਰਾਂ ਨਾਲ ਧੱਕੇਸਾਹੀਆਂ ਹੋ ਰਹੀਆਂ ਨੂੰ ਵੇਖਦੇ ਹੋਏ ਸਮੂਹ ਧਰਮਾਂ ਦੇ ਆਗੂਆਂ ,ਸੰਤ ਸਮਾਜ ਤੇ ਹੋਰ ਬੁੱਧੀਜੀਵੀਆਂ ਦੀ ਇੱਕ ਸਾਂਝੀ ਮੀਟਿੰਗ 18 ਫਰਵਰੀ ਨੂੰ ਧੂਰੀ ਵਾਰਡ ਨੰਬਰ 20 ਨਜ਼ਦੀਕ ਗੁਰਦੁਆਰਾ ਨਾਨਕਸਰ ਧੂਰੀ ਜ਼ਿਲਾ ਸੰਗਰੂਰ ਵਿਖੇ 11 ਤੋਂ 2 ਵਜੇ ਤੱਕ ਹੋਵੇਗੀ। ਇਹ ਜਾਣਕਾਰੀ ਨੌਜਵਾਨ ਆਗੂ ਵਿੱਕੀ ਪਰੋਚਾ ਨੇ ਦਿੰਦਿਆਂ ਦੱਸਿਆ ਕਿ ਇਹ ਸਰਬ ਸਾਂਝੀ ਮੀਟਿੰਗ ਦਾ ਮੁੱਖ ਮਕਸਦ ਇਹ ਹੈ ਕਿ ਪੰਜਾਬ ਵਿੱਚ ਹਰ ਧਰਮ ਵਿੱਚ ਗਰੀਬ ਪਰਿਵਾਰਾਂ ਉੱਪਰ ਕਈ ਵਾਰੀ ਹੱਦੋਂ ਵੱਧ ਤਸ਼ੱਦਦ ਹੁੰਦੇ ਹਨ ਜਿਨਾਂ ਦੀ ਸੁਣਵਾਈ ਨਾ ਤਾਂ ਕੋਈ ਪ੍ਰਸ਼ਾਸਨ ਕਰਦਾ ਹੈ ਤੇ ਨਾ ਹੀ ਕੋਈ ਸਰਕਾਰ ਦਾ ਨੁਮਾਇੰਦਾ ਉਹਨਾਂ ਦੀ ਆਵਾਜ਼ ਬੁਲੰਦ ਕਰਨ ਅਤੇ ਉਹਨਾਂ ਨੂੰ ਇਨਸਾਫ ਦਵਾਉਣ ਲਈ ਇਹ ਸਰਬ ਸਾਂਝੀ ਮੀਟਿੰਗ ਰੱਖੀ ਗਈ ਹੈ। ਇਸ ਮੀਟਿੰਗ ਨਾਲ ਜਿੱਥੇ ਸਾਡਾ ਆਪਸੀ ਭਾਈਚਾਰਾ ਕਾਇਮ ਹੋਏਗਾ ਉਥੇ ਅਸੀਂ ਇੱਕ ਦੂਜੇ ਦੇ ਦੁੱਖ ਸੁੱਖ ਵਿੱਚ ਸ਼ਾਮਿਲ ਹੋ ਕੇ ਸਮਾਜ ਵਿਰੋਧੀ ਅਨਸਰਾਂ ਵੱਲੋਂ ਫੈਲਾਏ ਗਏ ਭੇਦਭਾਵ ਨੂੰ ਖਤਮ ਕਰਾਂਗੇ। ਇਸ ਦੇ ਸਬੰਧ ਵਿੱਚ ਵਾਲਮੀਕਿ ਤੀਰਥ ਅਮ੍ਰਿਤਸਰ ਤੋਂ ਸੰਤ ਸਮਾਜ, ਧਰਮਿਕ,ਸਮਾਜਿਕ’ ਅੰਬੇਡਕਰ ਜੱਥੇਬੰਦਿਆ,ਦੇ ਆਗੂ ਸਾਰੇ ਪੰਜਾਬ ਦੇ ਜ਼ਿਲਆਂ ਵਿੱਚੋਂ ਪਹੁੰਚਣ ਰਹੇ ਹਨ। ਉਹਨਾਂ ਦੱਸਿਆ ਕਿ ਮੀਟਿੰਗ ਦੌਰਾਨ ਪੰਜਾਬ ਦੇ ਸਾਰੇ ਜ਼ਿਲਆਂ ਵਿੱਚ ਰਾਜਨੀਤੀ ਤੋਂ ਉੱਪਰ ਉੱਠ ਕੇ ਟੀਮਾਂ ਤਿਆਰ ਕੀਤੀਆਂ ਜਾਣ ਗਿਆ। ਸਾਰੇ ਸਾਥੀਆਂ ਨੂੰ ਬੇਨਤੀ ਹੈ ਕਿ ਸਮੇਂ ਸਿਰ ਪਹੁੰਚਣ ਦੀ ਕਿਰਪਾਲਤਾ ਕਰਨੀ ਜੀ। ਮੀਟਿੰਗ ਬਾਰੇ ਕੋਈ ਵੀ ਜਾਣਕਾਰੀ ਲਈ ਸਾਨੂੰ ਇਸ ਨੰਬਰਾਂ ਤੇ ਸੰਪਰਕ ਕੀਤਾ ਜਾ ਸਕਦਾ ਹੈ।



## ਮੇਰੀ ਕਲਮ ਤੋਂ

# ਸ. ਗੁਰਦੀਪ ਸਿੰਘ ਬਠਿੰਡਾ (ਬੁਰਜ ਮਹਿਮਾ)

**-ਮਹੇਸ਼ਿੰਦਰ ਸਿੰਘ ਗੁਲਾਬਗੜ੍ਹ**



ਦਾਸ ਜਿਸ ਸ਼ਖਸੀਅਤ ਦਾ ਜ਼ਿਕਰ ਅੱਜ ਕਰਣ ਜਾ ਰਿਹਾ ਉਹ ਬਹੁਤ ਹੀ ਜੂਝਾਰੂ ,ਖੁਸ਼ਦਿਲ, ਇਮਾਨਦਾਰ, ਬੇਪਰਵਾਹ,ਬੇਖੌਫ ਕੀ ਕਹਾਂ ਸਾਰੀਆਂ ਖ਼ੂਬੀਆਂ ਹਨ ਇਸ ਸ਼ਖਸ ਚ ਇਹ ਹਨ ਸਰਦਾਰ ਗੁਰਦੀਪ ਸਿੰਘ ਬਠਿੰਡਾ (ਬੁਰਜ ਮਹਿਮਾ)ਅਤੇ ਸਾਡੇ ਪੁਰਾਣੇ ਫੈਡਰੇਸ਼ਨ ਵਾਲਿਆਂ ਦੇ (ਪੋਪ)ਇੱਕ ਲੰਮਾ ਸਮਾਂ ਅਸੀਂ ਸਾਥ ਗੁਜ਼ਾਰਿਆ ਜਿਸ ਦੋਰ ਨੂੰ ਲੋਕ ਕਾਲਾ ਦੋਰ ਕਹਿੰਦੇ ਸੀ। ਉਹ ਦੌਰ ਸਾਡੇ ਵਾਸਤਾ ਕਾਲਾ ਦੌਰ ਸੀ ਪਰ ਲੋਕਾਂ ਵਾਸਤੇ ਉਹ ਸੁਨਿਹਰੀ ਦੌਰ ਸੀ ਲੋਕਾਂ ਦੇ ਪੁੱਤ ਕਦੇ ਚਿੱਟੇ ਨਾਲ ਨਹੀ ਸੀ ਮਰੇ ਨਾਹੀ ਧੀਆਂ ਕਦੇ ਦਾਜ ਦੀ ਬਲੀ ਚੜ੍ਹੀਆਂ ਸਨ। ਉਸ ਦੌਰ ਵਿੱਚ ਸਰਦਾਰ ਗੁਰਦੀਪ ਸਿੰਘ ਬਠਿੰਡਾ ਬੜੇ ਸੁਚੱਜੇ ਢੰਗ ਨਾਲ ਸ਼ਰੋਮਣੀ ਅਕਾਲੀ ਦਲ (ਸੰਯੁਕਤ ) ਦੀ ਬਠਿੰਡਾ ਇਕਾਈ ਨੂੰ ਚਲਾ ਰਹੇ ਸਨ। 1984 ਦੇ ਦੁਖਾਂਤ ਤੋਂ ਬਾਅਦ ਜਦੋ ਦਾਸ ਨੇ ਸਿੱਖ ਸਟੂਡੈਂਟਸ ਫੈਡਰੇਸ਼ਨ ਵਿੱਚ ਹਿਸਾ ਲੈਣਾ ਸ਼ੁਰੂ ਕੀਤਾ ਤਾਂ ਪਹਿਲੀ ਮੁਲਾਕਾਤ ਵੀਰ ਸਬੇਗ ਸਿੰਘ ਜੋਧਪੁਰ ਨਾਲ ਹੋਈ ਉਸ ਤੋਂ ਬਾਅਦ ਅਸੀ ਸਤਿਵਿੰਦਰ ਸਿੰਘ ਭੋਲਾ ਨੂੰ ਮਿਲੇ ਹੋਲੀ ਹੋਲੀ ਕਾਫ਼ਲਾ ਬਣਦਾ ਗਿਆ ਜਦੋ ਪਹਿਲੀ ਵਾਰੀ ਸਰਦਾਰ ਗੁਰਦੀਪ ਸਿੰਘ ਬਠਿੰਡਾ ਨੂੰ ਮਿਲੇ ਤਾਂ ਇਹ ਅਹਿਸਾਸ ਹੋਇਆ ਕੀ ਇਹ ਕੋਈ ਬਹੁਤ ਹੀ ਗੁਰਮੁੱਖ ਰੂਹ ਹੈ ਸਰਦਾਰ ਗੁਰਦੀਪ ਸਿੰਘ ਦਾ ਸੁਭਾਅ ਬੜਾ ਹੀ ਨੇਕ ਅਤੇ ਮਿਲਾਪੜਾ ਸੀ ਜਿਸ ਦਾ ਸਦਕਾ ਸਾਡਾ ਇੱਕ ਚੰਗਾ ਵੱਡਾ ਕਾਫਿਲਾ ਬਣ ਗਿਆ ਜਿਸ ਵਿੱਚ ਸਤਿਵਿੰਦਰ ਭੋਲਾ, ਮਨਜੀਤ ਪੁਹਲਾ, ਬਖਤੋਰ ਸਿੰਘ ਵਕੀਲ,ਮਿੱਠਾ ਸਿੰਘ ਸੁਰਤੀਆ,ਹਰਪਾਲ ਸਿੰਘ ਜ਼ੈਲਦਾਰ,ਪ੍ਰਿਥੀ ਸਿੰਘ ਕਟਾਰ ਸਿੰਘ ਵਾਲਾ ਵਾਲਾ,ਅਮਰਜੀਤ ਡਿੰਪਲ, ਗੁਰਜੰਟ ਸਿੰਘ ਬੱਬਰ, ਅਤੇ ਦਾਸ ਅਤੇ ਹੋਰ ਵੀ ਬਹੁਤ ਸਾਰੇ ਸਿੰਘ ਸਨ ਗੁਰਦੀਪ ਸਿੰਘ ਜੀ ਨੂੰ ਹੁਣ ਅਸੀ ਸਾਰੇ ਜੱਥੇਦਾਰ ਜੀ ਕਹਿਣ ਲੱਗ ਪਏ ਸੀ। ਜੱਥੇਦਾਰ ਦਾ ਸਾਡਾ ਨਾਲ ਪਿਆਰ ਛੋਟੇ ਭਰਾਵਾਂ ਵਰਗਾ ਸੀ ਇਸ ਵਿੱਚ ਜਿਆਦਾ ਤਰ ਹਾਸਾ ਠੱਠਾ ਚਲਦਾ ਰਹਿੰਦਾ ਸੀ ਕਿਉਂ ਕੀ ਉਸ ਸਮੇਂ ਦਾ ਜੋ ਚੱਕਰ ਸਿੱਖ ਨੋਜਵਾਨੀ ਤੇ ਚੱਲ ਰਿਹਾ ਸੀ। ਪਤਾ ਨਹੀਂ ਸੀ ਸਾਡੇ ਕੋਣ ਕਿਸ ਵੇਲੇ ਚਲਿਆ ਜਾਵੇ ਸਾਰੇ ਹੀ ਤਲੀ ਤੇ ਧਰ ਕੇ ਨਿਰਸਵਾਰਥ ਹੋ ਕੇ ਲੜ ਰਹੇ ਸੀ ਇਸ ਸਮੇਂ ਜੋ ਅਗਵਾਈ ਸਾਡੇ ਜੱਥੇਦਾਰ ਜੀ ਦੇ ਰਹੇ ਸੀ ਬੜੀ ਯੋਗ ਸੀ ਸਾਡੇ ਵਾਸਤੇ ਚਾਹੇ ਜੱਥੇਦਾਰ ਗੁਰਦੀਪ ਸਿੰਘ ਬਠਿੰਡਾ ਅਕਾਲੀ ਦਲ ਵਿੱਚ ਸਨ। ਪਰ ਉਹ ਜ਼ਿਆਦਾਤਰ ਸਾਡੇ ਨਾਲ ਹੀ ਰਹਿੰਦੇ ਸਨ ਅਸੀ ਵੀ ਉਨ੍ਹਾਂ ਦੇ ਪਿੰਡ ਬੁਰਜ ਮਹਿਮੇ ਕਈ ਕਈ ਦਿਨ ਰਹਿੰਦੇ ਜੱਥੇਦਾਰ ਜੀ ਦੇ ਪਰਿਵਾਰ ਵਿੱਚ ਵੀ ਸਾਨੂੰ ਜੱਥੇਦਾਰ ਜੀ ਨਾਲੋ ਵੱਧ ਪਿਆਰ ਮਿਲਦਾ ਸੀ। ਇਹ ਗੱਲ ਸਾਰੇ ਗੁਰ ਸਿੱਖ ਪਰਿਵਾਰਾਂ ਵਿੱਚ ਦੇਖਣ ਨੂੰ ਮਿਲੀ ਲੰਗਰ ਪਾਣੀ ਦੀ ਕੋਈ ਕਮੀ ਨਹੀਂ ਸੰਘਰਸ਼ ਲੜ ਰਹੇ ਨੋਜਵਾਨਾਂ ਨੂੰ ਆਪਣੇ ਬੱਚਿਆਂ ਤੋ ਵੀ ਵੱਧ ਪਿਆਰ ਮਿਲਿਆ ਖ਼ਾਸ ਕਰ ਕੇ ਸੰਤ ਬਾਬਾ ਜਰਨੈਲ ਸਿੰਘ ਜੀ ਦਾ ਪਰਿਵਾਰ ਜਿੱਥੇ ਦਾਸ ਕਾਫੀ ਸਮਾਂ ਆਉਂਦੇ ਜਾਂਦੇ ਰਹੇ ਜਾਂ ਫੇਰ ਇੱਕ ਪਰਿਵਾਰ ਸਰਦਾਰ ਤੇਜਵੰਤ ਸਿੰਘ ਜੀ ਨਾਰੰਗਵਾਲ ਦਾ ਪਰਿਵਾਰ ਬਹੁਤ ਹੀ ਸੇਵਾ ਕਰਦੇ ਹਮੇਸ਼ਾ ਧੰਨਵਾਦੀ ਹਾਂ ।ਸਾਡੇ ਜੱਥੇਦਾਰ ਸਾਹਿਬ ਦੇ ਪਰਿਵਾਰ ਦੇ ਸਾਰੇ ਹੀ ਮੈਂਬਰ ਚਾਹੇ ਜੱਥੇਦਾਰ ਦੇ ਪਿਤਾ ਜੀ ਚਾਚਾ ਜੀ ਜਾਂ ਉਨ੍ਹਾਂ ਦੇ ਸਾਰੇ ਭਾਈ ਸਾਰੇ ਹੀ ਬਹੁਤ ਪਿਆਰ ਵਾਲੇ ਸਨ । ਸਮਾਂ ਬੜਾ ਮਾੜਾ ਸੀ ਕਈ ਵਾਰੀ ਅਸੀ ਜੱਥੇਦਾਰ ਜੀ ਦੇ ਖੇਤ ਜਾ ਬੈਠ ਦੇ ਸੂਏ ਤੇ ਨਹਾਉਂਦੇ ਰਹਿੰਦੇ ਕਈ ਚੜਦੀਕਲਾ ਵਾਲੇ ਸਿੰਘ ਹੁੰਦੇ ਤਾਂ ਵੀ ਰੋਟੀ ਪਾਣੀ ਖੇਤ ਆਉਂਦਾ ਜੱਥੇਦਾਰ ਗੁਰਦੀਪ ਸਿੰਘ ਆਪਣੇ ਅੰਦਰ ਇੱਕ ਕੋਮੀ ਦਰਦ ਲੈ ਕੇ ਅੱਜ ਵੀ ਲੜਾਈ ਲੜ ਰਹੇ ਹਨ ਉਨ੍ਹਾਂ ਜੋ ਸੰਘਰਸ਼ ਦੁਰਾਣ ਸਾਡੇ ਅੰਦਰ ਜੋ ਜਜ਼ਬਾ ਪੈਦਾ ਕੀਤਾ ਅਤੇ ਸਾਡੇ ਸਾਰੇ ਕਾਫਿਲੇ ਨੂੰ ਇੱਕ ਮਾਲਾ ਵਾਂਗ ਜੋੜ ਕੇ ਰੱਖਿਆ ਅਜਿਹੇ ਯੋਧੇ ਨੂੰ ਸਲੂਟ ਹੈ ਸਾਡੇ ਪੋਪ ਜੱਥੇਦਾਰ ਗੁਰਦੀਪ ਸਿੰਘ ਬਠਿੰਡਾ ਨੂੰ ਵਾਹਿਗੁਰੂ ਹਮੇਸ਼ਾ ਚੜਦੀਕਲਾ ਬਖਸ਼ਣ

***ਸਾਰੇ ਸਿੰਘ ਬਾਰੇ ਸੰਘਰਸ਼ ਦੁਰਾਨ ਜੋ ਕੁਝ ਵੀ ਹੋਇਆ ਸੱਚ ਲਿੱਖ ਸਕਾਂ ਇੱਕ ਕਿਤਾਬ ਦੇ ਰੂਪ ਚ ਤਾਂ ਹਰ ਇੱਕ ਪੱਖ ਸਾਹਮਣੇ ਆ ਸਕੇ।**

### ਸਰਕਾਰ ਵੱਲੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਨਵੇਂ ਐਕਟ ਨੂੰ ਵਾਪਸ ਲੈਣਾ

# ਖਾਲਸਾ ਪੰਥ ਦੀ ਵੱਡੀ ਜਿੱਤ : ਬਾਬਾ ਸਤਨਾਮ ਸਿੰਘ ਵੱਲੀਆਂ



**ਫਿਰੋਜ਼ਪੁਰ 15 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਮਹਾਂਰਾਸ਼ਟਰ ਸਰਕਾਰ ਵੱਲੋਂ ਦਖਲ ਅੰਦਾਜੀ ਕਰਦਿਆਂ ਹੋਇਆਂ ਅਬਿਚਲ ਨਗਰ ਐਕਟ 1956 ਨੂੰ ਤੋੜ ਕੇ 2024 ਨਵਾਂ ਐਕਟ ਬਣਾ ਕੇ ਨਵਾਂ ਪ੍ਰਬੰਧਕੀ ਬੋਰਡ ਬਣਾਇਆ ਗਿਆ ਸੀ, ਜਿਸ ਸਬੰਧੀ ਗੁਰੂ ਨਾਨਕ ਨਾਂਮ ਲੇਵਾ ਸਮੂਹ ਸੰਗਤਾਂ ਅਤੇ ਖਾਲਸਾ ਪੰਥ ਵਿੱਚ ਭਾਰੀ ਰੋਸ ਪਾਇਆ ਗਿਆ ਸੀ । ਜਿਸ ਤੇ ਅੱਜ ਮਹਾਂਰਾਸ਼ਟਰ ਸਰਕਾਰ ਨੇ ਖਾਲਸਾ ਪੰਥ ਅੱਗੇ ਝੁਕਦਿਆਂ ਹੋਇਆਂ ਨਵੇਂ ਬਣਾਏ ਐਕਟ ਨੂੰ ਵਾਪਸ ਲੈ ਲਿਆ ਹੈ ਜਿਸ ਨਾਲ ਖਾਲਸਾ ਪੰਥ ਦੀ ਸੰਸਾਰ ਭਰ ਵਿੱਚ ਚੜ੍ਹਦੀ ਕਲਾ ਹੋਈ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਗੁਰਦੁਆਰਾ ਪ੍ਰਉਪਕਾਰੀ ਭਾਈ ਲੱਧਾ ਜੀ ਦੇ ਮੁੱਖ ਸੇਵਾਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਕਿਹਾ ਕਿ ਅਸੀਂ ਧਾਰਮਿਕ ਜਥੇਬੰਦੀਆਂ, ਸਿੰਘ ਸਭਾਵਾਂ, ਧਾਰਮਿਕ ਅਤੇ ਸਿਆਸੀ ਆਗੂਆਂ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਆਪਣਾ ਵੱਡਮੁੱਲਾ ਯੋਗਦਾਨ ਪਾਉਂਦਿਆਂ ਸਰਕਾਰ ਤੇ ਆਪਣਾ ਦਬਾਅ ਪਾ ਕੇ ਇਹ ਨਵਾਂ ਐਕਟ ਵਾਪਸ ਕਰਵਾਇਆ। ਬਾਬਾ ਜੀ ਨੇ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਸਰਕਾਰ ਸਿੱਖਾਂ ਦੇ ਧਾਰਮਿਕ ਸਥਾਨਾਂ, ਗੁਰਦੁਆਰਿਆਂ ਅਤੇ ਤਖ਼ਤ ਸਹਿਬਾਨਾਂ ਦੇ ਪ੍ਰਬੰਧਾਂ ਵਿੱਚ ਦਖਲ ਅੰਦਾਜੀ ਨਾ ਕਰੇ ਜਿਸ ਨਾਲ ਸਮੂਹ ਸਿੱਖ ਸੰਗਤਾਂ ਦੇ ਹਿਰਦਿਆਂ ਨੂੰ ਠੇਸ ਪਹੁੰਚੇ। ਅਖੀਰ ਵਿੱਚ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਕਿਹਾ ਕਿ ਅਸੀਂ ਕੇਂਦਰ ਸਰਕਾਰ ਨੂੰ ਵੀ ਅਪੀਲ ਕਰਦੇ ਹਾਂ ਕਿ ਜਿਸ ਤਰਾਂ ਮਹਾਂਰਾਸ਼ਟਰ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ ਦਾ ਮਸਲਾ ਹੱਲ ਕੀਤਾ ਹੈ ਇਸੇ ਤਰ੍ਹਾਂ ਕਿਸਾਨਾਂ ਦੀਆਂ ਹੱਕੀ ਮੰਗਾਂ ਮੰਨ ਕੇ ਉਨ੍ਹਾਂ ਨੂੰ ਇਨਸਾਫ ਦਿੱਤਾ ਜਾਵੇ।


### ਇੰਡੀਅਨ ਐਕਸ ਸਰਵਿਸਮੈਨ ਲੀਗ ਫ਼ਿਰੋਜ਼ਪੁਰ ਦੀ ਹੋਈ ਮੀਟਿੰਗ

# ਮੰਗਾਂ ਸਬੰਧੀ ਕੀਤੀ ਵਿਚਾਰ ਵਟਾਂਦਰਾ



**ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :—** ਇਡੀਅਨ ਐਕਸ ਸਰਵਿਸਮੈਨ ਲੀਗ ਫਿਰੋਜ਼ਪੁਰ ਦੀ ਮੀਟਿੰਗ ਪ੍ਰਤਾਪ ਨਗਰ ਚੁੰਗੀ ਨੰਬਰ 8 ਫਿਰੋਜ਼ਪੁਰ ਛਾਉਣੀ ਐਕਸਿਸ ਬੈਂਕ ਦੇ ਸਾਹਮਣੇ ਸੈਂਡ ਵਿਚ ਹੋਈ, ਜਿਸ ਦੀ ਪ੍ਰਧਾਨਗੀ ਕੈਪਟਨ ਜਗੀਰ ਸਿੰਘ ਨੇ ਕੀਤੀ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਇੰਡੀਅਨ ਐਕਸ ਸਰਵਿਸਮੈਨ ਲੀਗ ਬਾਰੇ ਜਾਣਕਾਰੀ ਸੂਬੇਦਾਰ ਧੀਰਾ ਸਿੰਘ ਜਨਰਲ ਸਕੱਤਰ ਨੇ ਸਾਰੇ ਸਾਬਕਾ ਸੈਨਿਕਾਂ ਨਾਲ਼ ਸਾਂਝੀ ਕਰਦੇ ਹੋਏ ਦਸਿਆ ਕਿ ਪਿਛਲੀ ਮੀਟਿੰਗ ਦਾ ਵੇਰਵਾ ਦਿੰਦਿਆਂ ਸਾਰਿਆਂ ਨੂੰ ਅਕਾਊਂਟ ਬਾਰੇ ਜਾਣਕਾਰੀ ਦਿੱਤੀ ਅਤੇ ਇੰਡੀਅਨ ਐਕਸ ਸਰਵਿਸਮੈਨ ਲੀਗ ਦੇ ਦਫ਼ਤਰ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਸਾਰੇ ਪੈਸਿਆਂ ਦਾ ਵੇਰਵਾ ਸਾਂਝਾ ਕੀਤਾ। ਇਡੀਅਨ ਐਕਸ ਸਰਵਿਸਮੈਨ ਲੀਗ ਦੇ ਨਾਲ ਜੁੜਨ ਵਾਸਤੇ ਸਾਬਕਾ ਸੈਨਿਕਾਂ ਨੂੰ ਪ੍ਰੇਰਿਆ ਗਿਆ। ਇਸ ਮੌਕੇ ਲੀਗ ਦੇ ਸੰਵਿਧਾਨ ਦੀ ਜਾਣਕਾਰੀ ਦਿੱਤੀ ਅਤੇ ਕੰਮ ਕਰਨ ਦੇ ਤਰੀਕਿਆਂ ਬਾਰੇ ਚਰਚਾ ਕੀਤੀ ਗਈ, ਇਸੇ ਦੌਰਾਨ ਨਵੇਂ ਮੈਂਬਰਾਂ ਦੀ ਚੋਣ ਪ੍ਰਕਿਰਿਆ ਨੂੰ ਦੱਸਣ ਤੋਂ ਬਾਅਦ ਚੋਣ ਦੀ ਕਾਰਵਾਈ ਸ਼ੁਰੂ ਕੀਤੀ, ਜਿਸ ਵਿਚ ਹੋਲਦਾਰ ਰਤਨ ਸਿੰਘ ਨੂੰ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ, ਜਦੋਂ ਕਿ ਸੂਬੇਦਾਰ ਰਛਪਾਲ ਸਿੰਘ ਨੂੰ ਵਾਇਸ ਪ੍ਰਧਾਨ ਨਿਯੁਕਤ ਕੀਤਾ ਅਤੇ ਸੂਬੇਦਾਰ ਬਖਸੀਸ਼ ਸਿੰਘ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ ਜੋ ਕਿ ਸਾਰਿਆਂ ਨੇ ਸਰਬਸੰਮਤੀ ਨਾਲ ਮਤੇ ਨੂੰ ਪਾਸ ਕੀਤਾ ਅਗਲੀ ਮੀਟਿੰਗ ਵਿੱਚ ਘੱਲ ਖ਼ੁਰਦ ਬਲਾਕ, ਜੀਰਾ ਬਲਾਕ ਦੇ ਮੈਂਬਰ ਅਤੇ ਪ੍ਰਧਾਨ ਚੁਨਣ ਵਾਸਤੇ ਮਤੇ ਨੂੰ ਪ੍ਰਵਾਨਗੀ ਦਿੱਤੀ। ਅੰਤ ਵਿਚ ਖਰਚੇ ਦੇ ਵੇਰਵੇ ਪੇਸ਼ ਕੀਤੇ ਅੰਤ ਵਿੱਚ ਕੈਪਟਨ ਜਗੀਰ ਸਿੰਘ ਨੇ ਆਏ ਸਾਰੇ ਸਾਬਕਾ ਸੈਨਿਕਾਂ ਦਾ ਧੰਨਵਾਦ ਕੀਤਾ ਅਤੇ ਅਗਲੀ ਮੀਟਿੰਗ ਵਿੱਚ ਵੱਧ ਤੋਂ ਵੱਧ ਸਾਬਕਾ ਸੈਨਿਕਾਂ ਨੂੰ ਆਉਣ ਦੀ ਬੇਨਤੀ ਕੀਤੀ। ਇਸ ਮੌਕੇ ਸਾਬਕਾ ਕੈਪਟਨ ਬਗ਼ੀਚਾ ਸਿੰਘ, ਸੂਬੇਦਾਰ ਜਗੀਰ ਸਿੰਘ, ਨਾਇਕ ਜਗਜੀਤ ਸਿੰਘ, ਨਾਇਕ ਪ੍ਰਤਾਪ ਸਿੰਘ, ਸੂਬੇਦਾਰ ਜਗੀਰ ਸਿੰਘ, ਹੋਲਦਾਰ ਬਲਵਿੰਦਰ ਸਿੰਘ, ਹੋਲਦਾਰ ਸੁਖਦੇਵ ਸਿੰਘ, ਹੋਲਦਾਰ ਰਾਜਬੀਰ ਸਿੰਘ, ਹੋਲਦਾਰ ਅਮਰ ਸਿੰਘ, ਸੂਬੇਦਾਰ ਸੁਖਵੰਤ ਸਿੰਘ, ਸੂਬੇਦਾਰ ਬਖਸ਼ਿਸ਼ ਸਿੰਘ, ਸੂਬੇਦਾਰ ਰਛਪਾਲ ਸਿੰਘ, ਸੂਬੇਦਾਰ ਧੀਰਾ ਸਿੰਘ ਅਤੇ ਹੋਰ ਵੀ ਬਹੁਤ ਸਾਰੇ ਸਾਬਕਾ ਸੈਨਿਕਾਂ ਨੇ ਮੀਟਿੰਗ ਵਿੱਚ ਹਾਜ਼ਰ ਹੋਏ। ਅੰਤ ਵਿਚ ਸਾਬਕਾ ਸੈਨਿਕਾਂ ਨੂੰ ਹੋਣ ਵਾਲੀ ਮੀਟਿੰਗ ਵਿਚ ਪਹੁੰਚਣ ਦੀ ਅਪੀਲ ਕੀਤੀ ਗਈ।

# ਦੀਪ ਸਿੱਧੂ ਦੇ ਯਾਦਗਾਰੀ ਸਮਾਗਮ 'ਚ ਫ਼ੈਡਰੇਸ਼ਨ ਭਿੰਡਰਾਂਵਾਲਾ ਨੇ 'ਹੋਂਦ ਦਾ ਨਗਾਰਚੀ' ਕਿਤਾਬਾਂ ਵੰਡੀਆਂ





**ਅੰਮ੍ਰਿਤਸਰ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਦੀਪ ਸਿੱਧੂ ਦੇ ਪਰਿਵਾਰ, ਦੀਪ ਸਿੱਧੂ ਟਰੱਸਟ ਅਤੇ ਵਾਰਿਸ ਪੰਜਾਬ ਦੇ ਜਥੇਬੰਦੀ ਵੱਲੋਂ ਦੀਪ ਸਿੱਧੂ ਦਾ ਦੂਜਾ ਯਾਦਗਾਰੀ ਸਮਾਗਮ ਅੱਜ ਚੌਂਕੀਮਾਨ (ਜਗਰਾਉਂ) 'ਚ ਕਰਵਾਇਆ ਗਿਆ। ਜਿੱਥੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਕੌਮੀ ਪ੍ਰਧਾਨ ਅਤੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਵੱਲੋਂ ਕੌਮੀ ਯੋਧੇ ਭਾਈ ਸੰਦੀਪ ਸਿੰਘ ਦੀਪ ਸਿੱਧੂ 'ਤੇ ਲਿਖੀ 'ਹੋਂਦ ਦਾ ਨਗਾਰਚੀ' ਕਿਤਾਬਾਂ ਅਤੇ ਖ਼ਾਲਸਾ ਫ਼ਤਹਿਨਾਮਾ ਰਸਾਲਾ 500 ਦੀ ਗਿਣਤੀ 'ਚ ਸੰਗਤਾਂ ਨੂੰ ਵੰਡਿਆ ਗਿਆ। ਇਹ ਕਿਤਾਬਾਂ ਪੰਥਕ ਆਗੂਆਂ, ਬੁਲਾਰਿਆਂ, ਪ੍ਰਚਾਰਕਾਂ ਤੇ ਸਰਗਰਮ ਸਿੱਖ ਨੌਜਵਾਨਾਂ ਤੇ ਸੰਗਤਾਂ ਨੂੰ ਸਤਿਕਾਰ ਸਹਿਤ ਸੌਂਪੀਆਂ ਗਈਆਂ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਦੀਪ ਸਿੱਧੂ ਦੀ ਸੋਚ, ਸੰਘਰਸ਼, ਵਿਚਾਰਧਾਰਾ ਅਤੇ ਨਿਸ਼ਾਨੇ ਨੂੰ ਪ੍ਰਚਾਰਨ ਵਾਸਤੇ ਅਸੀਂ ਹੋਂਦ ਦਾ ਨਗਾਰਚੀ ਕਿਤਾਬਾਂ ਅਤੇ ਖ਼ਾਲਸਾ ਫ਼ਤਹਿਨਾਮਾ ਰਸਾਲੇ ਸੰਗਤਾਂ 'ਚ ਵੰਡੇ ਹਨ। ਦੀਪ ਸਿੱਧੂ ਦੇ ਜੀਵਨ 'ਤੇ ਹੋਂਦ ਦਾ ਨਗਾਰਚੀ ਕਿਤਾਬ ਲਿਖਣ ਵਾਲੇ ਪੰਥਕ ਲੇਖਕ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੂੰ ਸਮਾਗਮ 'ਚ ਸ. ਮਨਦੀਪ ਸਿੰਘ ਸਿੱਧੂ ਤੇ ਪ੍ਰਬੰਧਕਾਂ ਵੱਲੋਂ ਸਨਮਾਨਿਤ ਵੀ ਕੀਤਾ ਗਿਆ ਤੇ ਕਿਤਾਬ ਦੀ ਭਰਪੂਰ ਦੀ ਸ਼ਲਾਘਾ ਕਰਦਿਆਂ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦਾ ਧੰਨਵਾਦ ਵੀ ਕੀਤਾ ਗਿਆ। ਉਹਨਾਂ ਨਾਲ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਸਾਬਕਾ ਪ੍ਰਧਾਨ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂ ਭਾਈ ਬਲਵੰਤ ਸਿੰਘ ਗੋਪਾਲਾ, ਖ਼ਾਲਸਾ ਫ਼ਤਹਿਨਾਮਾ ਦੇ ਸੰਪਾਦਕ ਸ. ਰਣਜੀਤ ਸਿੰਘ, ਕਸ਼ਮੀਰ ਦੇ ਸਿੱਖ ਨੌਜਵਾਨ ਆਗੂ ਸ. ਅੰਗਦ ਸਿੰਘ ਖ਼ਾਲਸਾ, ਭਾਈ ਮਨਪ੍ਰੀਤ ਸਿੰਘ ਮੰਨਾ, ਭਾਈ ਗਗਨਦੀਪ ਸਿੰਘ ਸੁਲਤਾਨਵਿੰਡ, ਭਾਈ ਮਲਕੀਤ ਸਿੰਘ ਖ਼ਾਲਸਾ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਨੇ ਰੋਕੀ ਰੇਲ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲਾ ਫਿਰੋਜ਼ਪੁਰ ਬਲਾਕ ਗੁਰੂਹਰਸਹਾਏ 1 ਅਤੇ ਬਲਾਕ ਗੁਰੂਹਰਸਹਾਏ 2 ਵੱਲੋਂ ਗੁਰੂਹਰਸਹਾਏ ਰੇਲਵੇ ਸਟੇਸ਼ਨ ਉਪਰ ਰੇਲ ਗੱਡੀ ਰੋਕੀ ਗਈ। ਇਸ ਮੌਕੇ ਸੂਬਾ ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਅਤੇ ਜ਼ਿਲਾ ਪ੍ਰਧਾਨ ਦਰਸ਼ਨ ਸਿੰਘ ਕੜਮਾ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿੱਲੀ ਜਾ ਰਹੇ ਕਿਸਾਨਾਂ ਉਪਰ ਅੱਥਰੂ ਗੈਸ ਦੇ ਗੋਲੇ ਦਾਗੇ ਗਏ ਰਬੜ ਬੁਲੇਟ ਨਾਲ ਕਿਸਾਨਾਂ ਨੂੰ ਜਖਮੀ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆਂ ਹੱਕੀ ਮੰਗਾਂ ਲਈ ਦਿੱਲੀ ਜਾ ਰਹੇ ਕਿਸਾਨਾਂ ਨੂੰ ਹਰਿਆਣਾ ਸਰਕਾਰ ਵੱਲੋਂ ਰੋਕਣਾ ਗ਼ਲਤ ਗੱਲ ਹੈ, ਇਸ ਦੇ ਵਿਰੋਧ ਵਜੋਂ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜਥੇਬੰਦੀ ਵਲੋਂ ਰੇਲ ਰੋਕੋ ਅੰਦੋਲਨ ਕੀਤਾ ਗਿਆ। ਜਥੇਬੰਦੀ ਵੱਲੋਂ ਸੈਂਟਰ ਸਰਕਾਰ ਨੂੰ ਚਿਤਾਵਨੀ ਦਿੱਤੀ ਗਈ ਕਿ ਅਗਰ ਕਿਸਾਨਾਂ ਨੂੰ ਦਿੱਲੀ ਜਾਣ ਤੋਂ ਰੋਕਿਆ ਗਿਆ ਤਾਂ ਪੂਰੇ ਭਾਰਤ ਦੇ ਕਿਸਾਨਾਂ ਵੱਲੋਂ ਵੱਡੇ ਪੱਧਰ ਤੇ ਪ੍ਰਦਰਸ਼ਨ ਕੀਤਾ ਜਾਵੇਗਾ, ਕੱਲ ਨੂੰ ਭਾਰਤ ਬੰਦ ਦੇ ਸੱਦੇ ਉਪਰ ਜਥੇਬੰਦੀ ਵੱਲੋਂ 7 ਨੰਬਰ ਚੁੰਗੀ ਫ਼ਿਰੋਜ਼ਪੁਰ ਛਾਉਣੀ ਵਿਖੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਰੋਡ ਜਾਮ ਕਰਕੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨ ਅੰਦੋਲਨ ਦੌਰਾਨ ਵੱਡੀ ਭੂਮਿਕਾ ਨਿਭਾਉਣ ਵਾਲੇ ਡਾਕਟਰ ਸਵੈਮਾਣ ਸਿੰਘ ਨੂੰ ਟਵਿਟਰ ਅਕਾਊਂਟ ਅਤੇ ਵ੍ਹਟਸਐਪ ਰਾਹੀਂ ਸਰਕਾਰ ਵੱਲੋਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ ਜਿਸ ਦੀ ਜਥੇਬੰਦੀ ਵੱਲੋਂ ਸਖ਼ਤ ਸ਼ਬਦਾਂ ਵਿੱਚ ਨਖੇਦੀ ਕੀਤੀ ਗਈ। ਇਸ ਮੌਕੇ ਜ਼ਿਲਾ ਖ਼ਜ਼ਾਨਚੀ ਜੰਗੀਰ ਸਿੰਘ ਖਹਿਰਾ, ਜ਼ਿਲਾ ਪ੍ਰੈੱਸ ਸਕੱਤਰ ਲਖਵੀਰ ਸਿੰਘ ਡੋਡ, ਜ਼ਿਲਾ ਮੈਂਬਰ ਬਗੀਚਾ ਸਿੰਘ, ਬਲਾਕ ਮਮਦੋਟ ਪ੍ਰਧਾਨ ਬਲਕਾਰ ਸਿੰਘ ਜੋਧਪੁਰ, ਹਰਬੰਸ ਸਿੰਘ ਜੋਧਪੁਰ, ਰਿੰਕੂ ਕੜਮਾਂ, ਸੋਨੂੰ ਉਪਲ ਗੁਰੂਹਰਸਹਾਏ 1 ਬਲਾਕ ਤੋਂ ਪ੍ਰਧਾਨ ਅਸ਼ੋਕ ਕੁਮਾਰ ਜੰਡ ਵਾਲਾ, ਨਾਨਕ ਸਿੰਘ, ਗੁਰਮੀਤ ਸਿੰਘ, ਇਕਬਾਲ ਸਿੰਘ, ਸਤਨਾਮ ਸਿੰਘ, ਦਵਿੰਦਰ ਸਿੰਘ, ਸੰਦੀਪ ਸਿੰਘ ਗੁਰੂਹਰਸਹਾਏ 2 ਬਲਾਕ ਤੋਂ ਬਲਾਕ ਪ੍ਰਧਾਨ ਮਾਸਟਰ ਪੂਰਨ ਚੰਦ ਬਲਾਕ ਜਨਰਲ ਸਕੱਤਰ, ਸੁਖਦੇਵ ਢੋਟ, ਮੰਗਲ ਦਾਸ, ਸਤਨਾਮ ਚੰਦ, ਸਤਨਾਮ ਸਿੰਘ, ਸਰਦੂਲ ਸਿੰਘ, ਪਰਮਜੀਤ ਸਿੰਘ ਬਰਾੜ ਆਦਿ ਹਾਜ਼ਰ ਸਨ।

## ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਵੱਲੋਂ

# ਭਾਰਤ ਬੰਦ ਦੀ ਹਮਾਇਤ ਦਾ ਐਲਾਨ ਕਿਸਾਨਾਂ ਤੇ ਹੋਏ ਲਾਠੀ ਚਾਰਜ ਦੀ ਨਿੰਦਿਆ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਮੀਟਿੰਗ ਕੌਮੀ ਪ੍ਰਧਾਨ ਦਲੇਰ ਸਿੰਘ ਡੋਡ ਅਗਵਾਈ ਵਿੱਚ ਹੋਈ। ਇਸ ਮੌਕੇ ਭਾਈ ਪਰਮਜੀਤ ਸਿੰਘ ਖਾਲਸਾ ਸਰਪ੍ਰਸਤ ਭਾਈ ਮੇਜਰ ਸਿੰਘ ਖਾਲਸਾ, ਭਾਈ ਬਲਵਿੰਦਰ ਸਿੰਘ ਰੋਡੇ ਨੇ ਕਿਸਾਨਾਂ ਦੀ ਹਮਾਇਤ ਦਾ ਐਲਾਨ ਕਰਦਿਆਂ ਕਿਹਾ ਕਿ ਕਿ ਸੰਯੁਕਤ ਕਿਸਾਨ ਮੋਰਚਾ ਅਤੇ ਦੇਸ਼ ਦੀਆਂ ਮਜ਼ਦੂਰ ਜਥੇਬੰਦੀਆਂ ਵੱਲੋਂ ਮੋਦੀ ਸਰਕਾਰ ਵੱਲੋਂ ਦੇਸ਼ ਦੇ ਜਲ ਜੰਗਲ ਜਮੀਨ ਅਤੇ ਸਮੁੱਚੇ ਕਾਰੋਬਾਰਾਂ ਤੇ ਕਾਰਪੋਰੇਟ ਦਾ ਕਬਜ਼ਾ ਕਰਵਾਉਣ ਅਤੇ ਦੇਸ਼ ਦੀਆਂ ਘੱਟ ਗਿਣਤੀਆਂ ਨੂੰ ਦਬਾ ਕੇ ਬਹੁ ਗਿਣਤੀਆਂ ਦੇ ਧਰੁਵੀਕਰਣ ਕਰਕੇ ਦੇਸ਼ ਦੇ ਫੈਡਰਲ ਢਾਂਚੇ ਨੂੰ ਕਮਜ਼ੋਰ ਕਰਨ ਦੇ ਏਜੰਡੇ ਦੇ ਵਿਰੋਧ ਵਿੱਚ 16 ਫਰਵਰੀ ਨੂੰ ਭਾਰਤ ਬੰਦ ਦੇ ਸੱਦੇ ਦੀ ਫੈਡਰੇਸ਼ਨ ਪੂਰਨ ਹਮਾਇਤ ਕਰਨ ਕਰਦੀ ਹੈ। ਉਹਨਾਂ ਕਿਹਾ ਕਿ ਬੰਦ ਨੂੰ ਸਫਲ ਬਣਾਉਣ ਲਈ ਫੈਡਰੇਸ਼ਨ ਆਪਣੇ ਕਾਡਰ ਦੀ ਲਾਮਬੰਦੀ ਕਰੇਗੀ ਅਤੇ 16 ਫਰਵਰੀ ਨੂੰ ਹੋਣ ਵਾਲੇ ਇਕੱਠਾਂ ਵਿੱਚ ਸ਼ਮੂਲੀਅਤ ਕਰੂਗੀ। ਫੈਡਰੇਸ਼ਨ ਦੇ ਪ੍ਰਧਾਨ ਡੋਡ ਨੇ ਕਿਹਾ ਕਿ ਭਾਜਪਾ ਦੀ ਕੇਂਦਰ ਸਰਕਾਰ ਨੇ ਪਿਛਲੇ 10 ਸਾਲਾਂ ਵਿੱਚ ਜੀ.ਐਸ.ਟੀ ਡੈਮ ਸੇਫਟੀ ਐਕਟ ਕੇਂਦਰੀ ਬਿਜਲੀ ਰੈਗੂਲੇਟਰੀ ਕਮਿਸ਼ਨ ਕੌਮੀ ਸਿੱਖਿਆ ਨੀਤੀ ਆਦਿ ਰਾਹੀਂ ਸੂਬਿਆਂ ਦੇ ਅਧਿਕਾਰਾਂ ਨੂੰ ਵੱਡਾ ਖੋਰਾ ਲਾਇਆ ਗਿਆ ਹੈ। ਆਪਣੇ ਹੱਕ ਮੰਗਣ ਲਈ ਦਿੱਲੀ ਨੂੰ ਜਾ ਰਹੇ ਕਿਸਾਨਾਂ ਨੂੰ ਰੋਕ ਕੇ ਉਹਨਾਂ ਤੇ ਅੱਥਰੂ ਗੈਸ ਦੇ ਗੋਲੇ ਲਾਠੀਚਾਰਜ ਸੈਂਕੜਿਆਂ ਦੀ ਗਿਣਤੀ ਵਿਚ ਕਿਸਾਨਾਂ ਨੂੰ ਜਖਮੀ ਕੀਤਾ ਗਿਆ। ਉਨ੍ਹਾਂ ਕਿਹਾ ਕਿ ਵੱਖ—ਵੱਖ ਬਾਰਡਰਾਂ ਨੂੰ ਸੀਲ ਕੀਤਾ ਗਿਆ ਜਿਹੜੇ ਦੋ ਸਾਲ ਪਹਿਲਾਂ ਵਾਅਦੇ ਕੀਤੇ ਸੀ ਕੇਂਦਰ ਸਰਕਾਰ ਨੇ ਉਹਨਾਂ ਵਾਅਦਿਆਂ ਤੋਂ ਮੁੱਕਰਨ ਦੇ ਕਾਰਨ ਦੁਬਾਰਾ ਸੰਘਰਸ਼ ਲਈ ਜਾ ਰਹੇ ਕਿਸਾਨਾਂ ਤੇ ਲਾਠੀਚਾਰਜ ਕਰਨ ਦੀ ਨਿਖੇਧੀ ਕੀਤੀ। ਅੱਜ ਦੇਸ਼ ਦੇ ਅੰਨਦਾਤਾ ਜਿਹੜਾ ਸਮੁੱਚੇ ਹੀ ਦੇਸ਼ ਦਾ ਢਿੱਡ ਭਰਦਾ ਉਹ ਸੜਕਾਂ ਤੇ ਰੁਲ ਰਿਹਾ ਹੈ ਹਰਿਆਣਾ ਸਰਕਾਰ ਵੱਲੋਂ ਪੰਜਾਬ ਵਿੱਚ ਆ ਕੇ ਡਰੋਨ ਰਾਹੀਂ ਅਥਰੂ ਗੈਸ ਦੇ ਗੋਲੇ ਸਿੱਟਣੇ ਵੱਡੀ ਗਿਣਤੀ ਵਿੱਚ ਕਿਸਾਨਾਂ ਨੂੰ ਜਖਮੀ ਕਰਨ ਤੇ ਪੰਜਾਬ ਸਰਕਾਰ ਨੂੰ ਐਕਸ਼ਨ ਲੈਣਾ ਚਾਹੀਦਾ ਹੈ। ਇਸ ਮੌਕੇ ਭਾਈ ਰਾਜਵਿੰਦਰ ਸਿੰਘ ਗੋਲਡੀ ਜ਼ਿਲਾ ਪ੍ਰਧਾਨ ਫਿਰੋਜਪੁਰ, ਭਾਈ ਰਾਜਵਿੰਦਰ ਸਿੰਘ ਪੰਜਗਰਾਈ ਜ਼ਿਲਾ ਪ੍ਰਧਾਨ ਫਰੀਦਕੋਟ, ਜਸਪ੍ਰੀਤ ਸਿੰਘ ਜਿਲਾ ਫਤਿਹਗੜ੍ਹ ਸਾਹਿਬ, ਭਾਈ ਹਰਜਿੰਦਰ ਸਿੰਘ ਜਿੰਦਾ ਜਿਲਾ ਪ੍ਰਧਾਨ ਅੰਮ੍ਰਿਤਸਰ ਸਾਹਿਬ, ਭਾਈ ਬਲਜਿੰਦਰ ਸਿੰਘ ਜਿਲਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਭਾਈ ਰੇਸ਼ਮ ਸਿੰਘ ਜਿਲਾ ਪ੍ਰਧਾਨ ਮੋਗਾ, ਭਾਈ ਗੁਰਪ੍ਰੀਤ ਸਿੰਘ ਲੁਧਿਆਣਾ, ਭਾਈ ਅਮਨਦੀਪ ਸਿੰਘ ਜਿਲਾ ਪ੍ਰਧਾਨ ਜਲੰਧਰ, ਭਾਈ ਗੁਰਪ੍ਰੀਤ ਸਿੰਘ ਫਤਿਹ ਮੀਡੀਆ ਇੰਚਾਰਜ, ਭਾਈ ਬਚਿੱਤਰ ਸਿੰਘ ਜ਼ਿਲ੍ਹਾ ਪ੍ਰਧਾਨ ਪਠਾਨਕੋਟ, ਭਾਈ ਸਰਬਜੀਤ ਸਿੰਘ ਜਿਲਾ ਪ੍ਰਧਾਨ ਗੁਰਦਾਸਪੁਰ, ਭਾਈ ਗੁਰਪ੍ਰੀਤ ਸਿੰਘ ਜਿਲਾ ਪ੍ਰਧਾਨ ਰੋਪੜ, ਭਾਈ ਦਵਿੰਦਰ ਸਿੰਘ ਜਿਲਾ ਪ੍ਰਧਾਨ ਬਠਿੰਡਾ, ਭਾਈ ਗੁਰਮੀਤ ਸਿੰਘ ਜਿਲਾ ਪ੍ਰਧਾਨ ਫਾਜ਼ਿਲਕਾ, ਭਾਈ ਚਰਨਪ੍ਰੀਤ ਸਿੰਘ ਜਿਲਾ ਪ੍ਰਧਾਨ ਹੁਸ਼ਿਆਰਪੁਰ, ਭਾਈ ਗੁਰਬੀਰ ਸਿੰਘ ਭੁੱਲਰ ਜਿਲਾ ਪ੍ਰਧਾਨ ਤਰਨ ਤਾਰਨ ਸਾਹਿਬ, ਭਾਈ ਬੂਟਾ ਸਿੰਘ ਜਿਲਾ ਪ੍ਰਧਾਨ ਬਰਨਾਲਾ ਆਗੂ ਹਾਜ਼ਰ ਸਨ।

# ਭਾਈ ਮਰਦਾਨਾ ਦੇ ਪਰਿਵਾਰ ਨੂੰ ਸਮਾਗਮਾਂ ਵਿਚ ਬੁਲਾਇਆ ਜਾਵੇਗਾ—ਭੁੱਲਰ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਰਬਾਬੀ ਸ਼੍ਰੋਮਣੀ ਸੰਗੀਤਕਾਰ ਭਾਈ ਮਰਦਾਨਾ ਜੀ ਗੁਰੂ ਨਾਨਕ ਸਾਹਿਬ ਜੀ ਦੇ ਸਿੱਖ ਬਣੇ ਗਏ ਸਨ, ਜ਼ੋ ਰਬਾਬੀ ਸਿੱਖ ਬਣ ਕੇ ਕੀਰਤਨ ਕਰ ਰਹੇ ਹਨ, ਉਹ ਸਾਰੇ ਭਾਈ ਮਰਦਾਨਾ ਜੀ ਦਾ ਪਰਿਵਾਰ ਹਨ,ਡਾਨ ਪਰਵਾਰ ਰਬਾਬੀ ਰਜੀਵ ਜ਼ੋ ਸੋਹਣੇ ਰੂਪ ਵਿਚ ਕੀਰਤਨ ਵੀਕ ਰਦੇ ਹਨ। ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਇਹ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਜ਼ੋ ਰਬਾਬੀਭਾਈ ਮਰਦਾਨੇ ਦਾ ਰੂਪ ਹਨ ਅਤੇ ਗੁਰਬਾਣੀ ਦਾ ਕੀਰਤਨ ਕਰਦੇ ਹਨ, ਉਨ੍ਹਾਂ ਸਭ ਰਬਾਬੀ ਅਗਲੇ ਸਾਲ ਫ਼ਿਰੋਜ਼ਪੁਰ ਵਿਖੇ ਆਉਣ ਲਈ ਸੱਦਾ ਪੱਤਰ ਭੇਜੇ ਜਾਣਗੇ, ਇਹ ਸਮਾਗਮ ਦੋ ਦਿਨ ਦਾ ਹੋਵੇਗਾ, ਆਸਿਕ ਅਲੀ ਭਾਈ ਲਾਲ ਕੀਰਤਨ ਬੜੇ ਚੰਗੇ ਢੰਗ ਨਾਲ ਕਰਦੇ ਸਨ, ਅਸੀਂ ਉਨ੍ਹਾਂ ਨੂੰ 4 ਵਾਰ ਫ਼ਿਰੋਜ਼ਪੁਰ ਵਿਖੇ ਸੱਦਿਆ ਸੀ, ਸੰਗਤਾਂ ਨੇ ਉਨ੍ਹਾਂ ਦਾ ਮਾਨ ਸਤਿਕਾਰ ਬਹੁਤ ਕੀਤਾ ਸੀ, ਰਾਗੀ ਤਾਂ ਉਹੋ ਹੀ ਹੁੰਦਾ ਹੈ, ਰਾਗ—ਤਾਲ ਦੀ ਪੂਰੀ ਸੋਜੀ ਰੱਖਦਾ ਹੋਵੇ, ਰਬਾਬੀਆਂ ਨੂੰ ਸੰਗਤਾਂ ਵਿਚ ਲਿਆਕੇ ਇਨ੍ਹਾਂ ਦਾ ਮਾਣ ਸਤਿਕਾਰ ਕਰਕੇ ਸੰਗਤਾਂ ਵਿਚ ਲਿਆਂਦਾ ਜਾਵੇਗਾ।

# ਕਿਸਾਨਾਂ ਨਾਲ ਧ੍ਰੋਹ ਕਮਾਉਣ ਤੋਂ ਬਾਜ ਆਵੇ ਸਰਕਾਰ—ਪ੍ਰੀਤਮ ਸਿੰਘ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਕਿਰਸਾਨੀ ਮੰਗਾਂ ਨੂੰ ਲੈ ਕੇ ਸੰਘਰਸ਼ ਕਰ ਰਹੇ ਕਿਸਾਨਾਂ ਦੀ ਹਮਾਇਤ ਕਰਦਿਆਂ ਰਠੋੜ ਸਿੱਖ ਸਿਰਕੀਬੰਨ ਬਰਾਦਰੀ ਪੰਜਾਬ ਦੇ ਪ੍ਰਧਾਨ ਜਥੇਦਾਰ ਪ੍ਰੀਤਮ ਸਿੰਘ ਨੇ ਕਿਹਾ ਕਿ ਅਮਨ—ਅਮਾਨ ਨਾਲ ਰੋਹ ਜ਼ਾਹਿਰ ਕਰਦੇ ਕਿਸਾਨਾਂ ਨਾਲ ਸਰਕਾਰ ਧ੍ਰੋਹ ਕਮਾ ਰਹੀ ਹੈ, ਜਿਸ ਦੀ ਅਸੀਂ ਕਰੜੇ ਸ਼ਬਦਾਂ ਵਿਚ ਨਿਖੇਧੀ ਕਰਦੇ ਹਾਂ। ਉਨ੍ਹਾਂ ਕਿਹਾ ਕਿ ਆਪਣੀਆਂ ਹੱਕੀ ਮੰਗਾਂ ਮਨਾਉਣ ਦੀ ਖਾਤਰ ਪੁਰ ਅਮਨ ਤਰੀਕੇ ਨਾਲ ਦਿੱਲੀ ਵੱਲ ਨੂੰ ਜਾ ਰਹੇ ਕਿਸਾਨਾਂ ਉਪਰ ਸਿਧੀਆਂ ਗੋਲੀਆਂ ਮਾਰਨਾ ਅਤੇ ਅਥਰੂ ਗੈਸ ਦੇ ਗੋਲੇ ਛੱਡ ਕੇ 100 ਤੋਂ ਵੱਧ ਕਿਸਾਨਾਂ ਨੂੰ ਫੱਟੜ ਕਰਨਾ, ਜਲੀਆਂ ਵਾਲੇ ਬਾਗ ਦੀ ਯਾਦ ਤਾਜ਼ਾ ਕਰਾ ਰਿਹਾ ਹੈ, ਜਿਸ ਦੀ ਉਹ ਜੰਮ ਕੇ ਨਿਖੇਧੀ ਕਰਦੇ ਹਨ। ਉਨ੍ਹਾਂ ਕਿਹਾ ਕਿ ਭਾਰਤ ਦੇ ਕਿਸਾਨ ਜਮੂਹਰੀਅਤ ਢੰਗ ਨਾਲ ਦਿੱਲੀ ਵੱਲ ਨੂੰ ਜਾ ਰਹੇ ਸਨ, ਹਰਿਆਣੇ ਦੀ ਖਟੜ ਸਰਕਾਰ ਨੇ ਸੜਕਾਂ ਤੇ ਕੰਕਰੀਟ ਦੀਆਂ ਕੰਧਾਂ ਕਰਨੀਆਂ, ਵੱਡੇ—ਵੱਡੇ ਸੜਕਾਂ ਤੇ ਪੱਥਰ ਖੜ੍ਹੇ ਕਰਨੇ, ਵੱਡੇ—ਵੱਡ ਟਰੱਕ ਮਿੱਟੀ ਦੇ ਭਰਕੇ ਖੜ੍ਹੇ ਕਰਨੇ, ਸੜਕਾਂ ਵਿਚ ਲੋਹੇ ਦੀਆਂ ਕਿੱਲਾਂ ਲਾਉਣ ਜਿਹੇ ਕਾਰੇ ਕਰਕੇ ਸਾਬਤ ਕਰ ਦਿੱਤਾ ਹੈ ਕਿ ਇਹ ਲੋਕਤੰਤਰ ਦਾ ਰਾਜ ਨਹੀਂ ਹੈ। ਉਨ੍ਹਾਂ ਕਿਹਾ ਕਿ ਭਾਰਤ ਦੇ ਕਿਸਾਨ ਦਿੱਲੀ ਵੱਲ ਨਹੀਂ ਜਾ ਰਹੇ, ਇਸ ਤਰ੍ਹਾਂ ਜਾਪਦਾ ਹੈ, ਦੁਸ਼ਮਣ ਦੇਸ਼ ਦੀਆਂ ਫੌਜਾਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਸੀਂ ਮੰਗ ਕਰਦੇ ਹਾਂ ਕਿ ਜਿਹੜੇ ਕਿਸਾੜ ਫਟੜ ਹੋਏ ਹਨ, ਉਨ੍ਹਾਂ ਨੂੰ 2—2 ਲੱਖ ਰੁਪਏ ਦਾ ਮੁਆਵਜਾ ਦਿੱਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਬਿਨ੍ਹਾਂ ਦੇਰੀ ਮਨੋਹਰ ਲਾਲ ਖਟੜ ਸਰਕਾਰ ਨੂੰ ਭੰਗ ਕਰਕੇ ਰਾਸ਼ਟਰਪਤੀ ਰਾਜ ਲਾਗੂ ਕੀਤਾ ਜਾਵੇ।

# ਸਮਾਜ ਦੀ ਭਲਾਈ ਲਈ ਕਾਰਜ ਜ਼ਰੂਰੀ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਜ਼ਿਲ੍ਹਾ ਫ਼ਿਰੋਜ਼ਪੁਰ ਐਨ.ਜੀ.ਓ ਕੋਆਰਡੀਨੇਸ਼ਨ ਕਮੇਟੀ ਤੇ ਸਦਾਵਰਤ ਪੰਚਾਇਤੀ ਦੇ ਮੁੱਖ ਕਾਰਜਕਰਤਾ, ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸੀਨੀਅਰ ਸਿਟੀਜਨ, ਸਮਾਜ ਸੁਧਾਰਕ ਪੀ.ਸੀ ਕੁਮਾਰ ਦੁਆਰਾ ਵੱਖ—ਵੱਖ ਸਰਕਾਰੀ, ਅਰਧ ਸਰਕਾਰ ਤੇ ਪ੍ਰਾਈਵੇਟ ਸਕੂਲਾਂ ਤੇ ਆਮ ਇਕੱਠਾਂ ਮੈਡੀਕਲ ਕਮ ਸਰਵਿਸ ਕੈਂਪ ਸ਼ਾਦੀ ਗਮੀ ਦੇ ਆਮ ਇਕੱਠਾਂ ਵਿਚ ਜਿਥੇ ਬੱਚਿਆਂ, ਅਧਿਆਪਕਾਂ, ਮਾਪਿਆਂ ਆਮ ਬੁੱਧੀਜੀਵੀਆਂ ਨਾਲ ਵਿਚਾਰ ਸਾਂਝੇ ਕਰਦੇ ਹੋਏ ਸਿੱਖ ਗੱਲ ਤੇ ਜ਼ੋਰ ਦਿੱਤਾ ਕਿ ਅੱਜ ਜਿਸ ਤੇਜ਼ੀ ਨਾਲ ਸਰੀਰਕ ਬਿਮਾਰੀਆਂ, ਮਾਨਸਿਕ ਪ੍ਰੇਸ਼ਾਨੀਆਂ ਤੇ ਸਮਾਜ ਦੇ ਹਰ ਖੇਤਰ ਵਿਚ ਪਤਨ ਅਨੁਸ਼ਾਸ਼ਨ ਹੀਨਤਾ ਚਰਿੱਤਰ ਹੀਨਤਾ ਜ਼ੋ ਕਰੀ ਸੁਣੀ ਪੜੀ ਵੇਖੀ ਨਹੀਂ ਜਾਂਦੀ, ਜਿਸ ਤੇਜ਼ੀ ਨਾਲ ਪਰਿਵਾਰ, ਸਮਾਜ, ਦੇਸ਼, ਪਤਨ ਵੱਲ ਨਹੀਂ ਬਲਕਿ ਤਬਾਹ, ਬਰਬਾਦੀਉਹ ਸਾਡੇ ਘਰ, ਸਕੂਲ, ਧਾਰਮਿਕ, ਸਮਾਜਿਕ ਦਾਇਰੇ ਜਿਨ੍ਹਾਂ ਵਿਚ ਸਵਾਮੀ ਦਯਾਨੰਦ ਸਰਸਵਤੀ ਸਵਾਮੀ ਕ੍ਰਿਸ਼ਨਾ ਨੰਦ ਸਵਾਮੀ ਵਿਵੇਕਾਨੰਦ ਪ੍ਰਲਾਦ ਵੀਰ ਹਕੀਕਤ ਪ੍ਰਮਭਗਤ ਗੁਰੂ ਜੀ ਦੇ ਸਹਿਬਜਾਦੇ, ਸ਼ਹੀਦ ਭਗਤ ਸਿੰਘ, ਊਧਮ ਸਿੰਘ, ਮਦਨ ਲਾਲ ਢੀਂਗਰਾ, ਵੀਰ ਹਕੀਕਤ ਹੋਰ ਕੌਣ—ਕੌਣ ਲਿਖਾ ਜਿਨ੍ਹਾਂ ਸਮਾਜ ਨੂੰ ਅਜਿਹੀ ਸੋਚ, ਵਿਚਾਰਧਾਰਾ, ਮਾਰਗ ਦਰਸ਼ਨ ਜਿਨ੍ਹੂ ਰਹਿੰਦੀ ਦੁਨਿਆਂ ਤੱਕ ਯਾਦ ਕੀਤਾ ਜਾਵੇਗਾ, ਉਥੇ ਅਸੀਂ ਆਪਣੇ ਆਪ ਨੂੰ ਜਦੋਂ ਤੋਲਦੇ ਵਿਚਾਰਦੇ ਹਾਂ, ਸਕੂਲ ਵਿਚ ਅੱਜ ਮਾਤਾ—ਪਿਤਾ ਦੀ ਪੂਜਾ ਭੈਣ ਭਰਾ ਦਾ ਪਿਆਰ, ਜੀਵਨ ਸਾਥੀ ਦਾ ਸਨਮਾਨ, ਦੋਸਤੀ ਦੀਆਂ ਮਿਸਾਲਾਂ ਸਵਾਮੀ ਦਯਾਨੰਦ ਦੇ ਜੀਵਨ ਤੋਂ ਮਾਰਗ ਦਰਸ਼ਨ ਅੱਜ ਘਰ—ਘਰ ਸਕੂਲਾਂ—ਕਾਲਜਾਂ ਵਿਚ ਵੈਲਨਟਾਇਨ ਅਸ਼ਲੀਲ ਹਰਕਤਾਂ ਕਰਨ ਵਰਗਾ ਦੇਸ਼ ਵਿਚ ਸਰਮਦਿਆਂ ਕੋਈਆਂ ਦਾ ਕਾਰਨ ਜ਼ੋ ਤੇਰੇ ਵੀਖ ਯਸਕਰ ਅਜਿਹੀਆਂ ਅਸ਼ਲੀਲ ਹਰਕਤਾਂ ਜਿਨ੍ਹਾਂ ਸਦਕਾ ਅਸੀਂ ਕਰ ਸਕਦੇ ਹਾਂ ਏਕ ਤੌਰ ਜਿਨੇ ਤਸਨੀਹ ਬਣ ਮਾਨ ਨੀ ਸਰ ਹੈ।

### ਯਾਦਗਾਰੀ ਹੋ ਨਿਬੜਿਆਂ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦਾ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ

# ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਆਪਣੀ ਹਾਜ਼ਰੀ ਲੁਆਈ









ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ) :— ਨਾਨਕਸਰ ਛਾਂਗ ਖੁਰਦ ਦਾ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਤਾਂ ਮਹਾਂਪੁਰਸ਼ਾਂ ਨੇ ਇਸ ਗੁਰਮਤਿ ਸੰਤ ਸਮਾਗਮ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਗਤਾਂ ਦਾ ਹੜ੍ਹ ਆਇਆ। ਇਹ ਸਲਾਨਾ ਮਹਾਨ ਗੁਰਮਤਿ ਸੰਤ ਸਮਾਗਮ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ ਦੀ ਪਵਿੱਤਰ ਬਰਸੀ ਅਤੇ ਮਾਂਘ ਮਹੀਨੇ ਨੂੰ ਸਮਪਿਤ ਕਰਵਾਏ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠਾਂ ਦੀ ਇਕੋਤਰੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ, ਗਿਆਨੀ ਵਿਦਵਾਨ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸ੍ਰੀਮਾਨ ਸੰਤ ਬਾਬਾ ਗੁਰਜੀਤ ਸਿੰਘ ਜੀ ਨਾਨਕਸਰ ਕਲੇਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਗੁਰਚਰਨ ਸਿੰਘ ਜੀ, ਸ੍ਰੀਮਾਨ ਸੰਤ ਬਾਬਾ ਸੁਖਦੇਵ ਸਿੰਘ ਜੀ ਭੁਚੋ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚ ਕੇ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਸੰਤ ਬਾਬਾ ਸੇਵਾ ਸਿੰਘ ਜੀ ਨਾਨਕਸਰ ਵਾਲੇ, ਸੰਤ ਬਾਬਾ ਤਰਲੋਚਨ ਸਿੰਘ ਜੀ ਸੀਘੜੇ ਵਾਲੇ, ਸੰਤ ਬਾਬਾ ਹਰੀ ਸਿੰਘ ਜੀ ਜ਼ੀਰੇ ਵਾਲੇ, ਸੰਤ ਬਾਬਾ ਗਗਨਦੀਪ ਸਿੰਘ ਸੀਘੜੇ ਵਾਲੇ, ਬਾਬਾ ਤਜਿੰਦਰ ਸਿੰਘ ਜਿੰਦੂ ਨਾਨਕਸਰ ਕਲੇਰਾਂ ਵਾਲੇ, ਸੰਤ ਬਾਬਾ ਹਰੀ ਸਿੰਘ ਹਰੀ ਕੇ ਪਤਨ ਵਾਲੇ, ਸੰਤ ਬਾਬਾ ਲਖਬੀਰ ਸਿੰਘ ਨਾਨਕਸਰ ਵੜੈਚ, ਬਾਬਾ ਨਾਨਕ ਸਿੰਘ ਜੀ ਮੰਦਰ ਮੁਹਾਰ ਵਾਲੇ, ਬਾਬਾ ਧਰਮਵੀਰ ਸਿੰਘ ਜੀ ਘਰਾਂਗਣੇ ਵਾਲੇ, ਮਾਤਾ ਵਿਪਨਪ੍ਰੀਤ ਕੌਰ ਜੀ ਕੀਰਤਨੀ ਜਥਾ ਲੁਧਿਆਣੇ ਵਾਲੇ, ਗਿਆਨੀ ਗਗਨਦੀਪ ਸਿੰਘ ਪਟਨਾ ਸਾਹਿਬ ਵਾਲੇ, ਸੰਤ ਬਾਬਾ ਭਗਤ ਮਿਲਖਾ ਸਿੰਘ ਗੁਰਦੁਆਰਾ ਅਰਮਾਨਪੁਰਾ ਆਸਲ ਵਾਲੇ, ਭਾਈ ਸਾਹਿਬ ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਹਰਪ੍ਰੀਤ ਸਿੰਘ ਹਜ਼ੂਰੀ ਰਾਗੀ ਭੁਚੋ ਸਾਹਿਬ, ਬਾਬਾ ਦਰਸ਼ਨ ਸਿੰਘ ਬੋਰੀ ਵਾਲੇ, ਸੰਤ ਬਲਜੀਤ ਸਿੰਘ ਨਾਨਕਸਰ ਸ਼ੇਰ ਮੁਹੰਮਦ, ਬਾਬਾ ਸ਼ੇਰ ਸਿੰਘ ਨਾਨਕਸਰ ਮਸੀਤਾ, ਭਾਈ ਸਰਬਜੀਤ ਸਿੰਘ ਗੁਰਦੁਆਰਾ ਜਾਮਨੀ ਸਾਹਿਬ, ਗਿਆਨੀ ਭਾਈ ਬੋਹੜ ਸਿੰਘ, ਢਾਡੀ ਜਥਾ ਬਾਰੇਕ ਵਾਲੇ, ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਚੰਨ ਸਿੰਘ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਰਮਨਦੀਪ ਸਿੰਘ ਨੇ ਵੀ ਸੰਗਤਾਂ ਨੂੰ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ। ਇਸ ਮੌਕੇ ਤੇ ਮੈਡੀਕਲ ਕੈਂਪ ਮੁਫਤ ਲਾਇਆ ਗਿਆ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਸਮੂਹ ਸੰਗਤ ਦਾ ਧੰਨਵਾਦ ਕੀਤਾ, ਜਿਹੜੇ ਇਕ ਮਹੀਨੇ ਤੋਂ ਲਗਾਤਾਰ ਸੰਗਤਾਂ ਦੀ ਸੇਵਾ ਕਰ ਰਹੇ ਹਨ। ਇਸ ਤੋਂ ਇਲਾਵਾ ਉਨ੍ਹਾਂ ਮਹਾਨ ਨਗਰ ਕੀਰਤਨ ਵਿਚ ਆਪਣੇ—ਆਪਣੇ ਵਾਹਨ ਕਾਰਾਂ, ਜੀਪਾਂ, ਟਰੈਕਟਰ ਟਰਾਲੀਆਂ ਅਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਜਿਹੜੀ ਸੰਗਤ ਨੇ ਸਮਾਗਮ ਵਿਚ ਹਰ ਪ੍ਰਕਾਰ ਦੀ ਸੇਵਾ ਕੀਤੀ, ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ ਸੰਤਾਂ ਮਹਾਂਪੁਰਸ਼ਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਛੋਟੇ ਜਿਹੇ ਸੱਦੇ ਤੇ ਇਥੇ ਆਇਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਆਏ ਹੋਏ ਸੰਤਾਂ ਮਹਾਂਪੁਰਸ਼ਾਂ, ਰਾਗੀ, ਢਾਡੀ, ਕਥਾਵਾਚਕ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਸਮੂਹ ਸੰਗਤਾਂ ਨੂੰ ਮਿਠਾਈ ਦਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

### ਸ਼੍ਰੋਮਣੀ ਕਮੇਟੀ ਵੱਲੋਂ ਕਿਸਾਨ ਜਥੇਬੰਦੀਆਂ ਦੇ ਭਾਰਤ ਬੰਦ ਦਾ ਸਮਰਥਨ

# ਸਿੱਖ ਸੰਸਥਾ ਦੇ ਦਫ਼ਤਰ ਤੇ ਵਿਦਿਅਕ ਅਦਾਰੇ ਰਹਿਣਗੇ ਭਲਕੇ ਬੰਦ




ਅੰਮ੍ਰਿਤਸਰ, 15 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)-ਸੰਯੁਕਤ ਕਿਸਾਨ ਮੋਰਚਾ ਅਤੇ ਭਾਰਤ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਕਿਸਾਨੀ ਮੰਗਾਂ ਨੂੰ ਲੈ ਕੇ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਦਾ ਸਮਰਥਨ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਆਪਣੇ ਦਫ਼ਤਰ ਅਤੇ ਸਮੂਹ ਵਿਦਿਅਕ ਅਦਾਰੇ ਬੰਦ ਰੱਖਣ ਦਾ ਫੈਸਲਾ ਕੀਤਾ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਿਸਾਨ ਦੇਸ਼ ਦੀ ਰੀੜ ਦੀ ਹੱਡੀ ਹਨ, ਜਿਨ੍ਹਾਂ ਵੱਲੋਂ ਆਪਣੀ ਹੋਂਦ ਹਸਤੀ ਦੀ ਕਾਇਮੀ ਲਈ ਕੀਤੇ ਜਾ ਰਹੇ ਸੰਘਰਸ਼ ਦਾ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਸਮਰਥਨ ਕਰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀਆਂ ਕਿਸਾਨ ਜਥੇਬੰਦੀਆਂ ਵੱਲੋਂ ਭਲਕੇ 16 ਫ਼ਰਵਰੀ ਨੂੰ ਭਾਰਤ ਬੰਦ ਦੇ ਸੱਦੇ ਤਹਿਤ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਅਤੇ ਹੋਰ ਅਦਾਰੇ ਬੰਦ ਰੱਖੇ ਜਾਣਗੇ। ਉਨ੍ਹਾਂ ਕਿਹਾ ਕਿ ਇਹ ਇਕੱਲੇ ਕਿਸਾਨਾਂ ਦਾ ਮਾਮਲਾ ਨਹੀਂ ਹੈ ਸਗੋਂ ਦੇਸ਼ ਦੀ ਆਰਥਿਕਤਾ ਅਤੇ ਅੰਨ ਭੰਡਾਰ ਦੀ ਮਜਬੂਤ ਸਥਿਤੀ ਨੂੰ ਪਰਿਭਾਸ਼ਿਤ ਕਰਨ ਦਾ ਅਧਾਰ ਵੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਨੂੰ ਬਿਨਾਂ ਦੇਰੀ ਦੇਸ਼ ਦੇ ਕਿਸਾਨਾਂ ਦੀ ਮੰਗਾਂ ਮੰਨਣੀਆਂ ਚਾਹੀਦੀਆਂ ਹਨ ਤਾਂ ਜੋ ਖੇਤੀ ਸੱਭਿਆਚਾਰ ਨਾਲ ਜੁੜੇ ਹੋਏ ਪੱਖਾਂ ਨੂੰ ਸੁਰੱਖਿਅਤ ਰੱਖਿਆ ਜਾ ਸਕੇ ਤੇ ਕਿਸਾਨ ਖੁਸ਼ਹਾਲ ਹੋਵੇ।

# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਵੱਲੋਂ ਕਿਸਾਨਾਂ ਦੇ ਹੱਕਾਂ ਪ੍ਰਤੀ ਕੇਂਦਰ ਸਰਕਾਰ ਵਲੋਂ ਅਪਨਾਏ ਜਾ ਰਹੇ ਹਠੀ ਰਵੱਈਏ ਦੀ ਸਖ਼ਤ ਨਿਖੇਧੀ



ਅੰਮ੍ਰਿਤਸਰ, 15 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਕਿਸਾਨਾਂ ਦੇ ਹੱਕਾਂ ਪ੍ਰਤੀ ਕੇਂਦਰ ਸਰਕਾਰ ਵਲੋਂ ਅਪਨਾਏ ਜਾ ਰਹੇ ਹਠੀ ਰਵੱਈਏ ਦੀ ਸਖ਼ਤ ਨਿਖੇਧੀ ਕਰਦਿਆਂ ਹਰਿਆਣਾ ਦੇ ਗੁਰਦੁਆਰਿਆਂ ਦੀਆਂ ਸਰਾਵਾਂ ਵਿਚ ਪੁਲਿਸ ਅਤੇ ਨੀਮ ਫੌਜੀ ਦਸਤਿਆਂ ਵਲੋਂ ਨਸ਼ਿਆਂ ਦਾ ਸੇਵਨ ਕਰਨ ਦੀਆਂ ਘਟਨਾਵਾਂ ਦਾ ਗੰਭੀਰ ਨੋਟਿਸ ਲਿਆ ਹੈ। ਉਨ੍ਹਾਂ ਜਿੱਥੇ ਕੇਂਦਰ ਸਰਕਾਰ ਨੂੰ ਦੇਸ਼ ਦੇ ਅੰਨਦਾਤੇ ਕਿਸਾਨੀ ਵਰਗ ਨੂੰ ਉਸ ਦੇ ਹੱਕ ਦੇਣ ਦੀ ਨਸੀਹਤ ਦਿੱਤੀ ਹੈ, ਉੱਥੇ ਹੀ ਸਰਕਾਰ ਵਲੋਂ ਨਾਮਜਦ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਸਖ਼ਤ ਸ਼ਬਦਾਂ ਵਿਚ ਤਾੜਨਾ ਕੀਤੀ ਹੈ ਕਿ ਸੰਗਤਾਂ ਦੀ ਰਿਹਾਇਸ਼ ਲਈ ਬਣੀਆਂ ਗੁਰਦੁਆਰਿਆਂ ਦੀਆਂ ਸਰਾਵਾਂ ਵਿਚੋਂ ਪੁਲਿਸ ਅਤੇ ਨੀਮ ਫੌਜੀ ਬਲਾਂ ਨੂੰ ਤੁਰੰਤ ਬਾਹਰ ਕੀਤਾ ਜਾਵੇ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਆਪਣੇ ਹੱਕਾਂ ਲਈ ਦਿੱਲੀ ਨੂੰ ਰਵਾਨਾ ਹੋਏ ਪੰਜਾਬ ਦੇ ਕਿਸਾਨਾਂ ਨੂੰ ਰੋਕਣ ਲਈ ਹਰਿਆਣਾ ਪੁਲਿਸ ਵਲੋਂ ਗੁਰਦੁਆਰਾ ਮੰਜੀ ਸਾਹਿਬ ਅੰਬਾਲਾ ਅਤੇ ਗੁਰਦੁਆਰਾ ਪੰਜੋਖਰਾ ਸਾਹਿਬ ਦੀਆਂ ਸਰਾਵਾਂ ਦੇ ਕਮਰਿਆਂ ਵਿਚ ਡੇਰੇ ਜਮਾਉਣ ਅਤੇ ਉੱਥੇ ਨਸ਼ਿਆਂ ਦਾ ਸੇਵਨ ਕਰਨ ਦੀਆਂ ਨਾ-ਬਰਦਾਸ਼ਤਯੋਗ ਘਟਨਾਵਾਂ ਸਾਹਮਣੇ ਆਈਆਂ ਹਨ, ਜਿਨ੍ਹਾਂ ਨੇ ਸਿੱਖ ਭਾਵਨਾਵਾਂ ਨੂੰ ਭਾਰੀ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸੰਗਤਾਂ ਨੇ ਗੁਰਦੁਆਰਿਆਂ ਦੀਆਂ ਸਰਾਵਾਂ ਵਿਚੋਂ ਪੁਲਿਸ ਦੁਆਰਾ ਵਰਤੇ ਗਏ ਤੰਬਾਕੂ, ਸਿਗਰਟਾਂ, ਸ਼ਰਾਬ ਅਤੇ ਹੋਰ ਸਿੱਖ ਧਰਮ ਵਿਰੋਧੀ ਵਸਤੂਆਂ ਬਰਾਮਦ ਕੀਤੀਆਂ ਹਨ, ਜੋ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਹੁਦੇਦਾਰਾਂ ਦੀ ਵੱਡੀ ਕੁਤਾਹੀ ਹੈ, ਜਿਨ੍ਹਾਂ ਨੇ ਆਪਣੇ ਸਿਆਸੀ ਮੁਫਾਦਾਂ ਖਾਤਰ ਪਵਿੱਤਰ ਗੁਰਦੁਆਰਿਆਂ ਵਿਚ ਪੁਲਿਸ ਵਾੜਨ ਦੀ ਹਮਾਕਤ ਕੀਤੀ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਕਮੇਟੀ ਨੂੰ ਇਹ ਚੇਤੇ ਰੱਖਣਾ ਚਾਹੀਦਾ ਹੈ ਕਿ ਉਹ ਗੁਰਦੁਆਰਿਆਂ ਦੀ ਮਾਲਕ ਨਹੀਂ ਸਗੋਂ ਪ੍ਰਬੰਧਕੀ ਸੰਸਥਾ ਹੈ, ਜਿਸ ਦੇ ਕੋਲ ਅਜਿਹਾ ਕੋਈ ਹੱਕ ਨਹੀਂ ਹੈ ਕਿ ਉਹ ਗੁਰਦੁਆਰਿਆਂ ਦੀਆਂ ਸਰਾਵਾਂ ਵਿਚ ਪੁਲਿਸ ਨੂੰ ਬਿਠਾ ਕੇ ਤੰਬਾਕੂ ਅਤੇ ਸ਼ਰਾਬ ਦੀ ਵਰਤੋਂ ਕਰਨ ਦੀ ਖੁੱਲ੍ਹ ਦੇਵੇ। ਉਨ੍ਹਾਂ ਕਿਹਾ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪਹਿਲਾਂ ਵੀ ਸਰਕਾਰ ਤੇ ਪੁਲਿਸ ਦੇ ਜ਼ੋਰ ਨਾਲ ਗੁਰਦੁਆਰਿਆਂ ਦੇ ਪ੍ਰਬੰਧ ਹਾਸਲ ਕੀਤੇ ਹਨ ਅਤੇ ਹੁਣ ਉਹ ਬਦਲੇ ਵਿਚ ਸਰਕਾਰਾਂ ਨੂੰ ਖੁਸ਼ ਕਰਨ ਲਈ ਪਵਿੱਤਰ ਗੁਰਧਾਮਾਂ ਦੀ ਮਰਯਾਦਾ ਦੀ ਉਲੰਘਣਾ ਲਈ ਜ਼ਿੰਮੇਵਾਰ ਹਨ। ਉਨ੍ਹਾਂ ਕਿਹਾ ਕਿ ਅਜਿਹੀ ਕੁਤਾਹੀ ਨੂੰ ਕਦੇ ਵੀ ਮਾਫ਼ ਨਹੀਂ ਕੀਤਾ ਜਾਵੇਗਾ, ਗੁਰਦੁਆਰਿਆਂ ਦੀ ਪਵਿੱਤਰ ਮਰਯਾਦਾ ਭੰਗ ਕਰਨ ਦੇ ਜ਼ਿੰਮੇਵਾਰਾਂ ਦੇ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਗਿਆਨੀ ਰਘਬੀਰ ਸਿੰਘ ਨੇ ਹਰਿਆਣਾ ਦੀਆਂ ਸੰਗਤਾਂ ਨੂੰ ਵੀ ਸੁਚੇਤ ਹੋ ਕੇ ਗੁਰਦੁਆਰਿਆਂ ਦੀ ਪਵਿੱਤਰਤਾ ਦੀ ਰਾਖੀ ਕਰਨ ਲਈ ਆਖਿਆ ਹੈ।

ਗਿਆਨੀ ਰਘਬੀਰ ਸਿੰਘ ਨੇ ਕਿਸਾਨਾਂ ਵਲੋਂ ਆਪਣੇ ਹੱਕਾਂ ਪ੍ਰਤੀ ਅਪਨਾਏ ਸੰਘਰਸ਼ੀ ਰੌਂਅ ਦੀ ਹਮਾਇਤ ਕਰਦਿਆਂ ਆਖਿਆ ਕਿ ਕੇਂਦਰ ਦੀ ਸਰਕਾਰ ਨੂੰ ਤੁਰੰਤ ਕਿਸਾਨਾਂ ਦੇ ਹੱਕ ਉਨ੍ਹਾਂ ਨੂੰ ਦੇਣੇ ਚਾਹੀਦੇ ਹਨ। ਉਨ੍ਹਾਂ ਕਿਹਾ ਕਿ ਆਪਣੇ ਹੱਕਾਂ ਲਈ ਸ਼ਾਂਤਮਈ ਸੰਘਰਸ਼ ਕਰ ਰਹੇ ਕਿਸਾਨਾਂ ਉੱਤੇ ਹੰਝੂ ਗੈਸ ਦੇ ਗੋਲੇ ਸੁੱਟਣੇ ਅਤੇ ਬਲ ਦੀ ਵਰਤੋਂ ਕਰਕੇ ਉਨ੍ਹਾਂ ਉੱਤੇ ਜ਼ੁਲਮ ਕਰਨਾ ਕਿਸੇ ਜ਼ਮਹੂਰੀ ਸਰਕਾਰ ਨੂੰ ਬਿਲਕੁਲ ਸ਼ੋਭਾ ਨਹੀਂ ਦਿੰਦਾ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਦਿੱਲੀ ਵੱਲ ਜਾਣ ਤੋਂ ਰੋਕਣ ਲਈ ਪੰਜਾਬ ਤੇ ਹਰਿਆਣਾ ਦੀ ਹੱਦ 'ਤੇ ਪਾਕਿਸਤਾਨ ਦੀ ਸਰਹੱਦ ਵਾਂਗ ਸਖ਼ਤ ਰੋਕਾਂ ਲਾਉਣੀਆਂ ਇੰਜ ਅਹਿਸਾਸ ਕਰਵਾ ਰਹੀਆਂ ਹਨ, ਜਿਵੇਂ ਪੰਜਾਬ ਭਾਰਤ ਦਾ ਹਿੱਸਾ ਨਾ ਹੋ ਕੇ ਕੋਈ ਦੁਸ਼ਮਣ ਦੇਸ਼ ਹੋਵੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਨਾਲ ਇਸ ਤਰ੍ਹਾਂ ਦਾ ਰਵੱਈਆ ਕਿਸੇ ਵੀ ਤਰ੍ਹਾਂ ਦੇਸ਼ ਦੇ ਹਿੱਤ ਵਿਚ ਨਹੀਂ ਹੈ।

# ਪੰਛੀਆਂ ਤੇ ਮਨੁੱਖ ਦੀ ਜਿੰਦਗੀ ਲਈ ਚਾਈਨਾ ਡੋਰ ਦੀ ਨਾ ਹੋਵੇ ਵਰਤੋਂ—ਰਾਜਵਿੰਦਰ ਸਿੰਘ



ਫ਼ਿਰੋਜ਼ਪੁਰ, 15 ਫਰਵਰੀ (ਮਨੋਹਰ ਲਾਲ):— ਦੋਸਤੋ ਬਸੰਤ ਦੀ ਰੁੱਤ ਸਾਡੇ ਜੀਵਨ ਵਿਚ ਇੱਕ ਨਵੀਂ ਬਹਾਰ ਲੈ ਕੇ ਆਉਂਦੀ ਹੈ, ਇਸ ਦੀ ਆਮਦ ਤੇ ਬਹੁਤ ਸਾਰੇ ਸੱਜਣ ਇੱਕ ਵਿਸ਼ੇਸ਼ ਦਿਨ ਮਨਾਉਂਦੇ ਹਨ, ਕਿ ਜਿਸ ਦਿਨ ਪਤੰਗਬਾਜੀ ਕੀਤੀ ਜਾਂਦੀ ਹੈ। ਇਹ ਵਿਚਾਰ ਸਾਂਝੇ ਕਰਦਿਆਂ ਰਾਜਵਿੰਦਰ ਸਿੰਘ ਗੋਲਡੀ ਜ਼ਿਲ੍ਹਾ ਪ੍ਰਧਾਨ ਫ਼ਿਰੋਜ਼ਪੁਰ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਨੇ ਕਿਹਾ ਕਿ ਇਸ ਦਿਨ ਪੂਰੇ ਪੰਜਾਬ ਵਿੱਚ ਪਤੰਗਾਂ ਉਡਾਉਣ ਦੇ ਸ਼ੌਕੀਨਾਂ ਵੱਲੋਂ ਪੂਰੀ ਮੌਜ ਮਸਤੀ ਕੀਤੀ ਜਾਂਦੀ ਹੈ, ਮੌਜੂਦਾ ਅਤੇ ਪੁਰਾਣੇ ਪੰਜਾਬ ਚ ਸਭ ਤੋਂ ਵੱਧ ਉਤਸ਼ਾਹ ਅਤੇ ਰੌਣਕ ਇਸ ਦਿਨ ਫਿਰੋਜ਼ਪੁਰ ਸ਼ਹਿਰ ਵਿਖੇ ਹੁੰਦੀ ਹੈ, ਪਰ ਇਸ ਰੌਣਕ ਮੇਲੇ ਵਿੱਚ ਬੀਤੇ ਕੁਝ ਸਾਲਾਂ ਤੋਂ ਪਤੰਗਬਾਜੀ ਲਈ ਚਾਈਨਾ ਡੋਰ ਦੀ ਵਰਤੋ ਕੀਤੀ ਜਾਂਦੀ ਹੈ, ਜੋ ਕਿ ਬਹੁਤ ਹਾਨੀਕਾਰਕ ਹੈ। ਉਨ੍ਹਾਂ ਕਿਹਾ ਕਿ ਚਾਈਨਾ ਡੋਰ ਕਿਸੇ ਦੇ ਵੀ ਅੰਗ ਨਾਲ ਖਹਿ ਗਈ ਤਾ ਡੂੰਘੇ ਜਖਮ ਕਰ ਜਾਂਦੀ ਹੈ, ਪ੍ਰਸ਼ਾਸ਼ਨ ਹਰ ਸਾਲ ਇਹ ਡੋਰ ਨਾ ਵਰਤਣ ਦੀ ਤਾਕੀਦ ਕਰਦਾ ਹੈ ਪਰ ਅਸੀਂ ਘੜੀ ਪਲ ਦੇ ਚਾਅ ਜਾਂ ਸ਼ੌਕ ਲਈ ਪੂਰੇ ਸ਼ਹਿਰ ਅੰਦਰ ਇਸ ਡੋਰ ਦਾ ਜਾਲ ਵਿਛਾ ਦਿੰਦੇ ਹਾਂ ਜੋ ਪੰਛੀਆਂ ਅਤੇ ਕਈ ਮਨੁੱਖੀ ਜਾਨਾਂ ਦਾ ਖੌਅ ਬਣਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਆਪ ਜੀ ਇਸ ਖੁਸ਼ੀ ਦੇ ਪਲਾਂ ਦਾ ਅਨੰਦ ਮਾਨਣ ਦੀ ਤਿਆਰੀ ਕਰ ਰਹੇ ਹੋ ਤਾਂ ਕਿਰਪਾ ਕਰਕੇ ਇਸ ਡੋਰ ਦੀ ਵਰਤੋਂ ਨਾ ਕਰੀਏ ਤਾਂ ਜੋ ਕਿਸੇ ਦੀ ਕਾਗਜੀ ਗੁੱਡੀ ਬੋ ਕਰਦੇ—ਕਰਦੇ ਕਿਸੇ ਦੀ ਜਿੰਦਗੀ ਨੂੰ ਖਤਮ ਕਰਨ ਜਾਂ ਅਪਾਹਜ ਬਨਾਉਣ ਦੇ ਪਾਪ ਦੇ ਭਾਗੀ ਨਾ ਬਣ ਜਾਈਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



**ਕੌਮੀ ਯੋਧੇ, ਸਿੱਖ ਸੰਘਰਸ਼ ਵਿੱਚ 15 ਸਾਲ ਦੇ ਕਰੀਬ ਜੇਲ੍ਹ ਕੱਟਣ ਵਾਲੇ ਭਾਈ ਜੱਸਾ ਸਿੰਘ ਮਾਣਕੀ ਦੇ ਮਾਤਾ ਜੀ ਪ੍ਰੀਤਮ ਕੌਰ ਜੀ ਅਕਾਲ ਚਲਾਣਾ ਕਰ ਗਏ ਹਨ ਓਨਾ ਨਮਿਤ ਪਾਠ ਦੇ ਭੋਗ 20 ਫਰਬਰੀ ਨੂੰ ਪਿੰਡ ਮਾਣਕੀ ਜਿਲ੍ਹਾ ਮਲੇਰਕੋਟਲਾ ਵਿਖ਼ੇ ਪਏ ਜਾਣਗੇ। ਅਸੀਂ ਜੱਥਾ ਠੀਕਰੀਵਾਲ ਵਲੋਂ ਭਾਈ ਮਾਣਕੀ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹਾਂ ਜੀ**

### ਮੁੱਖ ਮੰਤਰੀ ਭਗਵੰਤ ਮਾਨ ਅਤੇ ਕੈਬਿਨਟ ਸਬ ਕਮੇਟੀ ਵੱਲੋਂ

# ਫੈਸਲਾ ਲੈਣ ਦੇ ਬਾਵਜੂਦ ਵੀ ਦਫ਼ਤਰੀ ਕਾਮਿਆਂ ਦੇ ਮਸਲੇ ਨਾ ਹੋਏ ਹੱਲ

**ਪਠਾਨਕੋਟ, 15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਦੇ ਹਰੇ ਪੈੱਨ ਨੇ ਸਿੱਖਿਆ ਵਿਭਾਗ ਦੇ ਦਫ਼ਤਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦਾ ਫੈਸਲਾ ਲਿਆ ਅਤੇ ਉਸ ਤੇ ਤਿੰਨ ਮੰਤਰੀ ਦੀ ਬਣੀ ਕੈਬਿਨਟ ਸਬ ਕਮੇਟੀ ਦੀ ਵੀ ਮੋਹਰ ਲੱਗਣ ਦੇ ਬਾਵਜੂਦ ਸਿੱਖਿਆ ਵਿਭਾਗ ਦੇ ਦਫ਼ਤਰੀ ਕਰਮਚਾਰੀਆਂ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆਂ ਦੀ ਤਨਖਾਹ ਕਟੋਤੀ ਬੰਦ ਹੋਈ।

ਸੂਬੇ, ਸਰਕਾਰ ਅਤੇ ਵਿਭਾਗ ਨੂੰ ਚਲਾਉਣ ਲਈ ਦਫ਼ਤਰੀ ਮੁਲਾਜ਼ਮ ਸਰਕਾਰਾਂ ਦੀ ਰੀੜ ਦੀ ਹੱਡੀ ਮੰਨੇ ਜਾਦੇ ਹਨ ਪ੍ਰੰਤੂ ਪੰਜਾਬ ਦਾ ਸਿੱਖਿਆ ਵਿਭਾਗ ਕਿਸੇ ਵੀ ਪਾਰਟੀ ਦੀ ਸਰਕਾਰ ਆਈ ਹੋਵੇ ਦਫ਼ਤਰੀ ਮੁਲਾਜ਼ਮਾਂ ਨਾਲ ਵਿਤਕਰਾ ਹੀ ਕਰਦਾ ਰਿਹਾ ਹੈ। ਸਿੱਖਿਆ ਵਿਭਾਗ ਵੱਲੋਂ ਹਰ ਵਾਰ ਦਫ਼ਤਰੀ ਮੁਲਾਜ਼ਮਾਂ ਨੂੰ ਬਣਦੇ ਹੱਕ ਦੇਣ ਦੀ ਬਜਾਏ ਹਰ ਵਾਰ ਵਿਸਾਰਿਆ ਜਾ ਰਿਹਾ ਹੈ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ, ਸਿੱਖਿਆ ਮੰਤਰੀ ਹਰਜੋਤ ਬੈਂਸ ਅਤੇ ਕੈਬਿਨਟ ਸਬ ਕਮੇਟੀ ਵੱਲੋਂ ਸਿੱਖਿਆ ਵਿਭਾਗ ਦੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਫੈਸਲਾ ਲੈਣ ਦੇ ਬਾਵਜੂਦ ਵੀ ਮਹੀਨਿਆਂ ਤੋਂ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਕੰਮ ਨੂੰ ਅਮਲੀ ਜਾਮਾ ਨਹੀ ਪਹਿਨਾਇਆਂ ਗਿਆ। ਆਗੂਆਂ ਨੇ ਦੱਸਿਆ ਕਿ ਜਦੋ ਦੀ ਆਪ ਸਰਕਾਰ ਸੱਤਾ ਵਿਚ ਹੈ ਸਿੱਖਿਆ ਮੰਤਰੀ ਅਤੇ ਵਿਭਾਗੀ ਅਧਿਕਾਰੀਆ ਵੱਲੋਂ ਮੁਲਾਜ਼ਮਾਂ ਨਾਲ ਅਨੇਕਾਂ ਮੀਟਿੰਗਾਂ ਕੀਤੀਆਂ ਗਈਆ ਪਰ ਸਿਰਫ ਭਰੋਸੇ ਤੇ ਲਾਰੇ ਵਿੱਚ ਸਮਾਂ ਟਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮਿਤੀ 22.11.2023 ਨੂੰ ਕੈਬਿਨਟ ਸਬ ਕਮੇਟੀ ਦੀ ਪੰਜਾਬ ਭਵਨ ਵਿਖੇ ਮੀਟਿੰਗ ਹੋਈ ਜਿਸ ਵਿਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਕੈਬਿਨਟ ਮੰਤਰੀ ਅਮਨ ਅਰੋੜਾ ਅਤੇ ਕੈਬਿਨਟ ਮੰਤਰੀ ਕੁਲਦੀਪ ਧਾਲੀਵਾਲ ਵੱਲੋਂ ਕਰਮਚਾਰੀਆਂ ਨੂੰ ਪੱਕਾ ਕਰਨ ਦੀ ਸਹਿਮਤੀ ਦਿੱਤੀ ਗਈ ਪਰ 2 ਮਹੀਨੇ ਤੋਂ ਜ਼ਿਆਦਾ ਸਮਾਂ ਬੀਤਣ ਤੇ ਵੀ ਕਰਮਚਾਰੀਆਂ ਨੂੰ ਨਾ ਤਾਂ ਰੈਗੂਲਰ ਦੇ ਆਰਡਰ ਮਿਲੇ ਅਤੇ ਨਾ ਹੀ ਕਰਮਚਾਰੀਆਂ ਦੀ ਤਨਖਾਹ ਕਟੋਤੀ ਦੂਰ ਕੀਤੀ।

# ਮਹਾਰਾਸ਼ਟਰ ਸਰਕਾਰ ਮੂਲ ਐਕਟ 1956 ਅਨੁਸਾਰ ਚੋਣ ਕਰਵਾ ਕੇ ਕਰੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦਾ ਬੋਰਡ ਕਾਇਮ- ਐਡਵੋਕੇਟ ਹਰਜਿੰਦਰ ਸਿੰਘ ਧਾਮੀ



**ਅੰਮ੍ਰਿਤਸਰ, 15 ਫ਼ਰਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਜਾਰੀ ਬਿਆਨ ਵਿੱਚ ਕਿਹਾ ਕਿ ਭਾਵੇਂ ਮਹਾਰਾਸ਼ਟਰ ਸਰਕਾਰ ਨੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਗੁਰਦੁਆਰਾ ਐਕਟ 1956 ਵਿੱਚ ਸਾਲ 2024 ਦੀ ਸੋਧ ਕਰਨ ਦੀ ਤਜਵੀਜ਼ ਦੇ ਆਪਣੇ ਕੈਬਨਿਟ ਫੈਸਲੇ ਨੂੰ ਰੋਕਣ ਦਾ ਫੈਸਲਾ ਕੀਤਾ ਹੈ, ਪਰ ਇਸ ਨਾਲ ਸਰਕਾਰੀ ਦਖ਼ਲਅੰਦਾਜ਼ੀ ਖ਼ਤਮ ਨਹੀਂ ਹੁੰਦੀ।

ਐਡਵੋਕੇਟ ਧਾਮੀ ਨੇ ਆਪਣੇ ਐਕਸ (ਪਹਿਲਾਂ ਟਵਿੱਟਰ) ਪੋਸਟ ਵਿੱਚ ਕਿਹਾ ਕਿ ਮਹਾਰਾਸ਼ਟਰ ਸਰਕਾਰ ਹੁਣ ਕਹਿ ਰਹੀ ਹੈ ਕਿ ਸਾਰੇ ਸਬੰਧਤ ਵਿਅਕਤੀਆਂ ਨਾਲ ਇਸ ਮੁੱਦੇ 'ਤੇ ਵਿਚਾਰ ਵਟਾਂਦਰਾ ਕਰਨ ਲਈ, ਉਚਿਤ ਫੈਸਲਾ ਲੈਣ ਲਈ ਇੱਕ ਕੈਬਨਿਟ ਸਬ-ਕਮੇਟੀ ਬਣਾਈ ਜਾਵੇਗੀ। ਉਨ੍ਹਾਂ ਸਰਕਾਰ ਨੂੰ ਸਵਾਲ ਉਠਾਇਆ ਕਿ ਉਹ ਅਜਿਹੀ ਦਖ਼ਲਅੰਦਾਜ਼ੀ ਵੀ ਕਿਉਂ ਕਰਨਾ ਚਾਹੁੰਦੀ ਹੈ, ਇਸ ਪਿੱਛੇ ਅਧਾਰ ਕੀ ਹੈ ਅਤੇ ਅਜਿਹਾ ਕੌਣ ਚਾਹੁੰਦਾ ਹੈ ?

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅੱਗੇ ਵਧਣ ਤੋਂ ਪਹਿਲਾਂ, ਮਹਾਰਾਸ਼ਟਰ ਸਰਕਾਰ ਨੂੰ ਨਾਂਦੇੜ ਗੁਰਦੁਆਰਾ ਮਾਮਲਿਆਂ ਵਿੱਚ ਆਪਣੀ ਪਹਿਲਾਂ ਦੀ ਦਖਲਅੰਦਾਜ਼ੀ ਨੂੰ ਪਹਿਲਾਂ ਰੱਦ ਕਰਨਾ ਚਾਹੀਦਾ ਹੈ ਜੋ ਸਾਲ 2015 ਦੇ ਆਰਡੀਨੈਂਸ ਨੰਬਰ 999 ਰਾਹੀਂ 'ਨਾਂਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਐਕਟ 1956' ਵਿੱਚ ਸੋਧ ਕਰਕੇ ਨਾਂਦੇੜ ਗੁਰਦੁਆਰਾ ਬੋਰਡ ਦਾ ਪ੍ਰਧਾਨ ਨਾਮਜ਼ਦ ਕਰਨ ਲਈ ਕੀਤੀ ਗਈ ਸੀ।

ਉਨ੍ਹਾਂ ਕਿਹਾ ਕਿ ਪਰੰਪਰਾਗਤ ਜਮਹੂਰੀ ਰਵਾਇਤ ਹੈ ਕਿ ਪ੍ਰਧਾਨ ਦੀ ਚੋਣ ਬੋਰਡ ਦੇ ਮੈਂਬਰਾਂ ਵੱਲੋਂ ਪਾਰਦਰਸ਼ੀ ਢੰਗ ਨਾਲ ਮੈਂਬਰਾਂ ਵਿੱਚੋਂ ਹੀ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਸਿੱਖ ਚਾਹੁੰਦੇ ਹਨ ਕਿ ਮੂਲ ਨਾਂਦੇੜ ਗੁਰਦੁਆਰਾ ਐਕਟ 1956 ਦੇ ਅਨੁਸਾਰ ਛੇਤੀ ਚੋਣ ਕਰਵਾਈ ਜਾਵੇ, ਤਾਂ ਜੋ ਕੌਮ ਦੀਆਂ ਭਾਵਨਾਵਾਂ ਅਨੁਸਾਰ ਬੋਰਡ ਨੂੰ ਲੋਕਤੰਤਰੀ ਢੰਗ ਨਾਲ ਕਾਰਜਸ਼ੀਲ ਬਣਾਇਆ ਜਾ ਸਕੇ।

# ਪੰਜਾਬ ਸਰਕਾਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨੂੰ ਲੈ ਕੇ ਕੈਬਨਿਟ ਮੰਤਰੀ ਪੰਜਾਬ ਨੇ ਪ੍ਰਸਾਸਨਿਕ ਅਧਿਕਾਰੀਆਂ ਨਾਲ ਕੀਤੀ ਰੀਵਿਓ ਮੀਟਿੰਗ



**ਪਠਾਨਕੋਟ,15 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਜੀ ਦੀ ਯੋਗ ਅਗਵਾਈ ਵਿੱਚ ਪੰਜਾਬ ਵਿੱਚ ਨਿਰੰਤਰ ਵਿਕਾਸ ਦੀ ਲਹਿਰ ਚੱਲ ਰਹੀ ਹੈ ਲੋਕਾਂ ਦੀ ਸੁਵਿਧਾ ਦੇ ਲਈ ਤਰ੍ਹਾਂ ਤਰ੍ਹਾਂ ਦੀ ਯੋਜਨਾਵਾਂ ਬਣਾ ਕੇ ਲਾਗੂ ਕੀਤੀਆਂ ਜਾ ਰਹੀਆਂ ਹਨ ਆਪ ਕੀ ਸਰਕਾਰ ਆਪ ਦੇ ਦੁਆਰ ਅਧੀਨ ਹੁਣ ਲੋਕ ਸੁਵਿਧਾ ਕੈਂਪ ਲਗਾ ਕੇ ਲਾਭ ਪਹੁੰਚਾ ਰਹੀ ਹੈ, ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਅਧੀਨ ਕੀਤੇ ਜਾ ਰਹੇ ਵਿਕਾਸ ਕਾਰਜਾਂ ਦਾ ਰੀਵਿਓ ਅੱਜ ਪ੍ਰਸਾਸਨਿਕ ਅਧਿਕਾਰੀਆਂ ਨਾਲ ਵਿਸੇਸ ਮੀਟਿੰਗ ਕਰਕੇ ਕੀਤਾ ਗਿਆ ਹੈ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵੱਲੋਂ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਸ੍ਰੀ ਅਦਿੱਤਿਆ ਉੱਪਲ ਡਿਪਟੀ ਕਮਿਸਨਰ ਪਠਾਨਕੋਟ ਦੀ ਪ੍ਰਧਾਨਗੀ ਆਮ ਆਦਮੀ ਪਾਰਟੀ ਦੇ ਆਹੁਦੇਦਾਰ ਅਤੇ ਪ੍ਰਸਾਸਨਿਕ ਅਧਿਕਾਰੀਆਂ ਵਿੱਚ ਆਯੋਜਿਤ ਕੀਤੀ ਇੱਕ ਮੀਟਿੰਗ ਕਰਨ ਮਗਰੋਂ ਕੀਤਾ।

ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਵਿਭੂਤੀ ਸਰਮਾ ਚੇਅਰਮੈਨ ਪੀ.ਟੀ.ਡੀ.ਸੀ., ਅੰਮਿਤ ਮੰਟੂ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਪਠਾਨਕੋਟ, ਕੈਪਟਨ ਸੁਨੀਲ ਗੁਪਤਾ ਚੇਅਰਮੈਨ ਪੈਸਕੋ ਪੰਜਾਬ, ਵਿਕਾਸ ਸੈਣੀ ਚੇਅਰਮੈਨ ਮਾਰਕਿਟ ਕਮੇਟੀ ਪਠਾਨਕੋਟ, ਠਾਕੁਰ ਮਨੋਹਰ ਸਿੰਘ, ਸਾਹਿਬ ਸਿੰਘ ਸਾਬਾ, ਰੇਖਾ ਮਣੀ ਸਰਮਾ ਜਿਲ੍ਹਾ ਮਹਿਲਾ ਪ੍ਰਧਾਨ, ਐਡਵੋਕੇਟ ਰਮੇਸ ਕੁਮਾਰ, ਸਤੀਸ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਪਰੇਟਿਵ ਬੈਂਕ ਪਠਾਨਕੋਟ, ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਸੋਹਣ ਲਾਲ ਬਲਾਕ ਪ੍ਰਧਾਨ, ਬਲਜਿੰਦਰ ਕੌਰ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਠਾਕੁਰ ਭੁਪਿੰਦਰ ਸਿੰਘ ਅਤੇ ਹੋਰ ਪਾਰਟੀ ਕਾਰਜਕਰਤਾ ਹਾਜਰ ਸਨ। ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਪੰਜਾਬ ਨੇ ਕਿਹਾ ਕਿ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਂਣ ਲਈ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੀ ਯੋਗ ਅਗਵਾਈ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਕੋਈ ਵੀ ਨਾਗਰਿਕ 1076 ਨੰਬਰ ਡਾਇਲ ਕਰਕੇ 29 ਤਰ੍ਹਾਂ ਦੀ ਸਰਕਾਰੀ ਸੇਵਾਵਾਂ ਘਰ ਬੈਠੇ ਹੀ ਪ੍ਰਾਪਤ ਕਰ ਸਕਦੇ ਹਨ, ਪਿਛਲੇ ਕਾਰਜਕਾਲ ਦੋਰਾਨ ਲੋਕਾਂ ਨੂੰ ਦਿੱਤੀ ਆਮ ਆਦਮੀ ਕਲੀਨਿਕਾਂ ਦੀ ਸੁਵਿਧਾ, ਪੰਜਾਬ ਦੇ ਨੋਜਵਾਨਾਂ ਨੂੰ 40 ਹਜਾਰ ਨੋਕਰੀਆਂ ਦਿੱਤੀਆਂ ਗਈਆਂ ਅਤੇ ਹੋਰ ਵੀ ਵਧੇਰੀਆਂ ਯੋਜਨਾਵਾਂ ਲੋਕ ਹਿੱਤ ਲਈ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅੱਜ ਜਿਲ੍ਹਾ ਪਠਾਨਕੋਟ ਅੰਦਰ ਚਲ ਰਹੇ ਵਿਕਾਸ ਕਾਰਜਾਂ ਤੇ ਰੀਵਿਓ ਕਰਨ ਦੇ ਲਈ ਜਿਲ੍ਹਾ ਪ੍ਰਸਾਸਨਿਕ ਅਧਿਕਾਰੀਆਂ ਅਤੇ ਆਮ ਆਦਮੀ ਪਾਰਟੀ ਦੇ ਆਹੁਦੇਦਾਰਾਂ ਵਿੱਚ ਮੀਟਿੰਗ ਕੀਤੀ ਗਈ ਹੈ ਜਿਸ ਦੇ ਬਹੁਤ ਵਧੀਆਂ ਨਤੀਜੇ ਸਾਹਮਣੇ ਆਏ।